@Qpatrika
@qaumipatrika punjabi
instagram.com/qaumipatrika
Largest Circulated
विश्व भर में सबसे ज्यादा पढ़ा जाने वाला
# ਕੌਮੀ ਪਤ੍ਰਿਕਾ
Qaumi Patrika NO.1
दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Saturday, 14 September 2024
VISIT: www.qaumipatrika.org
Email: qpatrika@gmail.com
Punjabi National Daily
ਨਵੀਂ ਦਿੱਲੀ: ਸ਼ਨੀਵਾਰ 14 ਸਤੰਬਰ 2024, 29 ਭਾਦੋਂ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ
R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 42, ਅੰਕ 309, qpatrika@gmail.com ਫੋਨ : 9971359517 www.qaumipatrika.org

# ਸੁਪਰੀਮ ਕੋਰਟ ਤੋਂ ਕੇਜਰੀਵਾਲ ਨੂੰ ਜਮਾਨਤ

**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 13 ਸਤੰਬਰ। ਸੁਪਰੀਮ ਕੋਰਟ ਵਲੋਂ ਸ਼ੁੱਕਰਵਾਰ ਨੂੰ ਆਬਕਾਰੀ ਨੀਤੀ 'ਘਪਲੇ' ਨਾਲ ਜੁੜੇ ਇਕ ਮਾਮਲੇ 'ਚ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਜਮਾਨਤ ਦਿੱਤੇ ਜਾਣ ਤੋਂ ਬਾਅਦ ਆਮ ਆਦਮੀ ਪਾਰਟੀ (ਆਪ) ਦੇ ਮੁੱਖ ਦਫਤਰ ਦੇ ਬਾਹਰ ਜਸਨ ਮਨਾਏ ਜਾ ਰਹੇ ਹਨ। 'ਆਪ' ਆਗੂਆਂ ਅਤੇ ਵਰਕਰਾਂ ਨੇ ਹੈੱਡਕੁਆਰਟਰ ਦੇ ਬਾਹਰ ਮਠਿਆਈਆਂ ਵੰਡੀਆਂ ਅਤੇ ਪਟਾਕੇ ਚਲਾਏ। 'ਆਪ' ਆਗੂ ਮਨੀਸ ਸਿਸੋਦੀਆ ਦੇ ਘਰ ਦੇ ਬਾਹਰ ਵੀ ਮਠਿਆਈਆਂ ਵੰਡੀਆਂ ਗਈਆਂ। ਕੇਜਰੀਵਾਲ ਦੀ ਪਤਨੀ ਸੁਨੀਤਾ ਕੇਜਰੀਵਾਲ ਵੀ ਮਠਿਆਈ ਵੰਡਦੇ ਹੋਏ ਨਜਰ ਆਏ। ਸੁਪਰੀਮ ਕੋਰਟ ਵੱਲੋਂ ਕੇਜਰੀਵਾਲ ਨੂੰ ਜਮਾਨਤ ਦਿੱਤੇ ਜਾਣ ਤੋਂ ਤੁਰੰਤ ਬਾਅਦ 'ਆਪ' ਆਗੂ ਅਤੇ ਵਰਕਰ ਪਾਰਟੀ ਹੈੱਡਕੁਆਰਟਰ ਦੇ ਬਾਹਰ ਇਕੱਠੇ ਹੋ ਗਏ ਅਤੇ ਜਸਨ ਮਨਾਉਣ ਲੱਗੇ। ਸੁਪਰੀਮ ਕੋਰਟ ਨੇ ਆਬਕਾਰੀ ਨੀਤੀ 'ਘਪਲੇ' ਦੇ ਸਬੰਧ ਵਿਚ ਇਨਫੋਰਸਮੈਂਟ ਡਾਇਰੈਕਟੋਰੇਟ ਵੱਲੋਂ ਦਰਜ ਕੀਤੇ ਮਨੀ ਲਾਂਡਰਿੰਗ ਮਾਮਲੇ ਵਿਚ ਪਹਿਲਾਂ ਹੀ ਕੇਜਰੀਵਾਲ ਅੰਤਰਿਮ ਜਮਾਨਤ ਦੇ ਦਿੱਤੀ ਸੀ। ਸੁਪਰੀਮ ਕੋਰਟ ਦੇ ਜਸਟਿਸ ਸੂਰਿਆਕਾਂਤ ਅਤੇ ਜਸਟਿਸ ਉੱਜਵਲ ਭੁਈਆਂ ਦੀ ਬੈਂਚ ਨੇ ਸ਼ਰਤਾਂ ਅਤੇ 10 ਲੱਖ ਦੇ ਨਿੱਜੀ ਮੁਚਲਕੇ 'ਤੇ ਕੇਜਰੀਵਾਲ ਨੂੰ ਜਮਾਨਤ ਦਿੱਤੀ ਹੈ। ਕੇਜਰੀਵਾਲ ਨੂੰ ਜਮਾਨਤ ਮਿਲਣ ਮਗਰੋਂ ਆਮ ਆਦਮੀ ਪਾਰਟੀ ਦੇ



ਨੇਤਾਵਾਂ 'ਚ ਖੁਸ਼ੀ ਦਾ ਮਾਹੌਲ ਹੈ। ਤਿਹਾੜ ਜੇਲ੍ਹ ਵਿਚ ਬੰਦ ਕੇਜਰੀਵਾਲ ਨੂੰ ਸੁਪਰੀਮ ਕੋਰਟ ਨੇ 156 ਦਿਨਾਂ ਬਾਅਦ ਜਮਾਨਤ ਦਿੱਤੀ ਹੈ। ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਪਤਨੀ ਸੁਨੀਤਾ ਨੇ ਸ਼ੁੱਕਰਵਾਰ ਨੂੰ ਆਪਣੇ ਪਤੀ ਨੂੰ ਜਮਾਨਤ ਦਿੱਤੇ ਜਾਣ ਦੇ ਸੁਪਰੀਮ ਕੋਰਟ ਦੇ ਫੈਸਲੇ 'ਤੇ ਆਮ ਆਦਮੀ ਪਾਰਟੀ (ਆਪ) ਨੂੰ ਵਧਾਈ ਦਿੱਤੀ ਅਤੇ ਤਿਹਾੜ ਜੇਲ੍ਹ 'ਚ ਬੰਦ ਹੋਰ ਆਗੂਆਂ ਦੀ ਰਿਹਾਈ ਦੀ ਕਾਮਨਾ ਕੀਤੀ। ਆਬਕਾਰੀ ਨੀਤੀ ਘਪਲੇ ਨਾਲ ਜੁੜੇ ਭ੍ਰਿਸ਼ਟਾਚਾਰ ਦੇ ਮਾਮਲੇ 'ਚ ਸ਼ੁੱਕਰਵਾਰ ਨੂੰ ਸੁਪਰੀਮ ਕੋਰਟ ਨੇ ਕੇਜਰੀਵਾਲ ਨੂੰ ਜਮਾਨਤ ਦੇ ਦਿੱਤੀ। ਸਾਬਕਾ ਦਿੱਲੀ ਮੰਤਰੀ ਸਤੇਂਦਰ ਜੈਨ ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਦੇ ਇਕ ਵੱਖ ਮਨੀ ਲਾਂਡਰਿੰਗ ਮਾਮਲੇ 'ਚ ਜੇਲ੍ਹ 'ਚ ਹਨ। ਸੁਨੀਤਾ ਨੇ 'ਐਕਸ' 'ਤੇ ਪੋਸਟ ਕਰ ਕੇ ਕਿਹਾ,"ਆਪ ਪਰਿਵਾਰ ਨੂੰ ਵਧਾਈ! ਮਜਬੂਤ ਬਣੇ ਰਹਿਣ ਲਈ ਵਧਾਈ। ਸਾਡੇ ਹੋਰ ਆਗੂਆਂ ਦੀ ਵੀ ਜਲਦ ਰਿਹਾਈ ਦੀ ਕਾਮਨਾ ਕਰਦੀ ਹਾਂ।" ਜੱਜ ਸੂਰੀਆਕਾਂਤ ਅਤੇ ਜੱਜ ਉੱਜਵਲ ਭੂਈਆਂ ਦੀ ਬੈਂਚ ਨੇ ਕੇਜਰੀਵਾਲ ਨੂੰ 10 ਲੱਖ ਰੁਪਏ ਦੇ ਜਮਾਨਤ ਬਾਂਡ ਅਤੇ 2 ਜਮਾਨਤ ਰਾਸ਼ੀਆਂ 'ਤੇ ਰਾਹਤ ਦਿੱਤੀ। ਸੁਪਰੀਮ ਕੋਰਟ ਨੇ ਕੇਜਰੀਵਾਲ ਨੂੰ ਮਾਮਲੇ ਦੇ ਗੁਣ ਦੋਸ਼ 'ਤੇ ਕੋਈ ਜਨਤਕ ਟਿੱਪਣੀ ਨਹੀਂ ਕਰਨ ਦਾ ਨਿਰਦੇਸ਼ ਦਿੱਤਾ। ਦਿੱਲੀ ਦੇ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਨੂੰ ਸੁਪਰੀਮ ਕੋਰਟ ਵੱਲੋਂ ਅੱਜ ਜਮਾਨਤ ਦੇ ਦਿੱਤੀ ਗਈ ਹੈ। ਅਰਵਿੰਦ ਕੇਜਰੀਵਾਲ ਨੂੰ ਜਮਾਨਤ ਮਿਲਣ ਮਗਰੋਂ ਪੰਜਾਬ ਦੇ ਮੁੱਖ ਮੰਤਰੀ ਚੰਡੀਗੜ੍ਹ ਤੋਂ ਦਿੱਲੀ ਦੌਰੇ ਲਈ ਰਵਾਨਾ ਹੋ ਗਏ ਹਨ, ਜਿੱਥੇ ਉਹ ਅਰਵਿੰਦ ਕੇਜਰੀਵਾਲ ਨਾਲ ਮੁਲਾਕਾਤ ਕਰਨਗੇ। ਮੁੱਖ ਮੰਤਰੀ ਭਗਵੰਤ ਮਾਨ ਕੇਜਰੀਵਾਲ ਨੂੰ ਮਿਲਣ ਲਈ ਤਿਹਾੜ ਜੇਲ੍ਹ ਵੀ ਜਾ ਸਕਦੇ ਹਨ। ਦੱਸ ਦੇਈਏ ਕਿ ਅਰਵਿੰਦ ਕੇਜਰੀਵਾਲ ਅੱਜ ਸ਼ਾਮ ਤੱਕ ਜੇਲ੍ਹ ਵਿਚੋਂ ਬਾਹਰ ਆ ਸਕਦੇ ਹਨ। ਦੱਸ ਦਈਏ ਕਿ ਸ਼ਰਾਬ ਨੀਤੀ ਘਪਲੇ ਮਾਮਲੇ 'ਚ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਸੁਪਰੀਮ ਕੋਰਟ ਤੋਂ ਵੱਡੀ ਰਾਹਤ ਮਿਲੀ ਹੈ। ਕੇਜਰੀਵਾਲ ਦੀ ਜਮਾਨਤ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਸੁਪਰੀਮ ਕੋਰਟ ਨੇ ਅੱਜ ਯਾਨੀ ਕਿ ਸ਼ੁੱਕਰਵਾਰ ਨੂੰ ਜਮਾਨਤ ਦੇ ਦਿੱਤੀ ਹੈ। ਜਸਟਿਸ ਸੂਰਿਆਕਾਂਤ ਅਤੇ ਜਸਟਿਸ ਉੱਜਵਲ ਭੁਈਆਂ ਦੀ ਬੈਂਚ ਨੇ ਇਹ ਫੈਸਲਾ ਸੁਣਾਇਆ। ਸੁਪਰੀਮ ਕੋਰਟ ਦੀ ਬੈਂਚ ਨੇ ਕੇਜਰੀਵਾਲ ਨੂੰ 10 ਲੱਖ ਰੁਪਏ ਦੇ ਮੁਚਲਕੇ ਅਤੇ ਦੋ ਜਮਾਨਤ ਰਾਸ਼ੀਆਂ 'ਤੇ ਜਮਾਨਤ ਦਿੱਤੀ ਹੈ। ਤਿਹਾੜ ਜੇਲ੍ਹ ਵਿਚ ਬੰਦ ਕੇਜਰੀਵਾਲ ਨੂੰ ਸੁਪਰੀਮ ਕੋਰਟ ਨੇ 156 ਦਿਨਾਂ ਬਾਅਦ ਜਮਾਨਤ ਦਿੱਤੀ ਹੈ।

## ਭਾਰਤੀ ਪ੍ਰਸ਼ਾਸਨਿਕ ਸੇਵਾ ਅਧਿਕਾਰੀ ਅਤੇ ਹੋਰਨਾਂ ਖਿਲਾਫ ਛਾਪੇਮਾਰੀ

ਪਟਨਾ 13 ਸਤੰਬਰ। ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਬਿਹਾਰ ਕੈਡਰ ਦੇ ਭਾਰਤੀ ਪ੍ਰਸ਼ਾਸਨਿਕ ਸੇਵਾ () ਅਧਿਕਾਰੀ ਸੰਜੀਵ ਹੰਸ, ਰਾਸ਼ਟਰੀ ਜਨਤਾ ਦਲ (ਰਾਜਦ) ਦੇ ਸਾਬਕਾ ਵਿਧਾਇਕ ਗੁਲਾਬ ਯਾਦਵ ਅਤੇ ਕੁਝ ਹੋਰ ਲੋਕਾਂ ਖਿਲਾਫ ਮਨੀ ਲਾਂਡਰਿੰਗ ਦੀ ਜਾਂਚ ਦੇ ਸਿਲਸਿਲੇ 'ਚ ਛਾਪੇਮਾਰੀ ਕੀਤੀ। ਇਸ ਛਾਪੇਮਾਰੀ ਦੌਰਾਨ 90 ਲੱਖ ਰੁਪਏ ਨਕਦ ਅਤੇ 13 ਕਿਲੋਗ੍ਰਾਮ ਚਾਂਦੀ ਜਬਤ ਕੀਤੀ ਗਈ ਹੈ। ਛਾਪੇ ਇਸ ਹਫਤੇ ਦੀ ਸ਼ੁਰੂਆਤ 'ਚ ਦਿੱਲੀ 'ਚ ਦੋ ਥਾਵਾਂ ਅਤੇ ਕੋਲਕਾਤਾ ਤੇ ਮੁੰਬਈ 'ਚ ਕੁਝ ਥਾਵਾਂ 'ਤੇ ਮਾਰੇ ਗਏ। ਸੂਤਰਾਂ ਨੇ ਦੱਸਿਆ ਕਿ ਬਿਹਾਰ ਊਰਜਾ ਨਿਗਮ 'ਚ ਪ੍ਰਧਾਨ ਸਕੱਤਰ ਰਹਿ ਚੁੱਕੇ 1997 ਬੈਂਚ ਦੇ ਅਧਿਕਾਰੀ ਹੰਸ ਦੇ ਕੁਝ ਪੁਰਾਣੇ ਸਹਿਯੋਗੀਆਂ ਖਿਲਾਫ ਦੋ ਦਿਨਾਂ ਤੱਕ ਛਾਪੇ ਮਾਰੇ ਗਏ। ਸੂਤਰਾਂ ਮੁਤਾਬਕ ਤਾਜਾ ਛਾਪੇਮਾਰੀ ਵਿਚ ਕਰੀਬ 90 ਲੱਖ ਰੁਪਏ ਨਕਦ ਅਤੇ 13 ਕਿਲੋਗ੍ਰਾਮ ਚਾਂਦੀ ਜਬਤ ਕੀਤੀ ਗਈ। ਸੰਘੀ ਏਜੰਸੀ ਨੇ ਇਸ ਮਾਮਲੇ 'ਚ ਪਹਿਲੀ ਵਾਰ ਛਾਪੇਮਾਰੀ ਜੁਲਾਈ ਵਿਚ ਕੀਤੀ ਸੀ। ਏਜੰਸੀ ਨੇ ਉਦੋਂ ਇਕ ਬਿਆਨ 'ਚ ਕਿਹਾ ਸੀ ਕਿ ਏਜੰਸੀ ਦੇ ਅਧਿਕਾਰੀਆਂ ਨੇ ਇਕ ਦਰਜਨ ਤੋਂ ਵੱਧ ਮਹਿੰਗੀਆਂ ਘੜੀਆਂ, 1 ਕਿਲੋਗ੍ਰਾਮ ਸੋਨੇ ਦੇ ਗਹਿਣੇ ਅਤੇ ਕੁਝ ਨਿਵੇਸ਼ ਸਬੰਧੀ ਕਾਗਜਾਤ ਜਬਤ ਕੀਤੇ ਹਨ। ਅਗਸਤ 'ਚ ਪਟਨਾ ਹਾਈ ਕੋਰਟ ਨੇ ਹੰਸ ਖਿਲਾਫ ਇਕ ਔਰਤ ਵਲੋਂ ਦਰਜ ਕਰਵਾਈ ਗਈ ਸੂਬਾਈ ਪੁਲਸ ਦੀ ਇਕ ਨੂੰ ਖਾਰਜ ਕਰ ਦਿੱਤਾ ਸੀ, ਜਿਸ ਵਿਚ ਉਨ੍ਹਾਂ 'ਤੇ ਜਬਰ-ਜਿ?ਨਾਹ ਦਾ ਦੋਸ਼ ਲਾਇਆ ਗਿਆ ਸੀ। ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਸੀ ਕਿ ਹੰਸ ਅਤੇ ਯਾਦਵ ਨੇ ਉਸ ਨਾਲ ਜਬਰ-ਜਿ?ਨਾਹ ਕੀਤਾ ਸੀ। ਯਾਦਵ ਬਿਹਾਰ ਦੇ ਸਾਬਕਾ ਮੁੱਖ ਮੰਤਰੀ ਲਾਲੂ ਪ੍ਰਸਾਦ ਦੀ ਰਾਜਦ ਦੇ ਸਾਬਕਾ ਵਿਧਾਇਕ ਹਨ ਅਤੇ ਉਨ੍ਹਾਂ ਨੇ 2015 ਤੋਂ 2020 ਵਿਚਾਲੇ ਮਧੂਬਨੀ ਜਿ?ਲ੍ਹੇ ਦੀ ਝੰਝਾਰਪੁਰ ਵਿਧਾਨ ਸਭਾ ਸੀਟ ਦੀ ਨੁਮਾਇੰਦਗੀ ਕੀਤੀ।

## ਸਾਡੀ ਆਵਾਜ ਕੋਈ ਨਹੀਂ ਦਬਾ ਸਕਦਾ, ਸੱਚ ਸਾਡੇ ਨਾਲ ਹੈ: ਇੰਜੀਨੀਅਰ ਰਾਸ਼ਿਦ

ਸ੍ਰੀਨਗਰ 13 ਸਤੰਬਰ। 5 ਸਾਲ ਤੋਂ ਵੱਧ ਸਮੇਂ ਤੱਕ ਜੇਲ੍ਹ 'ਚ ਰਹਿਣ ਮਗਰੋਂ ਘਰ ਪਰਤੇ ਸੰਸਦ ਮੈਂਬਰ ਸ਼ੇਖ ਅਬਦੁੱਲ ਰਸ਼ੀਦ ਉਰਫ ਇੰਜੀਨੀਅਰ ਰਾਸ਼ਿਦ ਨੇ ਕਿਹਾ ਕਿ ਕਸ਼ਮੀਰ ਦੇ ਲੋਕਾਂ ਤੋਂ ਜਿ?ਆਦਾ ਕਿਸੇ ਹੋਰ ਨੂੰ ਸ਼ਾਂਤੀ ਦੀ ਲੋੜ ਨਹੀਂ ਹੈ ਪਰ ਇਹ ਸ਼ਾਂਤੀ ਸਾਡੀਆਂ ਸ਼ਰਤਾਂ 'ਤੇ ਆਵੇਗੀ ਨਾ ਕਿ ਕੇਂਦਰ ਸਰਕਾਰ ਦੀ ਸ਼ਰਤਾਂ 'ਤੇ। ਉਨ੍ਹਾਂ ਕਿਹਾ ਕਿ ਅਸੀਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਦੱਸਣਾ ਚਾਹੁੰਦੇ ਹਾਂ ਕਿ ਸਾਡੇ ਤੋਂ ਜਿ?ਆਦਾ ਕਿਸੇ ਨੂੰ ਸ਼ਾਂਤੀ ਦੀ



ਲੋੜ ਨਹੀਂ ਹੈ ਪਰ ਇਹ ਸ਼ਾਂਤੀ ਸਾਡੀਆਂ ਸ਼ਰਤਾਂ 'ਤੇ ਆਵੇਗੀ, ਤੁਹਾਡੀਆਂ ਸ਼ਰਤਾਂ 'ਤੇ ਨਹੀਂ। ਸਾਨੂੰ ਕਬਰਸਤਾਨ ਵਰਗੀ ਸ਼ਾਂਤੀ ਨਹੀਂ ਚਾਹੀਦੀ, ਸਗੋਂ ਸਨਮਾਨਪੂਰਵਕ ਸ਼ਾਂਤੀ ਚਾਹੀਦੀ ਹੈ। ਹਵਾਈ ਅੱਡੇ ਦੇ ਬਾਹਰ ਉਨ੍ਹਾਂ ਦਾ ਸਵਾਗਤ ਕਰਨ ਲਈ ਇਕੱਠੇ ਹੋਏ ਆਪਣੇ ਸਮਰਥਕਾਂ ਦਾ ਧੰਨਵਾਦ ਜਾਹਰ ਕਰਦਿਆਂ ਰਾਸ਼ਿਦ ਨੇ ਕਿਹਾ ਕਿ ਉਹ ਕਸ਼ਮੀਰ ਦੇ ਲੋਕਾਂ ਨੂੰ ਇਹ ਸੁਨੇਹਾ ਦੇਣਾ ਚਾਹੁੰਦੇ ਹਨ ਕਿ ਉਹ ਬਿਲਕੁਲ ਵੀ ਕਮਜੋਰ ਨਹੀਂ ਹਨ। ਉਨ੍ਹਾਂ ਨੇ ਕੇਂਦਰ ਵਲੋਂ ਧਾਰਾ-370 ਨੂੰ ਹਟਾਏ ਜਾਣ ਦਾ ਜਿ?ਕਰ ਕਰਦਿਆਂ ਕਿਹਾ ਕਿ ਕਸ਼ਮੀਰ ਦੇ ਲੋਕ ਜਿੱਤਣਗੇ ਕਿਉਂਕਿ ਜੰਮੂ-ਕਸ਼ਮੀਰ ਦੇ ਲੋਕ ਸੱਚਾਈ ਦੇ ਰਾਹ 'ਤੇ ਹਨ। ਨਰਿੰਦਰ ਮੋਦੀ ਵਲੋਂ 5 ਅਗਸਤ 2019 ਨੂੰ ਲਏ ਗਏ ਫੈਸਲੇ ਸਾਨੂੰ ਪੂਰੀ ਤਰ੍ਹਾਂ ਨਾ-ਮਨਜੂਰ ਹਨ। ਚਾਹੇ ਤੁਸੀਂ ਇੰਜੀਨੀਅਰ ਰਾਸ਼ਿਦ ਨੂੰ ਤਿਹਾੜ ਭੇਜੋ ਜਾਂ ਕਿਤੇ ਹੋਰ, ਅਸੀਂ ਜਿਤਾਂਗੇ। ਆਪਣੇ ਪੁੱਤਰ ਅਤੇ ਪਾਰਟੀ ਨੇਤਾਵਾਂ ਨਾਲ ਘਿਰੇ ਰਾਸ਼ਿਦ ਨੇ ਆਪਣੇ ਸਮਰਥਕਾਂ ਨੂੰ ਹਿੰਮਤ ਨਾ ਹਾਰਨ ਨੂੰ ਕਿਹਾ। ਉਨ੍ਹਾਂ ਕਿਹਾ ਕਿ ਸੱਚ ਸਾਡੇ ਨਾਲ ਹੈ। ਧਰਤੀ 'ਤੇ ਕੋਈ ਵੀ ਚਾਹੇ ਉਹ ਨਰਿੰਦਰ ਮੋਦੀ ਹੋਣ, ਅਮਿਤ ਸ਼ਾਹ ਹੋਣ, ਸਾਡੀ ਆਵਾਜ ਨੂੰ ਦਬਾਅ ਨਹੀਂ ਸਕਦਾ। ਅਸੀਂ ਸੱਚ ਨਾਲ ਹਾਂ ਅਤੇ ਸੱਚਾਈ ਦੀ ਜਿੱਤ ਹੋਵੇਗੀ। ਅਸੀਂ ਚਾਹੁੰਦੇ ਹਾਂ ਕਿ ਸਾਡੇ ਨਾਲ ਇਨਸਾਨਾਂ ਵਰਗਾ ਵਤੀਰਾ ਕੀਤਾ ਜਾਵੇ।

## ਮੁੱਖ ਮੰਤਰੀ ਦਾ ਅਹੁਦਾ ਖਾਲੀ ਨਹੀਂ, ਮੈਂ ਹੀ ਇਸ ਭੂਮਿਕਾ 'ਚ ਬਣਿਆ ਰਹਾਂਗਾ: ਸਿੱਧਰਮਈਆ

ਬੈਂਗਲੁਰੂ 13 ਸਤੰਬਰ। ਕਰਨਾਟਕ ਦੇ ਮੁੱਖ ਮੰਤਰੀ ਸਿੱਧਰਮਈਆ ਨੇ ਬੁੱਧਵਾਰ ਸਪੱਸਟ ਕੀਤਾ ਕਿ ਸੂਬੇ ਦੇ ਮੁੱਖ ਮੰਤਰੀ ਦਾ ਅਹੁਦਾ ਖਾਲੀ ਨਹੀਂ ਹੈ ਕਿ ਕੋਈ ਵੀ ਇਸ 'ਤੇ ਕਬਜਾ ਕਰਨ ਦੀ ਕੋਸਿ?ਸ ਕਰੇ। ਮੈਂ ਹੀ ਮੁੱਖ ਮੰਤਰੀ ਬਣਿਆ ਰਹਾਂਗਾ। ਕਰਨਾਟਕ ਦੇ ਰਾਜਪਾਲ ਨੇ ਪਲਾਟ ਅਲਾਟਮੈਂਟ ਘਪਲੇ ਸਬੰਧੀ ਮੁੱਖ ਮੰਤਰੀ ਵਿਰੁੱਧ ਮੁਕੱਦਮਾ ਚਲਾਉਣ ਨੂੰ ਮਨਜੂਰੀ ਦਿੱਤੀ ਹੈ। ਸਿੱਧਰਮਈਆ ਨੇ ਰਾਜਪਾਲ ਦੇ ਉਕਤ ਫੈਸਲੇ ਨੂੰ ਹਾਈ ਕੋਰਟ 'ਚ ਚੁਣੌਤੀ ਦਿੱਤੀ ਹੈ। ਲੀਡਰਸਿ?ਪ ਬਦਲਣ ਦੀਆਂ ਸੰਭਾਵਨਾਵਾਂ ਨੂੰ ਮੁੱਖ ਰੱਖਦਿਆਂ ਕੁਝ ਕਾਂਗਰਸੀ ਆਗੂਆਂ ਨੇ ਮੁੱਖ ਮੰਤਰੀ ਬਣਨ ਦੀ ਕੋਸਿ?ਸ ਸੁਰੂ ਕਰ ਦਿੱਤੀ ਹੈ।

## ਜਨਨਾਇਕ ਜਨਤਾ ਪਾਰਟੀ- ਆਜਾਦ ਸਮਾਜ ਪਾਰਟੀ ਗਠਜੋੜ ਨੇ 13 ਹੋਰ ਉਮੀਦਵਾਰਾਂ ਦੇ ਐਲਾਨੇ ਨਾਂ

ਚੰਡੀਗੜ੍ਹ 13 ਸਤੰਬਰ। ਜਨਨਾਇਕ ਜਨਤਾ ਪਾਰਟੀ, ਆਜਾਦ ਸਮਾਜ ਪਾਰਟੀ ਗਠਜੋੜ ਨੇ ਹਰਿਆਣਾ 'ਚ 5 ਅਕਤੂਬਰ ਨੂੰ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਵੀਰਵਾਰ ਨੂੰ ਆਪਣੀ 6ਵੀਂ ਸੂਚੀ 'ਚ 13 ਹੋਰ ਉਮੀਦਵਾਰਾਂ ਦੇ ਨਾਂ ਐਲਾਨ ਕੀਤੇ। ਗਠਜੋੜ ਨੇ ਸੀਨੀਅਰ ਆਗੂ ਰਮੇਸ਼ ਖਟਕ ਨੂੰ ਖਰਖੌਦਾ ਸੀਟ ਤੋਂ ਚੋਣ ਮੈਦਾਨ ਵਿਚ ਉਤਾਰਿਆ ਹੈ। ਇਨ੍ਹਾਂ 13 ਉਮੀਦਵਾਰਾਂ ਵਿਚੋਂ ਆਜਾਦ ਸਮਾਜ ਪਾਰਟੀ ਨੇ ਭਿਵਾਨੀ, ਬਹਾਦੁਰਗੜ੍ਹ, ਮਹਿੰਦਰਗੜ੍ਹ ਅਤੇ ਬਾਦਸ਼ਾਹਪੁਰ ਸੀਟ ਤੋਂ ਚੋਣ ਲੜ ਰਹੀ ਹੈ। ਸੂਚੀ ਮੁਤਾਬਕ ਜਨਨਾਇਤ ਜਨਤਾ ਪਾਰਟੀ ਨੇ ਸੋਨੀਪਤ 'ਚ ਖਰਖੌਦਾ ਸੀਟ ਨਾਲ ਕਰਨਾਲ, ਪਾਨੀਪਤ ਸ਼ਹਿਰ, ਨਰਵਾਨਾ, ਉਕਲਾਨਾ, ਨਾਰਨੌਂਦ, ਲੋਹਾਰੂ, ਨਾਂਗਲ ਚੌਧਰੀ ਅਤੇ ਬੜਖਲ ਸੀਟਾਂ ਤੋਂ ਉਮੀਦਵਾਰ ਉਤਾਰੇ ਹਨ। ਦੋਵੇਂ ਸਹਿਯੋਗੀ ਪਾਰਟੀਆਂ ਨੇ 90 ਸੀਟਾਂ ਵਿਚੋਂ ਹੁਣ ਤੱਕ 77 ਉਮੀਦਵਾਰਾਂ ਦਾ ਐਲਾਨ ਕੀਤਾ ਹੈ। ਇਨ੍ਹਾਂ ਵਿਚੋਂ 61 ਤੋਂ ਹਨ। ਵੀਰਵਾਰ ਨੂੰ ਨਾਮਜਦਗੀ ਦਾਖਲ ਕਰਨ ਦਾ ਆਖਰੀ ਦਿਨ ਹੈ। ਸਾਬਕਾ ਉਪ ਮੁੱਖ ਮੰਤਰੀ ਦੁਸਯੰਤ ਚੌਟਾਲਾ ਆਪਣੀ ਉਚਾਨਾ ਕਲਾਂ ਸੀਟ ਤੋਂ ਚੋਣ ਲੜ ਰਹੇ ਹਨ। ਨੇ ਦੁਸਯੰਤ ਦੇ ਭਰਾ ਅਤੇ ਸੀਨੀਅਰ ਨੇਤਾ ਦਿਗਵਿਜੇ ਸਿੰਘ ਚੌਟਾਲਾ ਨੂੰ ਵੀ ਮੈਦਾਨ 'ਚ ਉਤਾਰਿਆ ਹੈ। ਸਾਬਕਾ ਸੰਸਦ ਮੈਂਬਰ ਅਜੈ ਸਿੰਘ ਚੌਟਾਲਾ ਦੀ ਅਗਵਾਈ ਵਾਲੀ ਜੇ. ਜੇ. ਪੀ ਅਤੇ ਚੰਦਰ ਸੇਖਰ ਆਜਾਦ ਦੀ ਅਗਵਾਈ ਵਾਲੀ ਆਜਾਦ ਸਮਾਜ ਪਾਰਟੀ (ਕਾਂਸੀ ਰਾਮ) ਨੇ ਹਰਿਆਣਾ ਵਿਧਾਨ ਸਭਾ ਚੋਣਾਂ ਵਿੱਚ ਗੱਠਜੋੜ ਦਾ ਐਲਾਨ ਕਰਦਿਆਂ ਕਿਹਾ ਸੀ ਕਿ ਜੇ. ਜੇ. ਪੀ 90 'ਚੋਂ 70 ਵਿਧਾਨ ਸਭਾ ਸੀਟਾਂ 'ਤੇ ਚੋਣ ਲੜੇਗੀ ਜਦਕਿ ਬਾਕੀ ਆਜਾਦ ਸਮਾਜ ਪਾਰਟੀ ਚੋਣਾਂ ਲੜੇਗੀ। ਹਾਲਾਂਕਿ ਬਾਅਦ 'ਚ ਦੋਵਾਂ ਪਾਰਟੀਆਂ ਨੇ ਸਾਬਕਾ ਮੰਤਰੀ ਰਣਜੀਤ ਸਿੰਘ ਚੌਟਾਲਾ ਨੂੰ ਟਿਕਟ ਨਾ ਮਿਲਣ ਕਾਰਨ ਭਾਰਤੀ ਜਨਤਾ ਪਾਰਟੀ (ਭਾਜਪਾ) ਛੱਡ ਚੁੱਕੇ ਸਾਬਕਾ ਮੰਤਰੀ ਰਣਜੀਤ ਸਿੰਘ ਚੌਟਾਲਾ ਨੂੰ ਰਾਨੀਆ ਵਿਧਾਨ ਸਭਾ ਸੀਟ ਤੋਂ ਸਮਰਥਨ ਦੇਣ ਦਾ ਫੈਸਲਾ ਕੀਤਾ ਹੈ।

# ਹਰਿਆਣਾ 'ਚ ਕਾਂਗਰਸ ਦੇ ਸਟਾਰ ਪ੍ਰਚਾਰਕ ਹੋਣਗੇ ਸੋਨੀਆ ਗਾਂਧੀ

**ਏਜੰਸੀਆਂ**

ਹਰਿਆਣਾ 13 ਸਤੰਬਰ। ਹਰਿਆਣਾ ਵਿਧਾਨ ਸਭਾ ਚੋਣਾਂ ਲਈ ਕਾਂਗਰਸ ਦੇ ਸਟਾਰ ਪ੍ਰਚਾਰਕਾਂ 'ਚ ਪਾਰਟੀ ਪ੍ਰਧਾਨ ਮਲਿਕਾਰਜੁਨ ਖੜਗੇ, ਸੰਸਦੀ ਦਲ ਦੀ ਮੁਖੀ ਸੋਨੀਆ ਗਾਂਧੀ, ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ, ਪਾਰਟੀ ਜਨਰਲ ਸਕੱਤਰ ਪ੍ਰਿਯੰਕਾ ਗਾਂਧੀ ਵਾਡਰਾ ਅਤੇ ਸਾਬਕਾ ਮੁੱਖ ਮੰਤਰੀ ਭੂਪਿੰਦਰ ਸਿੰਘ ਹੁੱਡਾ ਸ਼ਾਮਲ ਹਨ। ਕਾਂਗਰਸ ਜਨਰਲ ਸਕੱਤਰ ਰਣਦੀਪ ਸੁਰਜੇਵਾਲਾ ਅਤੇ ਕੁਮਾਰੀ ਸੈਲਜਾ ਨੂੰ ਵੀ ਸਟਾਰ ਪ੍ਰਚਾਰਕ ਣਾਇਆ ਗਿਆ ਹੈ। ਪਹਿਲਵਾਨ ਵਿਨੇਸ਼ ਫੋਗਾਟ ਅਤੇ ਬਜਰੰਗ ਪੂਨੀਆ ਦੇ ਨਾਂ ਵੀ ਪਾਰਟੀ ਦੇ ਸਟਾਰ ਪ੍ਰਚਾਰਕਾਂ ਦੀ ਸੂਚੀ 'ਚ ਹਨ। ਇਸ ਤੋਂ ਇਲਾਵਾ ਕਾਂਗਰਸ ਦੇ ਸਟਾਰ ਪ੍ਰਚਾਰਕਾਂ 'ਚ ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ, ਪਾਰਟੀ ਦੇ ਹਰਿਆਣਾ ਇੰਚਾਰਜ ਦੀਪਕ ਬਾਬਰੀਆ, ਪਾਰਟੀ ਦੀ ਰਾਜ ਇਕਾਈ ਦੇ ਮੁਖੀ ਉਦੇ ਭਾਨ ਅਤੇ ਸੀਨੀਅਰ ਨੇਤਾ ਅਜੇ ਮਾਕਨ, ਬੀਰੇਂਦਰ ਸਿੰਘ, ਆਨੰਦ ਸ਼ਰਮਾ ਅਤੇ ਸਚਿਨ ਪਾਇਲਟ ਸ਼ਾਮਲ ਹਨ। ਸਟਾਰ ਪ੍ਰਚਾਰਕਾਂ ਦੀ ਸੂਚੀ 'ਚ ਅਸ਼ੋਕ ਗਹਿਲੋਤ, ਭੂਪੇਸ਼ ਬਘੇਲ, ਚਰਨਜੀਤ



ਸਿੰਘ ਚੰਨੀ ਅਤੇ ਕਈ ਹੋਰ ਆਗੂਆਂ ਨੂੰ ਵੀ ਸ਼ਾਮਲ ਕੀਤਾ ਗਿਆ ਹੈ। ਹਰਿਆਣਾ ਦੀ 90 ਮੈਂਬਰੀ ਵਿਧਾਨ ਸਭਾ ਲਈ 5 ਅਕਤੂਬਰ ਨੂੰ ਇਕ ਪੜਾਅ 'ਚ ਵੋਟਿੰਗ ਹੋਵੇਗੀ ਅਤੇ ਵੋਟਾਂ ਦੀ ਗਿਣਤੀ 8 ਅਕਤੂਬਰ ਨੂੰ ਹੋਵੇਗੀ।

# ਦੇਸ਼ ਨੂੰ ਤੋੜਨ ਵਾਲੀਆਂ ਤਾਕਤਾਂ ਨਾਲ ਖੜ੍ਹੇ ਹੋਣਾ ਰਾਹੁਲ ਦੀ ਆਦਤ: ਸ਼ਾਹ

**ਨਵਦੀਪ ਸਿੰਘ ਸਾਹਨੀ**

ਨਵੀਂ ਦਿੱਲੀ 13 ਸਤੰਬਰ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਰਾਹੁਲ ਗਾਂਧੀ 'ਤੇ ਦੇਸ਼ ਵਿਰੋਧੀ ਗੱਲਾਂ ਕਰਨ ਅਤੇ ਦੇਸ਼ ਨੂੰ ਤੋੜਨ ਵਾਲੀਆਂ ਤਾਕਤਾਂ ਨਾਲ ਖੜ੍ਹੇ ਹੋਣ ਦਾ ਦੋਸ਼ ਲਾਇਆ ਅਤੇ ਕਿਹਾ ਕਿ ਉਨ੍ਹਾਂ ਨੇ ਦੇਸ਼ ਦੀ ਸੁਰੱਖਿਆ ਨੂੰ ਹਮੇਸ਼ਾ ਖਤਰੇ 'ਚ ਪਾਇਆ ਹੈ। ਸ਼ਾਹ ਨੇ ਰਾਖਵੇਂਕਰਨ ਨਾਲ ਸਬੰਧਤ ਟਿੱਪਣੀਆਂ ਲਈ ਰਾਹੁਲ ਗਾਂਧੀ 'ਤੇ ਵੀ ਨਿਸਾਨਾ ਵਿੰਨ੍ਹਿਆ ਅਤੇ ਕਿਹਾ ਕਿ ਜਦੋਂ ਤੱਕ ਉਨ੍ਹਾਂ ਦੀ ਪਾਰਟੀ ਹੈ, ਕੋਈ ਵੀ ਰਾਖਵੇਂਕਰਨ ਨੂੰ ਹੱਥ ਨਹੀਂ ਲਗਾ ਸਕਦਾ ਅਤੇ ਕੋਈ ਵੀ ਦੇਸ ਦੀ ਏਕਤਾ ਨਾਲ ਖਿਲਵਾੜ ਨਹੀਂ ਕਰ ਸਕਦਾ। ਦੱਸ ਦੇਈਏ ਕਿ ਰਾਹੁਲ ਇਸ ਸਮੇਂ ਅਮਰੀਕਾ ਦੇ ਚਾਰ ਦਿਨਾਂ ਦੌਰੇ 'ਤੇ ਹਨ। ਇਸ ਦੌਰਾਨ ਉਨ੍ਹਾਂ ਨੇ ਜਾਰਜਟਾਊਨ ਯੂਨੀਵਰਸਿਟੀ ਅਤੇ ਵਰਜੀਨੀਆ ਦੇ ਉਪਨਗਰ ਹਰਨਡਨ ਸਮੇਤ ਕਈ ਹੋਰ ਥਾਵਾਂ 'ਤੇ ਆਯੋਜਿਤ ਪ੍ਰੋਗਰਾਮਾਂ ਨੂੰ ਸੰਬੋਧਨ ਕੀਤਾ ਅਤੇ ਭਾਰਤ 'ਚ ਲੋਕਤੰਤਰ ਅਤੇ ਚੋਣਾਂ ਸਮੇਤ ਕਈ ਮੁੱਦਿਆਂ 'ਤੇ ਆਪਣੇ ਵਿਚਾਰ ਪ੍ਰਗਟ ਕੀਤੇ। ਦਰਅਸਲ ਮੰਗਲਵਾਰ ਨੂੰ ਵਾਸਿ?ਗਟਨ 'ਚ 'ਨੈਸਨਲ ਪ੍ਰੈੱਸ ਕਲੱਬ' 'ਚ ਪ੍ਰੈੱਸ



ਕਾਨਫਰੰਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਰਾਹੁਲ ਨੇ ਕਿਹਾ ਕਿ ਭਾਰਤ 'ਚ ਪਿਛਲੇ 10 ਸਾਲਾਂ 'ਚ ਲੋਕਤੰਤਰ ਨੂੰ ਬਹੁਤ ਨੁਕਸਾਨ ਪਹੁੰਚਿਆ ਹੈ ਪਰ ਹੁਣ ਲੋਕਤੰਤਰ ਮੁੜ ਲੀਹ 'ਤੇ ਆ ਗਿਆ ਹੈ। ਸ਼ਾਹ ਨੇ 'ਐਕਸ' 'ਤੇ ਪੋਸਟ ਵਿਚ ਕਿਹਾ ਕਿ ਦੇਸ਼ ਵਿਰੋਧੀ ਗੱਲ ਕਰਨਾ ਅਤੇ ਦੇਸ਼ ਨੂੰ ਤੋੜਨ ਵਾਲੀਆਂ ਤਾਕਤਾਂ ਨਾਲ ਖੜ੍ਹੇ ਹੋਣਾ ਰਾਹੁਲ ਅਤੇ ਕਾਂਗਰਸ ਪਾਰਟੀ ਦੀ ਆਦਤ ਬਣ ਗਈ ਹੈ। ਚਾਹੇ ਉਹ ਜੰਮੂ-ਕਸ਼ਮੀਰ ਵਿਚ ਨੈਸ਼ਨਲ ਕਾਨਫਰੰਸ ਦੇ ਦੇਸ਼ ਵਿਰੋਧੀ ਅਤੇ ਰਾਖਵੇਂਕਰਨ ਵਿਰੋਧੀ ਏਜੰਡੇ ਦਾ ਸਮਰਥਨ ਕਰਨਾ ਹੋਵੇ ਜਾਂ ਵਿਦੇਸੀ ਮੰਚਾਂ 'ਤੇ ਭਾਰਤ-ਵਿਰੋਧੀ ਬੋਲਣਾ ਹੋਵੇ, ਰਾਹੁਲ ਗਾਂਧੀ ਨੇ ਦੇਸ ਦੀ ਸੁਰੱਖਿਆ ਨੂੰ ਖਤਰੇ ਵਿਚ ਪਾਇਆ ਹੈ। ਉਨ੍ਹਾਂ ਨੇ ਕਿਹਾ ਕਿ ਭਾਸ਼ਾ ਤੋਂ ਭਾਸ਼ਾ, ਖੇਤਰ ਤੋਂ ਖੇਤਰ ਅਤੇ ਧਰਮ ਤੋਂ ਧਰਮ 'ਚ ਭੇਦਭਾਵ ਲਿਆਉਣ ਦੀ ਗੱਲ ਕਰਨਾ ਰਾਹੁਲ ਦੀ ਵੰਡਕਾਰੀ ਸੋਚ ਨੂੰ ਦਰਸਾਉਂਦਾ ਹੈ। ਸਾਹ ਨੇ ਕਿਹਾ ਕਿ ਰਾਖਵੇਂਕਰਨ ਨੂੰ ਖਤਮ ਕਰਨ ਦੀ ਗੱਲ ਕਰ ਕੇ ਰਾਹੁਲ ਗਾਂਧੀ ਨੇ ਇਕ ਵਾਰ ਫਿਰ ਕਾਂਗਰਸ ਦਾ ਰਾਖਵਾਂਕਰਨ ਵਿਰੋਧੀ ਚਿਹਰਾ ਦੇਸ ਦੇ ਸਾਹਮਣੇ ਲਿਆ ਦਿੱਤਾ ਹੈ।

## ਸ਼੍ਰੋਮਣੀ ਅਕਾਲੀ ਦਲ ਪਹਿਲੀ ਵਾਰ ਹਰਿਆਣਾ ਚੋਣ ਮੈਦਾਨ ਤੋਂ ਬਾਹਰ !

ਲੁਧਿਆਣਾ 13 ਸਤੰਬਰ। ਸ਼੍ਰੋਮਣੀ ਅਕਾਲੀ ਦਲ 'ਚ ਸ਼ਾਇਦ ਹੀ ਅਜਿਹਾ ਸਮਾਂ ਕਦੇ ਪਹਿਲਾਂ ਆਇਆ ਹੋਵੇ ਕਿ ਗੁਆਂਢੀ ਸੂਬੇ ਹਰਿਆਣਾ ਜਿਥੇ ਪੰਜਾਬੀ ਸਿੱਖਾਂ ਦੀ ਲੱਖਾਂ ਦੀ ਗਿਣਤੀ ਹੈ, 'ਚ ਹੋਣ ਜਾ ਰਹੀਆਂ ਵਿਧਾਨ ਸਭਾ ਚੋਣਾਂ ਦੇ ਮੈਦਾਨ 'ਚੋਂ ਅਕਾਲੀ ਦਲ ਸਿੱਧੇ ਜਾਂ ਅਸਿਧੇ ਤੌਰ 'ਤੇ ਬਾਹਰ ਹੋਵੇ। ਸਵ. ਪ੍ਰਕਾਸ਼ ਸਿੰਘ ਬਾਦਲ ਦੇ ਪੁਰਾਣੇ ਸਿਆਸੀ ਮਿੱਤਰ, ਦੇਸ਼ ਦੇ ਸਾਬਕਾ ਉਪ ਪ੍ਰਧਾਨ ਮੰਤਰੀ ਚੌਧਰੀ ਦੇਵੀ ਲਾਲ ਤੇ ਉਨ੍ਹਾਂ ਦੇ ਸਪੁੱਤਰ ਓਮ ਪ੍ਰਕਾਸ਼ ਚੌਟਾਲਾ ਨਾਲ ਗੂੜ੍ਹੀ ਸਾਂਝ ਹੋਣ ਕਾਰਨ ਚੋਣਾਂ ਲੜਦੇ ਰਹੇ ਤੇ ਇਨ੍ਹਾਂ ਦੋਵੇਂ ਨੇਤਾਵਾਂ ਦੀ ਭਰਾਵਾਂ ਵਰਗੀ ਸਾਂਝ ਕਿਸੇ ਤੋਂ ਲੁਕੀ ਨਹੀਂ ਸੀ ਪਰ ਕਈ ਵਾਰ ਮੌਕੇ ਆਏ ਕਿ ਅਕਾਲੀ ਦਲ ਆਪਣੇ ਉਮੀਦਵਾਰ ਖੜ੍ਹੇ ਕਰਦਾ ਰਿਹਾ ਪਰ ਤਾਜ਼ੇ ਹਾਲਾਤ ਕਾਰਨ ਸ਼੍ਰੋਮਣੀ ਅਕਾਲੀ ਦਲ ਗੰਭੀਰ ਸੰਕਟ 'ਚੋਂ ਗੁਜ਼ਰ ਰਿਹਾ ਹੈ। ਪਾਰਟੀ ਪ੍ਰਧਾਨ ਸੁਖਬੀਰ ਬਾਦਲ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰਾਂ ਨੇ ਤਨਖਾਹੀਆ ਕਰਾਰ ਦਿੱਤਾ ਹੋਇਆ ਹੈ, ਜਿਸ ਕਾਰਨ ਅਕਾਲੀ ਦਲ ਹੁਣ ਪਹਿਲਾਂ ਵਾਲੀ ਸਥਿਤੀ 'ਚ ਦਿਖਾਈ ਨਹੀਂ ਦੇ ਰਿਹਾ, ਜਦੋਂਕਿ ਹਰਿਆਣਾ ਚੋਣ ਪ੍ਰਚਾਰ ਸ਼ੁਰੂ ਹੋ ਗਿਆ ਹੈ ਤੇ ਅਜੇ ਤੱਕ ਅਕਾਲੀ ਦਲ ਆਪਣੀ ਕਿਸੇ ਵੇਲੇ ਸੱਜੀ ਬਾਂਹ ਸਮਝਣ ਵਾਲੀ ਪਾਰਟੀ ਇਨੈਲੋ ਦੇ ਮੁਖੀ ਚੌਧਰੀ ਓਮ ਪ੍ਰਕਾਸ਼ ਚੌਟਾਲਾ ਨੇ ਅਜੇ ਤੱਕ ਅਕਾਲੀ ਦਲ ਬਾਰੇ ਕੋਈ ਸ਼ਬਦ ਤੱਕ ਨਹੀਂ ਬੋਲਿਆ, ਜਦੋਂਕਿ ਹਰਿਆਣਾ 'ਚ ਸਿੱਖ ਵੋਟਰ ਲੱਖਾਂ ਦੀ ਤਾਦਾਦ 'ਚ ਬੈਠੇ ਹਨ।

# ਗਠਜੋੜ ਟੁੱਟਣ ਲਈ ਅਖਿਲੇਸ਼ ਜਿੰਮੇਵਾਰ: ਮਾਇਆਵਤੀ

**ਤੇਜਿੰਦਰ ਕੌਰ ਬੱਬਰ**

ਲਖਨਊ 13 ਸਤੰਬਰ। ਬਹੁਜਨ ਸਮਾਜ ਪਾਰਟੀ (ਬਸਪਾ) ਦੀ ਸੁਪਰੀਮੋ ਮਾਇਆਵਤੀ ਨੇ ਦੁਹਰਾਇਆ ਹੈ ਕਿ 2019 ਦੀਆਂ ਲੋਕ ਸਭਾ ਚੋਣਾਂ ਤੋਂ ਬਾਅਦ ਸਮਾਜਵਾਦੀ ਪਾਰਟੀ (ਸਪਾ) ਨਾਲ ਗਠਜੋੜ ਤੋੜਨ ਦਾ ਕਾਰਨ ਖੁਦ ਸਪਾ ਪ੍ਰਧਾਨ ਅਖਿਲੇਸ ਯਾਦਵ ਸਨ ਅਤੇ ਇਹ ਉਨ੍ਹਾਂ ਵੱਲੋਂ ਦਿੱਤੇ ਗਏ ਸਪੱਸਟੀਕਰਨ ਤੋਂ ਸਾਬਤ ਹੁੰਦਾ ਹੈ। ਸ੍ਰੀਮਤੀ ਮਾਇਆਵਤੀ ਨੇ ਐਕਸ 'ਤੇ ਪੋਸਟ ਕੀਤਾ, 'ਲੋਕ ਸਭਾ ਚੋਣਾਂ-2019 ਵਿਚ ਯੂਪੀ ਵਿਚ ਬਸਪਾ ਨੇ 10 ਅਤੇ ਸਪਾ ਨੇ 5 ਸੀਟਾਂ ਜਿੱਤਣ ਤੋਂ ਬਾਅਦ ਗਠਜੋੜ ਤੋੜਨ ਬਾਰੇ ਮੈਂ ਜਨਤਕ ਤੌਰ 'ਤੇ ਕਿਹਾ ਕਿ ਸਪਾ ਮੁਖੀ ਨੇ ਵੀ ਮੇਰੇ ਫੋਨ ਦਾ ਜਵਾਬ ਦੇਣਾ ਬੰਦ ਕਰ ਦਿੱਤਾ ਸੀ। ਜਿਸ ਨੂੰ ਲੈ ਕੇ ਉਹਨਾਂ ਵਲੋਂ ਹੁਣ ਇੰਨੇ ਸਾਲਾਂ ਬਾਅਦ ਸਪਸਟੀਕਰਨ ਦੇਣਾ ਕਿੰਨਾ ਢੁਕਵਾਂ ਅਤੇ ਭਰੋਸੇਯੋਗ ਹੈ। ਸੋਚਣ ਵਾਲੀ ਗੱਲ ਹੈ।' ਉਹਨਾਂ ਨੇ ਕਿਹਾ, 'ਬਸਪਾ ਵਿਚਾਰਧਾਰਕ ਕਾਰਨਾਂ ਕਰਕੇ ਗਠਜੋੜ ਨਹੀਂ ਕਰਦੀ ਅਤੇ ਜੇਕਰ ਕਦੇ ਵੱਡੇ ਉਦੇਸਾਂ ਲਈ ਗਠਜੋੜ ਕਰਦੀ ਹੈ ਤਾਂ ਯਕੀਨੀ ਤੌਰ 'ਤੇ ਉਨ੍ਹਾਂ ਪ੍ਰਤੀ ਇਮਾਨਦਾਰ ਵੀ ਜ਼ਰੂਰ ਰਹਿੰਦੀ ਹੈ। 1993 ਅਤੇ 2019 ਵਿੱਚ ਸਪਾ ਨਾਲ ਕੀਤੇ ਗਠਜੋੜ ਨੂੰ ਪੂਰਾ ਕਰਨ ਲਈ ਬਹੁਤ ਯਤਨ ਕੀਤੇ ਪਰ 'ਬਹੁਜਨ ਸਮਾਜ' ਦਾ ਹਿੱਤ ਅਤੇ ਸਵੈ-ਮਾਣ ਸਭ ਤੋਂ ਵੱਧ



ਸੀ।' ਬਸਪਾ ਪ੍ਰਧਾਨ ਨੇ ਕਿਹਾ, "ਬਸਪਾ ਜਾਤੀਵਾਦੀ ਸੌੜੀ ਰਾਜਨੀਤੀ ਖ਼ਿ?ਲਾਫ ਹੈ। ਅੰਤ. ਚੋਣ ਮੁਨਾਫੇ ਲਈ ਕਾਹਲੀ ਨਾਲ ਗੱਠਜੋੜ ਕਰਨ ਤੋਂ ਹਟ ਕੇ 'ਬਹੁਜਨ ਸਮਾਜ' ਵਿੱਚ ਆਪਸੀ ਭਾਈਚਾਰਕ ਸਾਂਝ ਬਣਾ ਕੇ ਸਿਆਸੀ ਤਾਕਤ ਬਣਾਉਣ ਦੀ ਲਹਿਰ ਚੱਲ ਰਹੀ ਹੈ ਤਾਂ ਜੋ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ ਮਿਸਨ ਸਕਤੀ ਦੀ ਮੁੱਖ ਕੁੰਜੀ ਨੂੰ ਪ੍ਰਾਪਤ ਕਰ ਸਵੈ-ਨਿਰਭਰ ਬਣ ਸਕੇ।" ਇਸ ਬਾਰੇ ਬਸਪਾ ਦੇ ਜਨਰਲ ਸਕੱਤਰ ਸਤੀਸ ਚੰਦਰ ਮਿਸਰਾ ਨੇ ਕਿਹਾ, "ਮੈਂ ਸਾਰਿਆਂ ਨੂੰ ਦੱਸਣਾ ਚਾਹੁੰਦਾ ਹਾਂ ਕਿ 2019 ਦੀਆਂ ਲੋਕ ਸਭਾ ਚੋਣਾਂ ਵਿੱਚ ਬਹੁਜਨ ਸਮਾਜ ਪਾਰਟੀ ਅਤੇ ਸਮਾਜਵਾਦੀ ਪਾਰਟੀ ਦਾ ਗਠਜੋੜ ਟੁੱਟਣ ਦਾ ਕਾਰਨ ਖੁਦ ਸਪਾ ਮੁਖੀ ਹਨ, ਜੋ ਸਤਿਕਾਰਯੋਗ ਭੈਣ ਕੁਮਾਰੀ ਜੀ ਨੇ ਆਪਣੀ ਪਾਰਟੀ ਵੱਲੋਂ ਜਾਰੀ ਕੀਤੀ ਕਿਤਾਬ ਵਿੱਚ ਲਿਖਿਆ ਹੈ। ਜਿ?ਕਰਯੋਗ ਹੈ ਕਿ ਹਾਲ ਹੀ 'ਚ ਹੋਈਆਂ ਲੋਕ ਸਭਾ ਚੋਣਾਂ 'ਚ ਸਪਾ ਨੇ ਪੀਡੀਏ ਫਾਰਮੂਲੇ ਰਾਹੀਂ ਉੱਤਰ ਪ੍ਰਦੇਸ 'ਚ ਭਾਰਤੀ ਜਨਤਾ ਪਾਰਟੀ (ਭਾਜਪਾ) ਨੂੰ ਸਖਤ ਚੁਣੌਤੀ ਦਿੰਦੇ ਹੋਏ 80 'ਚੋਂ 37 ਸੀਟਾਂ 'ਤੇ ਜਿੱਤ ਹਾਸਲ ਕੀਤੀ ਸੀ। ਜਦਕਿ ਬਸਪਾ ਇਹਨਾਂ ਚੋਣਾਂ 'ਚ ਆਪਣਾ ਖਾਤਾ ਖੋਲ੍ਹ ਨਹੀਂ ਸਕੀ। ਇਸ ਤੋਂ ਪਹਿਲਾਂ ਸਪਾ ਨੇ 2019 ਦੀਆਂ ਲੋਕ ਸਭਾ ਚੋਣਾਂ 'ਚ ਸਪਾ ਨਾਲ ਗਠਜੋੜ ਕਰਕੇ 10 ਸੀਟਾਂ ਹਾਸਲ ਕੀਤੀ ਸੀ, ਜਦਕਿ ਸਪਾ ਨੂੰ ਸਿਰਫ ਪੰਜ ਸੀਟਾਂ ਮਿਲੀਆਂ ਸਨ। 2024 ਦੀਆਂ ਚੋਣਾਂ ਵਿੱਚ ਸਪਾ ਦੀ ਇਹ ਸਫਲਤਾ ਬਸਪਾ ਦੇ ਮਜਬੂਤ ਵੋਟ ਬੈਂਕ ਕਾਰਨ ਮੰਨੀ ਜਾ ਰਹੀ ਹੈ, ਜੋ ਉਸ ਤੋਂ ਹਟ ਕੇ ਸਪਾ ਦੇ ਪੱਖ ਵਿੱਚ ਆ ਗਿਆ ਹੈ ਅਤੇ ਇਹ ਬਸਪਾ ਲਈ ਮੁਸੀਬਤ ਦਾ ਕਾਰਨ ਬਣ ਗਿਆ ਹੈ।

## ਮਸਜਿਦ ਵਿਵਾਦ: ਮੁਸਲਿਮ ਕਮੇਟੀ ਵਲੋਂ ਨਗਰ ਨਿਗਮ ਨੂੰ ਨਾਜਾਇਜ ਹਿੱਸੇ ਨੂੰ ਸੀਲ ਕਰਨ ਅਪੀਲ

ਸਿਮਲਾ 13 ਸਤੰਬਰ। ਸਿ?ਮਲਾ ਵਿਚ ਸੰਜੌਲੀ ਮਸਜਿਦ ਨੂੰ ਲੈ ਕੇ ਵਧਦੇ ਤਣਾਅ ਦੇ ਵਿਚਕਾਰ ਮੁਸਲਿਮ ਭਲਾਈ ਕਮੇਟੀ ਨੇ ਵੀਰਵਾਰ ਨੂੰ ਨਗਰ ਨਿਗਮ ਕਮਿਸਨਰ ਨੂੰ ਅਣਅਧਿਕਾਰਤ ਹਿੱਸੇ ਨੂੰ ਸੀਲ ਕਰਨ ਦੀ ਅਪੀਲ ਕੀਤੀ ਅਤੇ ਅਦਾਲਤ ਦੇ ਹੁਕਮਾਂ ਅਨੁਸਾਰ ਇਸ ਨੂੰ ਢਾਹੁਣ ਦੀ ਪੇਸਕਸ ਵੀ ਕੀਤੀ। ਕਮੇਟੀ ਵਿੱਚ ਮਸਜਿਦ ਦੇ ਇਮਾਮ ਅਤੇ ਵਕਫ ਬੋਰਡ ਅਤੇ ਮਸਜਿਦ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਮਲ ਹਨ। ਕਮੇਟੀ ਦੇ ਵਫਦ ਨੇ ਇਹ ਮੰਗ ਨਗਰ ਨਿਗਮ ਦੇ ਕਮਿਸਨਰ ਭੁਪਿੰਦਰ ਅੱਤਰੀ ਨੂੰ ਦਿੱਤੇ ਮੰਗ ਪੱਤਰ ਵਿੱਚ ਕੀਤੀ ਅਤੇ ਕਿਹਾ ਕਿ ਇਲਾਕੇ ਵਿੱਚ ਰਹਿੰਦੇ ਮੁਸਲਮਾਨ ਹਿਮਾਚਲ ਪ੍ਰਦੇਸ ਦੇ ਪੱਕੇ ਵਸਨੀਕ ਹਨ ਅਤੇ ਕਮੇਟੀ ਸਦਭਾਵਨਾ ਅਤੇ ਭਾਈਚਾਰਾ ਬਣਾਈ ਰੱਖਣ ਲਈ ਇਹ ਕਦਮ ਚੁੱਕ ਰਹੀ ਹੈ। ਭਲਾਈ ਕਮੇਟੀ ਦੇ ਮੈਂਬਰ ਮੁਫਤੀ ਮੁਹੰਮਦ ਸਫੀ ਕਾਸਮੀ ਨੇ ਕਿਹਾ, "ਅਸੀਂ ਸਿ?ਮਲਾ ਨਗਰ ਨਿਗਮ ਦੇ ਕਮਿਸਨਰ ਤੋਂ ਸੰਜੌਲੀ ਸਥਿਤ ਮਸਜਿਦ ਦੇ ਅਣਅਧਿਕਾਰਤ ਹਿੱਸੇ ਨੂੰ ਢਾਹੁਣ ਦੀ ਇਜਾਜਤ ਮੰਗੀ ਹੈ।" ਸੰਜੌਲੀ ਮਸਜਿਦ ਦੇ ਇਮਾਮ ਨੇ ਕਿਹਾ, "ਸਾਡੇ 'ਤੇ ਕੋਈ ਦਬਾਅ ਨਹੀਂ ਹੈ, ਅਸੀਂ ਇੱਥੇ ਦਹਾਕਿਆਂ ਤੋਂ ਰਹਿ ਰਹੇ ਹਾਂ ਅਤੇ ਇਹ ਫੈਸਲਾ ਹਿਮਾਚਲੀ ਹੋਣ ਕਰਕੇ ਲਿਆ ਗਿਆ ਹੈ। ਅਸੀਂ ਸਾਂਤੀ ਨਾਲ ਰਹਿਣਾ ਚਾਹੁੰਦੇ ਹਾਂ ਅਤੇ ਭਾਈਚਾਰਾ ਕਾਇਮ ਰਹਿਣਾ ਚਾਹੀਦਾ ਹੈ।" ਅਤਰੀ ਨੇ ਮੰਗ ਪੱਤਰ ਮਿਲਣ ਦੀ ਪੁਸਟੀ ਕੀਤੀ




ਹੈ। ਮਸਜਿਦ 'ਤੇ ਅਣਅਧਿਕਾਰਤ ਉਸਾਰੀ ਦੇ ਖ਼ਿ?ਲਾਫ ਵਿਰੋਧ ਪ੍ਰਦਰਸਨ ਦਾ ਸੱਦਾ ਦੇਣ ਵਾਲੇ ਦੇਵ ਭੂਮੀ ਸੰਘਰਸ ਸਮਿਤੀ ਦੇ ਮੈਂਬਰਾਂ ਨੇ ਇਸ ਕਦਮ ਦਾ ਸਵਾਗਤ ਕੀਤਾ। ਕਮੇਟੀ ਮੈਂਬਰ ਵਿਜੇ ਸਰਮਾ ਨੇ ਕਿਹਾ, "ਅਸੀਂ ਮੁਸਲਿਮ ਭਾਈਚਾਰੇ ਦੇ ਇਸ ਕਦਮ ਦਾ ਸਵਾਗਤ ਕਰਦੇ ਹਾਂ ਅਤੇ ਵਡੇਰੇ ਹਿੱਤ ਵਿੱਚ ਇਸ ਪਹਿਲ ਕਰਨ ਲਈ ਅਸੀਂ ਸਭ ਤੋਂ ਪਹਿਲਾਂ ਉਨ੍ਹਾਂ ਨੂੰ ਵਧਾਈ ਦੇਵਾਂਗੇ।" ਹਿੰਦੂ ਸੰਗਠਨਾਂ ਨੇ ਬੁੱਧਵਾਰ ਨੂੰ ਸੰਜੌਲੀ ਬੰਦ ਦਾ ਸੱਦਾ ਦਿੱਤਾ ਸੀ

# ਮੁੜ ਦਹਿਲਿਆ ਪੰਜਾਬ, ਨਾਜਾਇਜ਼ ਮਾਈਨਿੰਗ ਕਾਰਨ ਗੁਰੂ ਨਗਰੀ 'ਚ ਚੱਲੀਆਂ ਗੋਲੀਆਂ

ਸ੍ਰੀ ਅਨੰਦਪੁਰ ਸਾਹਿਬ 13 ਸਤੰਬਰ। ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੇ ਨਾਲ ਲੱਗਦੇ ਪਿੰਡ ਅਗੰਮਪੁਰ ਵਿਖੇ ਪਿਛਲੇ ਲੰਬੇ ਸਮੇਂ ਤੋਂ ਚਲਦੀ ਨਾਜਾਇਜ਼ ਮਾਈਨਿੰਗ ਨੇ ਉਸ ਵੇਲੇ ਖਤਰਨਾਕ ਰੁੱਖ ਅਖਤਿਆਰ ਕਰ ਲਿਆ ਜਦੋਂ ਅੱਧੀ ਰਾਤ ਨੂੰ ਇਕ ਧਿਰ ਵੱਲੋਂ ਦੂਜੀ ਧਿਰ ਦੇ ਮੈਂਬਰਾਂ 'ਤੇ ਗੋਲੀਆਂ ਚਲਾ ਦਿੱਤੀਆਂ ਗਈਆਂ। ਇਸ ਸਬੰਧੀ ਪੁਲਸ ਕੋਲ ਬਿਆਨ ਦਰਜ ਕਰਵਾਉਂਦਿਆਂ ਗੁਰਜੀਤ ਸਿੰਘ ਪੁੱਤਰ ਗੁਰਮੀਤ ਸਿੰਘ ਵਾਸੀ ਵਾਰਡ ਨੰਬਰ 5 ਮੁਹੱਲਾ ਟਿੱਬਿਆ ਸ੍ਰੀ ਅਨੰਦਪੁਰ ਸਾਹਿਬ ਨੇ ਦੱਸਿਆ ਕਿ ਮੈਂ ਪਿਛਲੇ ਕੁਝ ਸਮੇਂ ਤੋਂ ਨਿਤਿਨ ਨੰਦਾ ਵਾਸੀ ਪਿੰਡ ਅਗੰਮਪੁਰ ਕੋਲ ਨੌਕਰੀ ਕਰਦਾ ਹਾਂ। ਨਿਤਿਨ ਨੰਦਾ ਵੱਲੋਂ ਉਸ ਦੀ ਦਰਿਆ ਨਾਲ ਲੱਗਦੀ ਜ਼ਮੀਨ ਦੀ ਦੇਖ-ਰੇਖ ਕਰਨ ਲਈ ਮੈਨੂੰ ਜਿ਼ੰਮੇਵਾਰੀ ਦਿੱਤੀ ਹੋਈ ਹੈ। ਬੀਤੀ 7 ਅਤੇ 8 ਅਗਸਤ ਦੀ ਦਰਮਿਆਨੀ ਰਾਤ ਕਰੀਬ 1:50 'ਤੇ ਜਦੋਂ ਮੈਂ ਅਤੇ ਮਲਕੀਤ ਚੰਦ ਪੁੱਤਰ ਕਰਮ ਚੰਦ ਵਾਸੀ ਪਿੰਡ ਕਾਂਗੜ ਥਾਣਾ ਨੂਰਪੁਰਬੇਦੀ ਜਮੀਨ ਵੱਲ ਗੇੜਾ ਮਾਰਨ ਗਏ ਤਾਂ ਸਾਡੀ ਜ਼ਮੀਨ ਪਿੰਡ ਅਗੰਮਪੁਰ ਨੇੜੇ ਸਤਲੁਜ ਦਰਿਆ ਵਿਚ ਇਕ ਪੋਕਲੈਨ ਮਸ਼ੀਨ ਅਤੇ 3 ਟਿੱਪਰ ਨਾਜਾਇਜ਼ ਪੁਟਾਈ ਕਰਨ ਲੱਗੇ ਹੋਏ ਸਨ, ਜਿਸ ਸਬੰਧੀ ਮੇਰੇ ਵੱਲੋਂ ਮਸ਼ੀਨ ਦੇ ਆਪ੍ਰੇਟਰ ਨੂੰ ਨਜਾਇਜ਼ ਮਾਈਨਿੰਗ ਕਰਨ ਤੋਂ ਰੋਕਿਆ ਗਿਆ ਪਰ ਉਸ ਨੇ ਪੋਕਲੇਨ ਮਸ਼ੀਨ ਬੰਦ ਨਹੀਂ ਕੀਤੀ ਅਤੇ ਨਾਜਾਇਜ ਮਾਈਨਿੰਗ ਕਰਦਾ ਰਿਹਾ। ਇੰਨੇ ਨੂੰ ਮੌਕੇ 'ਤੇ ਆਦੇਸ਼ ਰਾਣਾ ਪੁੱਤਰ ਅਜੇ



ਰਾਣਾ ਵਾਸੀ ਪਿੰਡ ਅਗੰਮਪੁਰ ਥਾਣਾ ਸ੍ਰੀ ਅਨੰਦਪੁਰ ਸਾਹਿਬ ਅਤੇ ਉਸ ਨਾਲ 3-4 ਅਣਪਛਾਤੇ ਵਿਅਕਤੀ ਆ ਗਏ ਅਤੇ ਆਉਂਦੇ ਸਾਰ ਹੀ ਮੇਰੇ ਅਤੇ ਮਲਕੀਤ ਚੰਦ ਦੇ ਗਲ ਪੈ ਗਏ, ਜਿਨ੍ਹਾਂ ਵੱਲੋਂ ਮੈਨੂੰ ਅਤੇ ਮਲਕੀਤ ਚੰਦ ਨੂੰ ਗਾਲੀ ਗਲੋਚ ਕਰਨਾ ਸ਼ੁਰੂ ਕਰ ਦਿੱਤਾ ਗਿਆ। ਉਨ੍ਹਾਂ ਦੇ ਹੱਥਾਂ ਵਿੱਚ ਇਕ ਰਾਈਫਲ ਅਤੇ ਤੇਜਧਾਰ ਹਥਿਆਰ ਸਨ। ਮੈਂ ਸਮੇਤ ਮਲਕੀਤ ਚੰਦ ਭੱਜਣ ਲੱਗਾ ਤਾਂ ਆਦੇਸ਼ ਰਾਣਾ ਨੇ ਆਪਣੇ ਨਾਲ ਦੇ ਸਾਥੀਆਂ ਨੂੰ ਗੋਲੀ ਮਾਰਨ ਲਈ ਕਿਹਾ, ਜਿਨ੍ਹਾਂ ਸਾਡੇ ਪਿੱਛੇ ਭੱਜ ਕੇ 2 ਫਾਇਰ ਕੀਤੇ। ਮੈਂ ਅਤੇ ਮਲਕੀਤ ਚੰਦ ਨੇ ਬੜੀ ਮੁਸ਼ਕਿਲ ਨਾਲ ਆਪਣੀ ਜਾਨ ਬਚਾਈ। ਉਨ੍ਹਾਂ ਪੁਲਸ ਅਧਿਕਾਰੀਆਂ ਨੂੰ ਬੇਨਤੀ ਕੀਤੀ ਕਿ ਆਦੇਸ਼ ਰਾਣਾ ਅਤੇ ਉਸ ਦੇ 3-4 ਅਣਪਛਾਤੇ ਸਾਥੀਆਂ ਖਿ਼ਲਾਫ ਸਾਡੇ ਨਾਲ ਗਾਲੀ ਗਲੋਚ ਕਰਨ ਅਤੇ ਮਾਰ ਦੇਣ ਦੀ ਨੀਯਤ ਨਾਲ ਸਾਡੇ ਗੋਲੀਆਂ ਚਲਾਉਣ ਸਬੰਧੀ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਸ ਸਬੰਧੀ ਯੂਥ ਅਕਾਲੀ ਦਲ ਦੇ ਜਿ਼ਲ੍ਹਾ ਪ੍ਰਧਾਨ ਆਦੇਸ਼ ਰਾਣਾ ਦੇ ਪਿਤਾ ਅਜੇ ਰਾਣਾ ਨੇ ਸਾਰੇ ਦੋਸ਼ਾਂ ਨੂੰ ਨਕਾਰਦਿਆਂ ਕਿਹਾ ਕਿ ਜਿਸ ਧਿਰ ਵੱਲੋਂ ਸਾਡੇ 'ਤੇ ਨਾਜਾਇਜ਼ ਮਾਈਨਿੰਗ ਅਤੇ ਫਾਇਰਿੰਗ ਦੇ ਦੋਸ਼ ਲਗਾਏ ਜਾ ਰਹੇ ਹਨ, ਉਹ ਆਪ ਨਾਜਾਇਜ਼ ਮਾਈਨਿੰਗ ਦੇ ਕਿੰਗ ਹਨ। ਇਸ ਸਬੰਧੀ ਥਾਣਾ ਮੁਖੀ ਦਾਨਿਸ਼ਵੀਰ ਸਿੰਘ ਨੇ ਕਿਹਾ ਕਿ ਪੁਲਸ ਵਲੋਂ ਆਦੇਸ ਰਾਣਾ ਪੁੱਤਰ ਅਜੇ ਰਾਣਾ ਵਾਸੀ ਅਗੰਮਪੁਰ ਸਮੇਤ ਤਿੰਨ ਚਾਰ ਅਣਪਛਾਤਿਆਂ ਖਿ਼ਲਾਫ ਅਸਲਾ ਕਾਨੂੰਨ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਪੁਲਸ ਹਰੇਕ ਪਹਿਲੂ 'ਤੇ ਬਰੀਕੀ ਨਾਲ ਜਾਂਚ ਕਰ ਰਹੀ ਹੈ ਅਤੇ ਦੋਸ਼ੀ ਕਿਸੇ ਵੀ ਹਾਲਤ ਵਿਚ ਬਖਸ਼ੇ ਨਹੀਂ ਜਾਣਗੇ। ਇਸ ਸਬੰਧੀ ਹਲਕੇ ਦੇ ਸ਼੍ਰੋਮਣੀ ਕਮੇਟੀ ਮੈਂਬਰ ਅਤੇ ਸੀਨੀਅਰ ਅਕਾਲੀ ਆਗੂ ਭਾਈ ਅਮਰਜੀਤ ਸਿੰਘ ਚਾਵਲਾ ਨੇ ਕਿਹਾ ਕਿ ਸਰਕਾਰ ਵਲੋਂ ਵਿਰੋਧੀਆਂ ਨੂੰ ਦਬਾਉਣ ਲਈ ਇਹ ਮਸਲਾ ਖੜ੍ਹਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦੇ ਜਿ਼ਲ੍ਹਾ ਯੂਥ ਪ੍ਰਧਾਨ ਆਦੇਸ਼ ਰਾਣਾ ਦੇ ਖਿ਼ਲਾਫ ਕਾਰਵਾਈ ਦੀ ਸਖਤ ਨਿੰਦਾ ਕਰਦਾ ਹਾਂ।

## ਯੂ-ਟਿਊਬ 'ਤੇ ਵੀਡੀਓ ਦੇਖ ਆਪਰੇਸ਼ਨ ਕਰਨ ਵਾਲਾ ਫਰਜੀ ਡਾਕਟਰ ਗ੍ਰਿਫਤਾਰ

ਛਪਰਾ 13 ਸਤੰਬਰ। ਬਿਹਾਰ 'ਚ ਸਾਰਣ ਜਿ਼ਲ੍ਹੇ ਦੇ ਗੜਖਾ ਥਾਣਾ ਖੇਤਰ 'ਚ ਯੂ-ਟਿਊਬ 'ਤੇ ਵੀਡੀਓ ਦੇਖ ਕੇ ਆਪਰੇਸ਼ਨ ਕਰਨ ਵਾਲੇ ਫਰਜੀ ਡਾਕਟਰ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਸਾਰਣ ਦੇ ਪੁਲਸ ਸੁਪਰਡੈਂਟ ਡਾ. ਕੁਮਾਰ ਆਸ਼ੀਸ਼ ਨੇ ਇੱਥੇ ਦੱਸਿਆ ਕਿ ਸ਼ਨੀਵਾਰ ਨੂੰ ਮੋਤੀਰਾਜਪੁਰ ਪਿੰਡ ਸਥਿਤ ਇਕ ਨਿੱਜੀ ਹਸਪਤਾਲ ਦਾ ਮੈਡੀਕਲ ਅਜੀਤ ਕੁਮਾਰ ਪੁਰੀ, ਮਢੌਰਾ ਥਾਣਾ ਖੇਤਰ ਦੇ ਭੁਵਾਲਪੁਰ ਪਿੰਡ ਵਾਸੀ ਚੰਦਨ ਸਾਹ ਦੇ ਪੁੱਤਰ ਕ੍ਰਿਸ਼ਨ ਕੁਮਾਰ ਉਰਫ ਗੋਲੂ ਦੇ ਢਿੱਡ ਦਾ ਆਪਰੇਸ਼ਨ ਯੂ-ਟਿਊਬ ਦੇਖ ਕਰ ਰਿਹਾ ਸੀ। ਇਸ ਦੌਰਾਨ ਉਕਤ ਨੌਜਵਾਨ ਦੀ ਸਥਿਤੀ ਖਰਾਬ ਹੋਣ 'ਤੇ ਉਸ ਨੇ ਖੁਦ ਐਂਬੂਲੈਂਸ ਬੁਲਾ ਕੇ ਨੌਜਵਾਨ ਨੂੰ ਪਟਨਾ ਭੇਜ ਦਿੱਤਾ। ਰਸਤੇ 'ਚ ਹੀ ਉਕਤ ਨੌਜਵਾਨ ਦੀ ਮੌਤ ਹੋ ਗਈ। ਜਿਸ ਤੋਂ ਬਾਅਦ ਪਰਿਵਾਰ ਵਾਲੇ



ਲਾਸ਼ ਲੈ ਕੇ ਉਕਤ ਡਾਕਟਰ ਦੇ ਨਿੱਜੀ ਹਸਪਤਾਲ ਪਹੁੰਚੇ ਅਤੇ ਹੰਗਾਮਾ ਸ਼ੁਰੂ ਕਰ ਦਿੱਤਾ। ਸੂਤਰਾਂ ਨੇ ਦੱਸਿਆ ਕਿ ਘਟਨਾ ਦੀ ਜਾਣਕਾਰੀ ਮਿਲਣ 'ਤੇ ਮੌਕੇ 'ਤੇ ਪਹੁੰਚੀ ਪੁਲਸ ਨੇ ਪੋਸਟਮਾਰਟਮ ਕਰਵਾਏ ਜਾਣ ਤੋਂ ਬਾਅਦ ਲਾਸ਼ ਪਰਿਵਾਰ ਨੂੰ ਸੌਂਪ ਦਿੱਤੀ। ਮ੍ਰਿਤਕ ਦੇ ਪਰਿਵਾਰਾਂ ਤੋਂ ਮਿਲੀ ਅਰਜੀ 'ਤੇ ਸ਼ਿਕਾਇਤ ਦਰਜ ਕਰ ਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਸੀ। ਐਤਵਾਰ ਦੇਰ ਰਾਤ ਸੂਚਨਾ ਦੇ ਆਧਾਰ 'ਤੇ ਪੁਲਸ ਨੇ ਉਕਤ ਡਾਕਟਰ ਨੂੰ ਬਹਿਨੀਆ ਪਹਾੜਪੁਰ ਪਿੰਡ ਇਕ ਮਕਾਨ ਤੋਂ ਗ੍ਰਿਫਤਾਰ ਕੀਤਾ ਹੈ, ਜਿਸ ਖਿ਼ਲਾਫ ਭਾਰਤੀ ਨਿਆਂ ਸੰਹਿਤਾ ਦੀ ਧਾਰਾ 105 (1) ਦੇ ਅਧੀਨ ਐੱਫ.ਆਈ.ਆਰ. ਦਰਜ ਕਰ ਕੇ ਉਸ ਨੂੰ ਜੇਲ੍ਹ ਭੇਜ ਦਿੱਤਾ ਹੈ।

## ਪੰਜਾਬ 'ਚ ਵੱਡੀ ਵਾਰਦਾਤ, ਜਮੀਨ ਪਿੱਛੇ ਦੋ ਲੋਕਾਂ ਦਾ ਬੇਰਹਿਮੀ ਨਾਲ ਕਤਲ

ਜਲੰਧਰ 13 ਸਤੰਬਰ। ਜਲੰਧਰ 'ਚ ਪਲਾਟ ਨੂੰ ਲੈ ਕੇ ਦੋ ਵਿਅਕਤੀਆਂ ਦਾ ਬੇਰਹਿਮੀ ਨਾਲ ਕਤਲ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਦੱਸਿਆ ਜਾ ਰਿਹਾ ਹੈ ਕਿ ਐਤਵਾਰ ਦੇਰ ਸਾਮ ਸਹਿਰ ਦੇ ਕਰਤਾਰਪੁਰ ਇਲਾਕੇ 'ਚ ਜਮੀਨੀ ਵਿਵਾਦ ਕਾਰਨ ਦੋ ਵਿਅਕਤੀਆਂ ਦੀ ਮੌਤ ਹੋ ਗਈ ਸੀ। ਘਟਨਾ ਤੋਂ ਬਾਅਦ ਇਲਾਕੇ 'ਚ ਦਹਿਸਤ ਦਾ ਮਾਹੌਲ ਹੈ। ਫਿਲਹਾਲ ਪੁਲਸ ਨੇ ਕਾਤਲਾਂ ਨੂੰ ਕਾਬੂ ਕਰਕੇ ਘਟਨਾ ਦੀ ਜਾਂਚ ਸੂਰੂ ਕਰ ਦਿੱਤੀ ਹੈ। ਜਾਣਕਾਰੀ ਅਨੁਸਾਰ ਬਰਜਿੰਦਰ ਸਿੰਘ ਕਰਤਾਰਪੁਰ ਦੇ ਪਿੰਡ ਕਾਲਾ ਬਾਹੀਆ 'ਚ 11 ਮਰਲੇ ਦੇ ਪਲਾਟ 'ਤੇ ਆਪਣਾ ਮਕਾਨ ਬਣਾ ਰਿਹਾ ਸੀ, ਇਸੇ ਦੌਰਾਨ ਜੋਗਿੰਦਰ ਸਿੰਘ ਉਥੇ ਪਹੁੰਚਿਆ ਅਤੇ ਉਸੇ ਪਲਾਟ 'ਤੇ ਡੇਢ



ਮਰਲੇ ਦੇ ਪਲਾਟ 'ਤੇ ਆਪਣਾ ਹੱਕ ਜਤਾਉਣਾ ਸੂਰੂ ਕਰ ਦਿੱਤਾ, ਜਿਸ ਤੋਂ ਬਾਅਦ ਦੋਵਾਂ ਧਿਰਾਂ ਵਿਚਾਲੇ ਸਮਝੌਤਾ ਹੋ ਗਿਆ ਅਤੇ ਬਰਜਿੰਦਰ ਸਿੰਘ ਨੇ ਇਕ ਮਰਲੇ ਦਾ ਪਲਾਟ ਛੱਡ ਦਿੱਤਾ। ਪਰ ਇਸ ਤੋਂ ਬਾਅਦ ਦੇਰ ਸਾਮ ਹਰਪ੍ਰੀਤ ਸਿੰਘ ਪੁੱਤਰ ਜੋਗਿੰਦਰ ਸਿੰਘ, ਜੋਗਿੰਦਰ ਸਿੰਘ ਪੁੱਤਰ ਹਰੀ ਸਿੰਘ ਆਪਣੇ ਹੋਰ ਸਾਥੀਆਂ ਸਮੇਤ ਮੁੜ ਉਥੇ ਪਹੁੰਚ ਗਏ ਅਤੇ ਉਥੇ ਕੰਮ ਕਰਦੇ ਦੋ ਮਜਦੂਰਾਂ 'ਤੇ ਹਮਲਾ ਕਰਕੇ ਉਨ੍ਹਾਂ ਦਾ ਕਤਲ ਕਰ ਦਿੱਤਾ। ਘਟਨਾ ਤੋਂ ਬਾਅਦ ਪੁਲਸ ਨੇ ਹਮਲਾਵਰਾਂ ਨੂੰ ਹਿਰਾਸਤ ਵਿੱਚ ਲੈ ਲਿਆ ਹੈ। ਫਿਲਹਾਲ ਥਾਣਾ ਕਰਤਾਰਪੁਰ ਦੀ ਪੁਲਸ ਨੇ 8 ਲੋਕਾਂ ਖਿਲਾਫ ਕਤਲ ਅਤੇ ਇਰਾਦਾ ਕਤਲ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ, ਜਿਨ੍ਹਾਂ 'ਚੋਂ ਮੁੱਖ ਦੋਸੀ ਪਿਓ-ਪੁੱਤਰ ਜੋਗਿੰਦਰ ਸਿੰਘ ਅਤੇ ਹਰਪ੍ਰੀਤ ਸਿੰਘ ਸਮੇਤ 3 ਲੋਕਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ, ਜਦਕਿ ਤਲਾਸ ਜਾਰੀ ਹੈ। ਬਾਕੀ ਦੋਸੀਆਂ ਦੀ ਭਾਲ ਜਾਰੀ ਹੈ।

## ਅਧਿਆਪਕਾ ਨੇ ਸਕੂਲ 'ਚ ਵਜਾਏ ਵਿਆਹ ਦੇ ਵਾਜੇ, ਕੋਰਟ ਨੇ ਲਗਾਈ 'ਕਲਾਸ'

ਹਮੀਰਪੁਰ 13 ਸਤੰਬਰ। ਹਿਮਾਚਲ ਪ੍ਰਦੇਸ਼ ਹਾਈ ਕੋਰਟ ਨੇ ਹਮੀਰਪੁਰ ਦੇ ਇਕ ਸਰਕਾਰੀ ਸਕੂਲ ਕੰਪਲੈਕਸ 'ਚ ਆਪਣੇ ਬੇਟੇ ਦੇ ਵਿਆਹ ਦਾ ਸਮਾਰੋਹ ਆਯੋਜਿਤ ਕਰਨ ਲਈ ਇਕ ਅਧਿਆਪਕਾ ਨੂੰ ਫਟਕਾਰ ਲਗਾਈ ਹੈ ਅਤੇ ਉਸ ਨੂੰ ਕੰਪਲੈਕਸ 'ਚ 2 'ਵਾਟਰ ਪਿਊਰੀਫਾਇਰ' ਲਗਵਾਉਣ ਦਾ ਨਿਰਦੇਸ਼ ਦਿੱਤਾ ਹੈ। ਅਧਿਕਾਰੀਆਂ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੱਤੀ। ਅਧਿਕਾਰੀਆਂ ਨੇ ਦੱਸਿਆ ਕਿ ਇਹ ਪ੍ਰੋਗਰਾਮ 5 ਨਵੰਬਰ 2021 ਨੂੰ ਸੁਲਗਾਵਾਨ ਪਿੰਡ ਦੇ ਸਰਕਾਰੀ ਪ੍ਰਾਇਮਰੀ ਸਕੂਲ ਜਾਹੂ ਕਲਾਂ 'ਚ ਆਯੋਜਿਤ ਕੀਤਾ ਗਿਆ ਸੀ, ਜਿਸ 'ਚ ਪ੍ਰਿੰਸੀਪਲ ਅਤੇ ਹੋਰ ਕਰਮਚਾਰੀ ਵੀ ਮੌਜੂਦ ਸਨ। ਸਥਾਨਕ ਵਾਸੀ ਸ਼ਸ਼ੀਕਾਂਤ ਨੇ ਇਸ ਮਾਮਲੇ ਦੀ ਸ਼ਿਕਾਇਤ ਸਕੂਲ ਪ੍ਰਸ਼ਾਸਨ ਅਤੇ ਬਲਾਕ ਸਿੱਖਿਆ ਵਿਭਾਗ ਨੂੰ ਈ-ਮੇਲ ਦੇ ਮਾਧਿਅਮ ਨਾਲ ਕੀਤੀ ਸੀ। ਉਨ੍ਹਾਂ ਨੇ ਮੁੱਖ ਮੰਤਰੀ ਹੈਲਪਲਾਈਨ 'ਤੇ ਵੀ ਸ਼ਿਕਾਇਤ ਦਰਜ ਕਰਵਾਈ ਸੀ। ਅਧਿਕਾਰੀਆਂ ਨੇ ਦੱਸਿਆ ਕਿ ਜਦੋਂ 8 ਨਵੰਬਰ ਨੂੰ ਬਲਾਕ ਸਿੱਖਿਆ ਅਧਿਕਾਰੀ (ਬੀ.ਈ.ਈ.ਓ.) ਜਾਂਚ ਲਈ ਪਹੁੰਚੇ ਤਾਂ ਸ਼ਿਕਾਇਤ ਸਹੀ ਪਾਈ ਗਈ ਪਰ ਕੋਈ ਕਾਰਵਾਈ ਨਹੀਂ ਕੀਤੀ ਗਈ। ਮੁੱਖ ਮੰਤਰੀ ਹੈਲਪਲਾਈਨ ਤੋਂ ਅਸਪੱਸ਼ਟ ਜਵਾਬ ਮਿਲਣ ਤੋਂ



ਬਾਅਦ ਸ਼ਸ਼ੀਕਾਂਤ ਨੇ ਸੂਚਨਾ ਦਾ ਅਧਿਕਾਰ (ਆਰ.ਟੀ.ਆਈ.) ਐਕਟ ਦੇ ਅਧੀਨ ਅਰਜੀ ਦਾਖਲ ਕਰ ਕੇ ਤੱਥ ਜੁਟਾਏ। ਇਸ ਤੋਂ ਬਾਅਦ ਉਨ੍ਹਾਂ ਨੇ ਅਪ੍ਰੈਲ 2022 'ਚ ਹਾਈ ਕੋਰਟ 'ਚ ਪਟੀਸ਼ਨ ਦਾਇਰ ਕਰ ਕੇ 2012 ਦੇ ਅਦਾਲਤ ਦੇ ਆਦੇਸ਼ ਦਾ ਹਵਾਲਾ ਦਿੱਤਾ। ਹਿਮਾਚਲ ਪ੍ਰਦੇਸ਼ ਹਾਈ ਕੋਰਟ ਨੇ 2012 'ਚ ਵਿਵਸਥਾ ਦਿੱਤੀ ਸੀ ਕਿ ਸਰਕਾਰੀ ਸਕੂਲਾਂ ਦੇ ਕੰਪਲੈਕਸ 'ਚ ਕਿਸੇ ਵੀ ਰਾਜਨੀਤਕ ਜਾਂ ਨਿੱਜੀ ਪ੍ਰੋਗਰਾਮ ਦੀ ਮਨਜੂਰੀ ਨਹੀਂ ਦਿੱਤੀ ਜਾਵੇਗੀ। ਅਧਿਕਾਰੀਆਂ ਨੇ ਦੱਸਿਆ ਕਿ ਸ਼ਸ਼ੀਕਾਂਤ ਦੀ ਪਟੀਸ਼ਨ 'ਚ ਰਾਜ ਸਿੱਖਿਆ ਵਿਭਾਗ ਦੇ ਸਕੱਤਰ, ਡਾਇਰੈਕਟਰ ਅਤੇ ਉੱਪ ਡਾਇਰੈਕਟਰ, ਬੀ.ਈ.ਈ.ਓ., ਸਕੂਲ ਦੇ ਪ੍ਰਿੰਸੀਪਲ ਅਤੇ ਵਿਆਹ ਦਾ ਆਯੋਜਨ ਕਰਨ ਵਾਲੀ ਅਧਿਆਪਕਾਂ ਨੂੰ ਪ੍ਰਤੀਵਾਦੀ ਬਣਾਇਆ ਗਿਆ। ਪਿਛਲੇ ਹਫਤੇ ਜਦੋਂ ਇਹ ਮਾਮਲਾ ਹਾਈ ਕੋਰਟ 'ਚ ਸੁਣਵਾਈ ਲਈ ਆਇਆ ਤਾਂ ਅਧਿਆਪਕਾ ਨੇ ਸਕੂਲ 'ਚ ਵਿਆਹ ਸਮਾਰੋਹ ਆਯੋਜਿਤ ਕਰਨ ਲਈ ਮੁਆਫੀ ਮੰਗੀ। ਅਧਿਕਾਰੀਆਂ ਨੇ ਦੱਸਿਆ ਕਿ ਮਾਮਲੇ ਦੀ ਸੁਣਵਾਈ ਕਰ ਰਹੇ ਜੱਜ ਅਜੇ ਮੋਹਨ ਗੋਇਲ ਨੇ ਉਨ੍ਹਾਂ ਨੂੰ ਚਾਰ ਹਫਤਿਆਂ 'ਚ ਸਕੂਲ 'ਚ 2 ਆਰ.ਓ. (ਰਿਵਰਸ ਆਸਮੋਸਿਸ) 'ਵਾਟਰ ਪਿਊਰੀਫਾਇਰ' ਲਗਵਾਉਣ ਦਾ ਨਿਰਦੇਸ਼ ਦਿੱਤਾ। ਉਨ੍ਹਾਂ ਦੱਸਿਆ ਕਿ ਬੈਂਚ ਨੇ ਮਾਮਲੇ ਦੀ ਅਗਲੀ ਸੁਣਵਾਈ 18 ਅਕਤੂਬਰ ਨੂੰ ਤੈਅ ਕੀਤੀ ਹੈ ਅਤੇ ਸੇਵਾਮੁਕਤ ਪ੍ਰਿੰਸੀਪਲ ਨੂੰ ਅਦਾਲਤ 'ਚ ਹਾਜਰ ਹੋਣ ਦਾ ਆਦੇਸ਼ ਦਿੱਤਾ ਹੈ।

## ਹੁਣ ਰੇਲਵੇ ਸਟੇਸ਼ਨ 'ਚ ਸ਼ੱਕੀ ਹਾਲਾਤ 'ਚ ਘੁੰਮਣ ਵਾਲਿਆਂ ਦੀ ਖੈਰ ਨਹੀਂ, ਜਾਰੀ ਹੋਏ ਸਖਤ ਹੁਕਮ

ਜਲੰਧਰ 13 ਸਤੰਬਰ। ਜਲੰਧਰ ਸਿਟੀ ਸਟੇਸਨ ਦੇ ਅੰਦਰ ਅਤੇ ਬਾਹਰ ਸੱਕੀ ਹਾਲਾਤ 'ਚ ਘੁੰਮਣ ਵਾਲਿਆਂ ਦੀ ਹੁਣ ਖੈਰ ਨਹੀਂ , ਕਿਉਂਕਿ ਜੀ. ਆਰ. ਪੀ. ਨੇ ਸਖਤੀ ਵਧਾ ਦਿੱਤੀ ਹੈ ਅਤੇ ਸਟੇਸਨ ਨੇੜੇ ਬਿਨਾਂ ਕਿਸੇ ਕਾਰਨ ਘੁੰਮਣ ਵਾਲੇ ਲੋਕਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਸਟੇਸਨ ਦੇ ਬਾਹਰ ਬੈਠੇ ਲੋਕਾਂ ਨੂੰ ਚਿਤਾਵਨੀ ਦਿੱਤੀ ਗਈ ਹੈ ਅਤੇ ਜੇਕਰ ਉਹ ਭਵਿੱਖ 'ਚ ਸਟੇਸਨ ਦੇ ਆਲੇ-ਦੁਆਲੇ ਬਿਨਾਂ ਕਾਰਨ ਘੁੰਮਣਗੇ ਤਾਂ ਕਾਰਵਾਈ ਦੀ




ਚਿਤਾਵਨੀ ਦਿੱਤੀ ਗਈ ਹੈ। ਇਸੇ ਲੜੀ ਤਹਿਤ ਜੀ. ਆਰ. ਪੀ. ਥਾਣਾ ਸਦਰ ਦੇ ਐੱਸ. ਐੱਚ. ਓ. ਪਲਵਿੰਦਰ ਸਿੰਘ ਭਿੰਡਰ ਨੇ ਸਟੇਸਨ ਦੇ ਅੰਦਰ ਅਤੇ ਬਾਹਰ ਚੈਕਿੰਗ ਮੁਹਿੰਮ ਚਲਾਈ। ਇਸ ਦੌਰਾਨ ਇਕ ਦਰਜਨ ਵਿਅਕਤੀਆਂ ਦੇ ਸਾਮਾਨ ਦੀ ਜਾਂਚ ਕੀਤੀ ਗਈ। ਸਟੇਸਨ ਦੇ ਬਾਹਰ ਬਿਨਾਂ ਕਿਸੇ ਕਾਰਨ ਘੁੰਮਣ ਵਾਲਿਆਂ ਦੇ ਨਾਂ ਆਦਿ ਨੋਟ ਕੀਤੇ ਗਏ ਹਨ। ਇਸੇ ਲੜੀ ਤਹਿਤ ਸਟੇਸਨ ਦੇ ਬਾਹਰ ਰੇਹੜੀਆਂ ਆਦਿ ਲਾਉਣ ਵਾਲਿਆਂ ਨੂੰ ਵੀ ਚੌਕਸ ਰਹਿਣ ਦੇ ਨਿਰਦੇਸ ਦਿੱਤੇ ਗਏ ਹਨ। ਭਿੰਡਰ ਨੇ ਕਿਹਾ ਕਿ ਜੇਕਰ ਕੋਈ ਵਿਅਕਤੀ ਸਟੇਸਨ ਦੇ ਬਾਹਰ ਸਰਾਬ ਪੀਂਦਾ ਪਾਇਆ ਗਿਆ ਤਾਂ ਉਸ ਵਿਰੁੱਧ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ, ਜਦਕਿ ਸਟੇਸਨ ਦੇ ਸਾਹਮਣੇ ਬਿਨਾਂ ਕਿਸੇ ਕਾਰਨ ਬੈਠਣ ਦੀ ਮਨਾਹੀ ਦੇ ਹੁਕਮ ਦਿੱਤੇ ਗਏ ਹਨ। ਸਟੇਸਨ 'ਤੇ ਤਾਇਨਾਤ ਸਾਰੇ ਕਰਮਚਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਆਪਣੇ ਰੁਟੀਨ ਚੱਕਰ ਜਾਰੀ ਰੱਖਣ ਅਤੇ ਸੱਕੀ ਲੋਕਾਂ 'ਤੇ ਨਜਰ ਰੱਖਣ।

## ਨੇਕ ਦਿਲ 'ਚੋਰ' ਦਾ ਅਜਿਹਾ ਕੰਮ, ਜਿਸ ਨੂੰ ਦੇਖ ਕੇ ਲੋਕਾਂ ਨੇ ਕਿਹਾ- 'ਇਨਸਾਨੀਅਤ ਅਜੇ ਜਿ਼ੰਦਾ ਹੈ...'

ਜਲਾਲਾਬਾਦ 13 ਸਤੰਬਰ। ਜਿੱਥੇ ਪੰਜਾਬ 'ਚ ਨਿੱਤ ਚੋਰੀ ਦੀਆਂ ਵਾਰਦਾਤਾਂ ਹੋ ਰਹੀਆਂ ਹਨ, ਉੱਥੇ ਹੀ ਜਲਾਲਾਬਾਦ ਤੋਂ ਇਕ ਅਜਿਹੀ ਘਟਨਾ ਸਾਹਮਣੇ ਆ ਰਹੀ ਹੈ, ਜਿਸ ਨੇ ਹਰ ਕਿਸੇ ਨੂੰ ਹੈਰਾਨ ਕਰ ਦਿੱਤਾ ਹੈ। ਜਾਣਕਾਰੀ ਅਨੁਸਾਰ ਜਲਾਲਾਬਾਦ ਦੇ ਪਿੰਡ ਘਾਗਾ ਕਲਾਂ ਦਾ ਇਕ ਵਿਅਕਤੀ ਜਸਵਿੰਦਰ ਸਿੰਘ ਪੁੱਤਰ ਸਵਰਨ ਸਿੰਘ ਬੀਤੇ ਦਿਨੀਂ ਅੰਮ੍ਰਿਤਸਰ ਸਾਹਿਬ ਵਿਖੇ ਮੱਥਾ ਟੇਕਣ ਲਈ ਗਿਆ ਸੀ। ਉੱਥੇ ਉਸ ਦਾ ਪਰਸ, ਜਿਸ 'ਚ ਕਰੀਬ 7 ਹਜਾਰ ਰੁਪਏ ਨਕਦੀ, ਆਧਾਰ ਕਾਰਡ, ਪੈਨ ਕਾਰਡ ਤੇ ਹੋਰ ਜਰੂਰੀ ਕਾਗਜ ਪੱਤਰ ਮੌਜੂਦ ਸਨ, ਚੋਰੀ ਹੋ ਗਿਆ। ਉਸ ਨੇ ਉੱਥੇ ਬਹੁਤ ਲੱਭਿਆ, ਪਰ ਉਸ ਨੂੰ ਉਸ ਦਾ ਸਾਮਾਨ ਨਹੀਂ ਮਿਲਿਆ। ਅੰਤ ਉਹ ਥੱਕ-ਹਾਰ ਕੇ ਘਰ ਆ ਗਿਆ। ਇਸ ਤੋਂ ਕੁਝ ਦਿਨ ਬਾਅਦ ਉਸ ਨੂੰ ਇਕ ਡਾਕ ਮਿਲੀ, ਜਿਸ ਨੇ ਉਸ ਨੂੰ ਹੈਰਾਨ ਕਰ ਦਿੱਤਾ। ਉਸ ਨੇ ਡਾਕ ਦਾ ਲਿਫਾਫਾ ਖੋਲ੍ਹ ਕੇ ਦੇਖਿਆ ਤਾਂ ਉਸ 'ਚ ਉਸ ਦੇ ਚੋਰੀ ਹੋਏ ਕਾਗਜ-ਪੱਤਰ ਹੀ ਸੀ, ਜਿਸ 'ਚ ਆਧਾਰ ਕਾਰਡ, ਪੈਨ ਕਾਰਡ ਆਦਿ ਮੌਜੂਦ ਸਨ। ਇਹ ਦੇਖ ਕੇ ਉਹ ਹੈਰਾਨ ਹੋ ਗਿਆ ਤੇ ਉਸ ਨੇ ਕਿਹਾ ਕਿ ਚੋਰਾਂ 'ਚ ਵੀ ਕਿਤੇ ਨਾ ਕਿਤੇ ਇਨਸਾਨੀਅਤ ਮੌਜੂਦ ਹੈ। ਉਸ ਨੇ ਇਸ ਨੇਕਦਿਲੀ ਲਈ ਚੋਰ ਦਾ ਧੰਨਵਾਦ ਕੀਤਾ ਹੈ।

## ਪੜ੍ਹਾਈ ਤੋਂ ਪ੍ਰੇਸ਼ਾਨ ਨੌਜਵਾਨ ਨੇ ਚੁੱਕਿਆ ਖੌਫਨਾਕ ਕਦਮ, ਮਾਂ ਤੇ ਭੈਣ ਨੂੰ ਸਹਿਰ ਛੱਡਣ ਪਿੱਛੋਂ ਘਰ ਆ ਕੀਤੀ ਖੁਦਕੁਸ਼ੀ

ਜਲੰਧਰ 13 ਸਤੰਬਰ। ਪੜ੍ਹਾਈ ਵਿਚ ਮਨ ਨਾ ਲੱਗਣ ਕਾਰਨ ਪ੍ਰੇਸ਼ਾਨ ਰਹਿੰਦੇ 19 ਸਾਲਾ ਨੌਜਵਾਨ ਨੇ ਆਪਣੀ ਮਾਂ ਅਤੇ ਭੈਣ ਨੂੰ ਸਹਿਰ ਵਿਚ ਕਿਸੇ ਕੰਮ ਲਈ ਛੱਡਣ ਤੋਂ ਬਾਅਦ ਘਰ ਆ ਕੇ ਖੁਦਕੁਸੀ ਕਰ ਲਈ। ਇਹ ਮਾਮਲਾ ਜਲੰਧਰ ਛਾਉਣੀ ਦੇ ਥਾਣਾ ਪਰਾਗਪੁਰ ਅਧੀਨ ਪੈਂਦੇ ਪਿੰਡ ਅਲਾਦੀਨਪੁਰ ਦਾ ਹੈ। ਮਾਮਲੇ ਦੀ ਜਾਂਚ ਕਰ ਰਹੇ ਪਰਾਗਪੁਰ ਚੌਕੀ ਦੇ ਏ. ਐੱਸ. ਆਈ. ਸਤਵਿੰਦਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਨੌਜਵਾਨ ਦੀ ਪਛਾਣ ਰੋਹਿਤ ਕੁਮਾਰ ਪੁੱਤਰ ਰਣਜੀਤ ਕੁਮਾਰ ਵਜੋਂ ਹੋਈ ਹੈ, ਜੋ ਕਿ ਮੇਹਰ ਚੰਦ ਪੋਲੀਟੈਕਨਿਕ ਕਾਲਜ ਵਿਚ ਪੜ੍ਹਦਾ ਸੀ। ਜਾਂਚ ਅਧਿਕਾਰੀ ਅਨੁਸਾਰ ਮ੍ਰਿਤਕ ਰੋਹਿਤ ਦੀ ਮਾਂ ਪੂਜਾ ਰਾਣੀ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਕਿਹਾ ਕਿ ਉਸ ਦਾ ਲੜਕਾ ਪਿਛਲੇ ਕੁਝ ਦਿਨਾਂ ਤੋਂ ਕਹਿ ਰਿਹਾ ਸੀ ਕਿ ਉਸ ਦਾ ਪੜ੍ਹਾਈ 'ਚ ਮਨ ਨਹੀਂ ਲੱਗ ਰਿਹਾ। ਉਨ੍ਹਾਂ ਦੱਸਿਆ ਕਿ ਰੋਹਿਤ ਉਸ ਨੂੰ ਅਤੇ ਆਪਣੀ ਭੈਣ ਨੂੰ ਸਹਿਰ ਛੱਡ ਕੇ ਘਰ ਆ



ਗਿਆ। ਜਦੋਂ ਉਹ 5.30 ਵਜੇ ਘਰ ਵਾਪਸ ਪਹੁੰਚੇ ਤਾਂ ਦੇਖਿਆ ਕਿ ਰੋਹਿਤ ਨੇ ਲੋਹੇ ਦੀ ਰਾਡ ਨਾਲ ਕੁਮਾਰ ਵਜੋਂ ਹੋਈ ਹੈ, ਜੋ ਕਿ ਮੇਹਰ ਚੰਦ ਪੋਲੀਟੈਕਨਿਕ ਕਾਲਜ ਵਿਚ ਪੜ੍ਹਦਾ ਸੀ। ਜਾਂਚ ਅਧਿਕਾਰੀ ਅਨੁਸਾਰ ਮ੍ਰਿਤਕ ਰੋਹਿਤ ਦੀ ਮਾਂ ਪੂਜਾ ਰਾਣੀ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਕਿਹਾ ਕਿ ਉਸ ਦਾ ਲੜਕਾ ਪਿਛਲੇ ਕੁਝ ਦਿਨਾਂਕੱਪੜਾ ਬੰਨ੍ਹ ਕੇ ਫਾਹਾ ਲਾਇਆ ਹੋਇਆ ਸੀ। ਉਹ ਉਸ ਨੂੰ ਤੁਰੰਤ ਹਸਪਤਾਲ ਲੈ ਕੇ ਗਏ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਮਾਂ ਮੁਤਾਬਕ ਬੇਟੇ ਨੇ ਪੜ੍ਹਾਈ 'ਚ ਮਨ ਨਾ ਲੱਗਣ ਕਾਰਨ ਹੀ ਖੁਦਕੁਸ਼ੀ ਕਰਨ ਜਿਹਾ ਗਲਤ ਕਦਮ ਚੁੱਕਿਆ। ਏ. ਐੱਸ. ਆਈ. ਸਤਵਿੰਦਰ ਸਿੰਘ ਨੇ ਕਿਹਾ ਕਿ ਪੁਲਸ ਨੇ ਮ੍ਰਿਤਕ ਦੀ ਲਾਸ ਨੂੰ ਆਪਣੇ ਕਬਜੇ 'ਚ ਲੈ ਕੇ ਸਿਵਲ ਹਸਪਤਾਲ ਭੇਜ ਦਿੱਤਾ ਹੈ। ਭਲਕੇ ਬਣਦੀ ਕਾਨੂੰਨੀ ਕਾਰਵਾਈ ਕਰਦੇ ਹੋਏ ਉਸ ਦਾ ਪੋਸਟਮਾਰਟਮ ਕਰਵਾਉਣ ਤੋਂ ਬਾਅਦ ਲਾਸ ਉਸਦੇ ਪਰਿਵਾਰਕ ਮੈਂਬਰਾਂ ਦੇ ਹਵਾਲੇ ਕਰ ਦਿੱਤੀ ਜਾਵੇਗੀ। ਪਰਿਵਾਰ ਨੇ ਕਿਹਾ ਕਿ ਰੋਹਿਤ ਦਾ ਅੰਤਿਮ ਸੰਸਕਾਰ ਉਸਦੇ ਪਿਤਾ ਦੇ ਵਿਦੇਸ ਤੋਂ ਪਰਤਣ ਉਪਰੰਤ ਕੀਤਾ ਜਾਵੇਗਾ। ਇਰਾਕ 'ਚ ਰਹਿੰਦੇ ਰੋਹਿਤ ਦੇ ਪਿਤਾ ਨੂੰ ਉਸ ਦੇ ਪੁੱਤਰ ਦੀ ਮੌਤ ਦੀ ਸੂਚਨਾ ਦੇ ਦਿੱਤੀ ਗਈ ਹੈ।

## ਰਿਸ਼ਤੇ ਹੋਏ ਤਾਰ-ਤਾਰ: ਭਰਾ ਨੇ ਚਚੇਰੀ ਭੈਣ ਨਾਲ ਕੀਤਾ ਜਬਰ-ਜਿਨਾਹ

ਟਿਹਰੀ/ਦੇਹਰਾਦੂਨ 13 ਸਤੰਬਰ। ਉੱਤਰਾਖੰਡ ਦੇ ਟਿਹਰੀ ਗੜ੍ਹਵਾਲ ਜਿ਼ਲੇ 'ਚ ਆਪਣੀ ਚਚੇਰੀ ਭੈਣ ਨਾਲ ਜਬਰ-ਜਨਾਹ ਕਰਨ ਵਾਲਾ ਮੁਲਜਮ ਪੁਲਸ ਨੇ ਕੁਝ ਹੀ ਘੰਟਿਆਂ 'ਚ ਬੁੱਧਵਾਰ ਦੇਰ ਸ਼ਾਮ ਗ੍ਰਿਫਤਾਰ ਕਰ ਲਿਆ। ਸੀਨੀਅਰ ਪੁਲਸ ਸੁਪਰਡੈਂਟ (ਐੱਸ. ਐੱਸ. ਪੀ.) ਆਯੂਸ਼ ਅੱਗਰਵਾਲ ਨੇ ਦੱਸਿਆ ਕਿ ਬੁੱਧਵਾਰ ਨੂੰ ਥਾਣਾ ਚੰਬਾ ਅਧੀਨ ਪੈਂਦੇ ਇਕ ਪਿੰਡ ਦੀ ਇਕ ਔਰਤ ਨੇ ਲਿਖਤੀ ਸ਼ਿਕਾਇਤ ਦਿੱਤੀ। ਜਿਸ 'ਚ ਲਿਖਿਆ ਸੀ ਕਿ ਮੰਗਲਵਾਰ (10 ਸਤੰਬਰ) ਨੂੰ ਦਿਨ ਵੇਲੇ ਉਹ ਕਿਸੇ ਕੰਮ ਦੇ ਸਬੰਧ 'ਚ ਨਵੀਂ ਟਿਹਰੀ ਗਈ ਸੀ ਅਤੇ ਉਸ ਦੇ ਹੋਰ ਬੱਚੇ ਸਕੂਲ ਗਏ ਸਨ ਤਾਂ ਗੁਆਂਢ 'ਚ ਰਹਿਣ ਵਾਲੇ ਉਨ੍ਹਾਂ ਦੇ ਜੇਠ ਦੇ ਮੁੰਡੇ ਬਲਵੰਤ ਪ੍ਰਕਾਸ਼ (27) ਨੇ ਉਸ ਦੀ 13 ਸਾਲਾ ਧੀ ਨਾਲ ਜਬਰ-ਜਨਾਹ ਕੀਤਾ। ਸ਼ਾਮ ਨੂੰ ਘਰ ਆਉਣ 'ਤੇ ਲੜਕੀ ਚੁੱਪ ਸੀ ਤਾਂ ਉਨ੍ਹਾਂ ਵੱਲੋਂ ਕਾਫ਼ੀ ਪੁੱਛਣ 'ਤੇ ਉਸ ਨੇ ਆਪਣੇ ਨਾਲ ਹੋਈ ਉਕਤ ਘਟਨਾ ਬਾਰੇ ਦੱਸਿਆ। ਐੱਸ. ਐੱਸ. ਪੀ. ਨੇ ਦੱਸਿਆ ਕਿ ਸੂਚਨਾ ਮਿਲਣ 'ਤੇ ਥਾਣਾ ਚੰਬਾ 'ਚ ਤੁਰੰਤ ਜਬਰ-ਜਨਾਹ ਅਤੇ ਪੋਕਸੋ ਐਕਟ ਦੀਆਂ ਗੰਭੀਰ ਧਾਰਾਵਾਂ ਤਹਿਤ ਮੁਕੱਦਮਾ ਦਰਜ ਕੀਤਾ ਗਿਆ।

## ਸਪਾ ਵਿਧਾਇਕ ਦੇ ਘਰ ਫਾਹੇ ਨਾਲ ਲਟਕੀ ਮਿਲੀ ਘਰੇਲੂ ਸਹਾਇਕ ਦੀ ਲਾਸ਼

ਭਦੋਹੀ 13 ਸਤੰਬਰ। ਉੱਤਰ ਪ੍ਰਦੇਸ਼ ਦੇ ਭਦੋਹੀ ਜਿ਼ਲ੍ਹੇ 'ਚ ਸਮਾਜਵਾਦੀ ਪਾਰਟੀ (ਸਪਾ) ਦੇ ਵਿਧਾਇਕ ਜਾਹਿਦ ਜਮਾਲ ਬੇਗ ਦੇ ਘਰ 'ਚ ਕੰਮ ਕਰਨ ਵਾਲੀ 18 ਸਾਲਾ ਘਰੇਲੂ ਸਹਾਇਕਾ ਦੀ ਲਾਸ਼ ਫਾਹੇ ਨਾਲ ਲਟਕੀ ਮਿਲੀ। ਪੁਲਸ ਖੇਤਰ ਅਧਿਕਾਰੀ ਅਜੇ ਕੁਮਾਰ ਚੌਹਾਨ ਨੇ ਦੱਸਿਆ ਕਿ ਸ਼ਹਿਰ ਕੋਤਵਾਲੀ ਇਲਾਕੇ ਦੇ ਮਾਲਕਾਨਾ ਮੁਹੱਲਾ ਵਾਸੀ ਭਦੋਹੀ ਸਦਰ ਸੀਟ ਤੋਂ ਸਮਾਜਵਾਦੀ ਪਾਰਟੀ ਦੇ ਵਿਧਾਇਕ ਜਾਹਿਦ ਜਮਾਲ ਬੇਗ ਦੇ ਘਰ 'ਚ ਨਾਜੀਆ (18) ਨਾਮੀ ਕੁੜੀ ਪਿਛਲੇ ਕਈ ਸਾਲਾਂ ਤੋਂ ਘਰੇਲੂ ਸਹਾਇਕਾ ਵਜੋਂ ਕੰਮ ਕਰਦੀ ਸੀ। ਚੌਹਾਨ ਨੇ ਦੱਸਿਆ ਕਿ ਉਹ ਵਿਧਾਇਕ ਦੇ ਘਰ 'ਚ ਸਭ ਤੋਂ ਉੱਪਰ ਬਣੇ ਕਮਰੇ 'ਚ ਰਹਿੰਦੀ ਸੀ ਅਤੇ ਉਸ ਦਾ ਪਰਿਵਾਰ ਸ਼ਹਿਰ ਦੇ ਮਾਮਦੇਵ ਪੁਰ ਸਥਿਤ ਕਾਂਸ਼ੀਰਾਮ ਰਿਹਾਇਸ਼ 'ਚ ਰਹਿੰਦਾ ਹੈ। ਚੌਹਾਨ ਨੇ ਦੱਸਿਆ ਕਿ ਸੋਮਵਾਰ ਸਵੇਰੇ ਜਦੋਂ ਨਾਜੀਆ ਕਾਫੀ ਦੇਰ ਤੱਕ ਨਹੀਂ ਜਾਗੀ ਤਾਂ ਵਿਧਾਇਕ ਦੇ ਪਰਿਵਾਰ ਨੇ ਅੰਦਰ ਝਾਂਕ ਕੇ ਦੇਖਿਆ ਤਾਂ



ਦਰਵਾਜਾ ਅੰਦਰੋਂ ਬੰਦ ਸੀ ਅਤੇ ਨਾਜੀਆ ਦੀ ਲਾਸ਼ ਫਾਹੇ ਨਾਲ ਲਟਕ ਰਹੀ ਸੀ। ਉਨ੍ਹਾਂ ਦੱਸਿਆ ਕਿ ਸੂਚਨਾ ਮਿਲਣ 'ਤੇ ਮੌਕੇ 'ਤੇ ਪਹੁੰਚੀ ਪੁਲਸ ਨੇ ਦਰਵਾਜਾ ਤੁੜਵਾਇਆ ਅਤੇ ਲਾਸ਼ ਨੂੰ ਕੱਢ ਕੇ ਪੋਸਟਮਾਰਟਮ ਲਈ ਭੇਜ ਦਿੱਤਾ। ਹਰ ਪਹਿਲੂ ਦੀ ਜਾਂਚ ਲਈ ਫੋਰੈਂਸਿਕ ਟੀਮ ਵੀ ਕੰਮ ਕਰ ਰਹੀ ਹੈ। ਦੋ ਡਾਕਟਰਾਂ ਦੇ ਪੈਨਲ ਵੱਲੋਂ ਲਾਸ਼ ਦਾ ਪੋਸਟਮਾਰਟਮ ਕਰਵਾਇਆ ਜਾਵੇਗਾ ਅਤੇ ਇਸ ਦੀ ਵੀਡੀਓਗ੍ਰਾਫੀ ਵੀ ਕੀਤੀ ਜਾਵੇਗੀ। ਵਿਧਾਇਕ ਜਾਹਿਦ ਬੇਗ ਨੇ ਦੱਸਿਆ ਕਿ ਨਾਜੀਆ ਪਿਛਲੇ 8 ਸਾਲਾਂ ਤੋਂ ਉਨ੍ਹਾਂ ਦੇ ਘਰ ਕੰਮ ਕਰ ਰਹੀ ਸੀ, ਉਸ ਨੂੰ ਘਰ ਦੇ ਉੱਪਰ ਬਣੇ ਸਟੋਰ ਰੂਮ ਵਿਚ ਰਹਿਣ ਲਈ ਜਗ੍ਹਾ ਦਿੱਤੀ ਗਈ ਸੀ।

## ਨਾਗਰਾ ਤੇ ਟਾਂਡਾ ਫਾਟਕ 'ਤੇ ਮਿਲੀਆਂ 2 ਨੌਜਵਾਨਾਂ ਦੀਆਂ ਲਾਸਾਂ

ਜਲੰਧਰ 13 ਸਤੰਬਰ। ਪੁਲਸ ਨੂੰ ਟਾਂਡਾ ਫਾਟਕ ਅਤੇ ਨਾਗਰਾ ਰੇਲਵੇ ਲਾਈਨਾਂ 'ਤੇ 2 ਨੌਜਵਾਨਾਂ ਦੀਆਂ ਲਾਸਾਂ ਮਿਲੀਆਂ ਹਨ, ਜਿਨ੍ਹਾਂ 'ਚੋਂ ਇਕ ਨੌਜਵਾਨ ਦੀ ਜੇਬ ਵਿਚੋਂ ਨਸੇ ਵਾਲਾ ਟੀਕਾ ਬਰਾਮਦ ਹੋਇਆ ਹੈ, ਜਿਸ ਕਾਰਨ ਪੁਲਸ ਦਾ ਮੰਨਣਾ ਹੈ ਕਿ ਨਸੇ ਦੀ ਹਾਲਤ 'ਚ ਲਾਈਨਾਂ 'ਤੇ ਬੈਠਾ ਨੌਜਵਾਨ ਟ੍ਰੇਨ ਦੀ ਲਪੇਟ 'ਚ ਆ ਗਿਆ ਹੋਵੇਗਾ। ਰਾਤ



ਕਰੀਬ 9 ਵਜੇ ਟਾਂਡਾ ਫਾਟਕ ਨੇੜੇ ਪੁੱਜੇ ਏ. ਐੱਸ. ਆਈ. ਚਰਨਜੀਤ ਸਿੰਘ ਨੇ ਲਾਸ ਦੀ ਸਨਾਖਤ ਕਰਨ ਦੀ ਕੋਸਿ਼ਸ ਕੀਤੀ ਪਰ ਕੋਈ ਪਛਾਣ ਪੱਤਰ ਨਹੀਂ ਮਿਲਿਆ। ਨੌਜਵਾਨ ਦੀ ਉਮਰ 25 ਤੋਂ 30 ਸਾਲ ਦਰਮਿਆਨ ਜਾਪਦੀ ਹੈ। ਪਹਿਲੀ ਡੈੱਡ ਬਾਡੀ ਬਾਰੇ ਸਵੇਰੇ 4.45 ਵਜੇ ਇਕ ਮੀਮੋ ਮਿਲਿਆ। ਇਸ ਦੇ ਮੁਤਾਬਕ ਜੰਮੂ-ਅਹਿਮਦਾਬਾਦ ਟ੍ਰੇਨ ਦੀ ਲਪੇਟ 'ਚ ਆਉਣ ਨਾਲ 35-40 ਸਾਲ ਦੇ ਵਿਅਕਤੀ ਦੀ ਮੌਤ ਹੋ ਗਈ। ਉਕਤ ਵਿਅਕਤੀ ਦੀ ਲੱਤ ਵੱਢੀ ਗਈ ਸੀ, ਜਿਸ ਤੋਂ ਲੱਗਦਾ ਹੈ ਕਿ ਟ੍ਰੇਨ ਦੀ ਲਪੇਟ 'ਚ ਆਏ ਵਿਅਕਤੀ ਨੇ ਬਚਣ ਦੀ ਕੋਸਿ਼ਸ ਕੀਤੀ ਹੋਵੇਗੀ ਪਰ ਉਹ ਅਜਿਹਾ ਨਹੀਂ ਕਰ ਸਕਿਆ। ਏ. ਐੱਸ. ਆਈ. ਚਰਨਜੀਤ ਸਿੰਘ ਨੇ ਦੱਸਿਆ ਕਿ ਦੋਵੇਂ ਲਾਸਾਂ ਨੂੰ ਸਨਾਖਤ ਲਈ 72 ਘੰਟਿਆਂ ਲਈ ਸਿਵਲ ਹਸਪਤਾਲ ਦੇ ਡੈੱਡ ਹਾਊਸ 'ਚ ਰਖਵਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਜਿਸ ਥਾਂ ਤੋਂ ਲਾਸ ਮਿਲੀ ਹੈ, ਉਸ ਦੇ ਆਸ-ਪਾਸ ਲੋਕਾਂ ਤੋਂ ਪੁੱਛਗਿੱਛ ਕੀਤੀ ਗਈ ਪਰ ਕੁਝ ਪਤਾ ਨਹੀਂ ਲੱਗ ਸਕਿਆ।

## ਸਰਕਾਰੀ ਮੁਲਾਜਮਾਂ ਲਈ ਜਾਰੀ ਹੋਇਆ ਸਖਤ ਫਰਮਾਨ, ਦੋ ਤੋਂ ਵੱਧ ਬੱਚੇ ਹੋਣ 'ਤੇ ਨਹੀਂ ਮਿਲੇਗੀ ਤਰੱਕੀ

ਨੈਸਨਲ ਡੈਸਕ 13 ਸਤੰਬਰ। ਰਾਜਸਥਾਨ ਹਾਈ ਕੋਰਟ ਨੇ ਦੋ ਤੋਂ ਵੱਧ ਬੱਚੇ ਪੈਦਾ ਕਰਨ ਵਾਲੇ ਸਰਕਾਰੀ ਮੁਲਾਜਮਾਂ ਦੀ ਤਰੱਕੀ 'ਤੇ ਰੋਕ ਲਗਾਉਣ ਦਾ ਹੁਕਮ ਦਿੱਤਾ ਹੈ। ਦਰਅਸਲ, 2023 ਵਿੱਚ ਤਤਕਾਲੀ ਸਰਕਾਰ ਨੇ ਦੋ ਤੋਂ ਵੱਧ ਬੱਚਿਆਂ ਵਾਲੇ ਸਰਕਾਰੀ ਕਰਮਚਾਰੀਆਂ ਦੀ ਤਰੱਕੀ 'ਤੇ ਪਾਬੰਦੀ ਹਟਾਉਣ ਦਾ ਫੈਸਲਾ ਕੀਤਾ ਸੀ। ਇਹ ਪਾਬੰਦੀ ਪਹਿਲਾਂ ਸਰਕਾਰ ਵੱਲੋਂ ਲਗਾਈ ਗਈ ਸੀ, ਜਿਸ ਤਹਿਤ 2 ਤੋਂ ਵੱਧ ਬੱਚੇ ਰੱਖਣ ਵਾਲੇ ਸਰਕਾਰੀ ਮੁਲਾਜਮਾਂ ਨੂੰ ਤਰੱਕੀ ਨਹੀਂ ਦਿੱਤੀ ਜਾਵੇਗੀ। ਹਾਲਾਂਕਿ ਹਾਈ ਕੋਰਟ ਦੇ ਜਸਟਿਸ ਪੰਕਜ ਭੰਡਾਰੀ ਅਤੇ ਜਸਟਿਸ ਵਿਨੋਦ ਕੁਮਾਰ ਭਰਵਾਨੀ ਦੇ ਬੈਂਚ ਨੇ ਸਰਕਾਰੀ ਹੁਕਮਾਂ 'ਤੇ ਅੰਤ੍ਰਿਮ ਰੋਕ ਲਗਾ ਦਿੱਤੀ ਹੈ। ਇਸ ਤੋਂ ਪਹਿਲਾਂ ਫਰਵਰੀ 2024 'ਚ ਸੁਪਰੀਮ ਕੋਰਟ ਨੇ ਦੋ ਬੱਚਾ ਨੀਤੀ 'ਤੇ ਵੱਡਾ ਫੈਸਲਾ ਸੁਣਾਇਆ ਸੀ। ਰਾਜਸਥਾਨ ਦੇ "ਦੋ ਤੋਂ ਵੱਧ ਬੱਚਿਆਂ ਲਈ ਕੋਈ ਸਰਕਾਰੀ ਨੌਕਰੀ ਨਹੀਂ" ਵਾਲੇ ਨਿਯਮ ਨੂੰ ਸੁਪਰੀਮ ਕੋਰਟ ਵਿੱਚ ਚੁਣੌਤੀ ਦਿੱਤੀ ਗਈ ਸੀ। ਇਸ 'ਤੇ ਆਪਣਾ ਫੈਸਲਾ ਸੁਣਾਉਂਦੇ ਹੋਏ ਸੁਪਰੀਮ ਕੋਰਟ ਨੇ ਕਿਹਾ ਸੀ ਕਿ ਦੋ ਤੋਂ ਵੱਧ ਬੱਚੇ ਹੋਣ 'ਤੇ ਸਰਕਾਰੀ ਨੌਕਰੀ ਦੇਣ ਤੋਂ ਇਨਕਾਰ ਕਰਨਾ ਭੇਦਭਾਵ ਨਹੀਂ ਹੈ। ਅਦਾਲਤ ਨੇ ਕਿਹਾ ਸੀ ਕਿ ਇਹ ਨਿਯਮ ਸਰਕਾਰੀ ਨੌਕਰੀਆਂ ਲਈ ਉਮੀਦਵਾਰਾਂ ਨੂੰ ਅਯੋਗ ਕਰਾਰ ਦਿੰਦਾ ਹੈ ਜੇਕਰ ਉਨ੍ਹਾਂ ਦੇ ਦੋ ਤੋਂ ਵੱਧ ਜੀਵਤ ਬੱਚੇ ਹਨ ਅਤੇ ਭੇਦਭਾਵ ਨਹੀਂ ਹੈ। ਅਦਾਲਤ ਨੇ ਸਪੱਸਟ ਕੀਤਾ ਸੀ ਕਿ ਇਸ ਨਿਯਮ ਦਾ ਮਕਸਦ ਪਰਿਵਾਰ ਨਿਯੋਜਨ ਨੂੰ ਉਤਸਾਹਿਤ ਕਰਨਾ ਹੈ। ਦੱਸ ਦੇਈਏ ਕਿ ਮਹਾਰਾਸਟਰ ਵਿੱਚ ਟੂ-ਚਾਈਲਡ ਪਾਲਿਸੀ ਨੂੰ ਲੈ ਕੇ ਕਈ ਨਿਯਮ ਹਨ। 2001 ਦੇ ਇੱਕ ਸਰਕਾਰੀ ਮਤੇ ਵਿੱਚ ਕਿਹਾ ਗਿਆ ਹੈ ਕਿ ਜੇਕਰ ਕਿਸੇ ਕਰਮਚਾਰੀ ਦੇ ਦੋ ਤੋਂ ਵੱਧ ਬੱਚੇ ਹਨ, ਤਾਂ ਉਸਦੀ ਮੌਤ ਤੋਂ ਬਾਅਦ ਉਸਦੇ ਪਰਿਵਾਰ ਦੇ ਕਿਸੇ ਵੀ ਵਿਅਕਤੀ ਨੂੰ ਤਰਸ ਦੇ ਆਧਾਰ 'ਤੇ ਨਿਯੁਕਤੀ ਨਹੀਂ ਦਿੱਤੀ ਜਾਵੇਗੀ। 2005 ਤੋਂ ਲਾਗੂ ਸਿਵਲ ਨਿਯਮਾਂ ਵਿੱਚ ਇਹ ਵਿਵਸਥਾ ਹੈ ਕਿ ਦੋ ਤੋਂ ਵੱਧ ਬੱਚੇ ਪੈਦਾ ਹੋਣ 'ਤੇ ਸਰਕਾਰੀ ਨੌਕਰੀ ਲਈ ਯੋਗ ਨਹੀਂ ਹੋਣਗੇ। ਇਨ੍ਹਾਂ ਨਿਯਮਾਂ ਦੇ ਲਾਗੂ ਹੋਣ ਤੋਂ ਬਾਅਦ ਜੇਕਰ ਕਿਸੇ ਕਰਮਚਾਰੀ ਦਾ ਤੀਜਾ ਬੱਚਾ ਹੁੰਦਾ ਹੈ ਤਾਂ ਉਹ ਸਰਕਾਰੀ ਨੌਕਰੀ ਲਈ ਅਯੋਗ ਹੋ ਜਾਵੇਗਾ। ਇਹ ਨਿਯਮ ਗਰੁੱਪ ਏ, ਬੀ, ਸੀ ਅਤੇ ਡੀ ਵਿਚ ਭਰਤੀ ਕੀਤੇ ਗਏ ਕਰਮਚਾਰੀਆਂ 'ਤੇ ਲਾਗੂ ਹੁੰਦੇ ਹਨ। ਇਸੇ ਤਰ੍ਹਾਂ ਮਹਾਰਾਸਟਰ ਵਿੱਚ ਦੋ ਤੋਂ ਵੱਧ ਬੱਚੇ ਪੈਦਾ ਕਰਨ ਵਾਲੇ ਲੋਕਾਂ ਨੂੰ ਸਥਾਨਕ ਚੋਣਾਂ ਲੜਨ ਤੋਂ ਰੋਕ ਦਿੱਤਾ ਗਿਆ ਹੈ। ਦੋ ਤੋਂ ਵੱਧ ਬੱਚੇ ਵਾਲੇ ਲੋਕ ਪੰਚਾਇਤ ਅਤੇ ਜਿ਼ਲ੍ਹਾ ਪ੍ਰੀਸਦ ਦੀਆਂ ਚੋਣਾਂ ਨਹੀਂ ਲੜ ਸਕਦੇ।

## ਅੱਧੀ ਰਾਤ ਨੂੰ ਤਿੰਨ ਨੌਜਵਾਨਾਂ ਨੇ ਚਲਾਈਆਂ ਗੋਲੀਆਂ

ਗੁਰੂਹਰਸਹਾਏ 13 ਸਤੰਬਰ। ਸਹਿਰ ਦੇ ਰੇਲਵੇ ਪੁਲ ਦੇ ਕੋਲ ਬੀਤੇ ਵੀਰਵਾਰ ਦੀ ਦੇਰ ਰਾਤ ਨੂੰ ਤਿੰਨ ਮੋਟਰਸਾਈਕਲ ਸਵਾਰ ਅਣਪਛਾਤੇ ਨੌਜਵਾਨਾਂ ਨੇ ਗੋਲੀਆਂ ਚਲਾ ਦਿੱਤੀਆਂ। ਇਸ ਘਟਨਾ 'ਚ ਇਕ ਨੌਜਵਾਨ ਵਾਲ-ਵਾਲ ਬਚ ਗਿਆ। ਘਟਨਾ ਵਾਲੀ ਥਾਂ 'ਤੇ ਡੀ. ਐੱਸ. ਪੀ. ਸਤਨਾਮ ਸਿੰਘ ਪੁਲਸ ਪਾਰਟੀ ਸਮੇਤ ਪਹੁੰਚੇ ਅਤੇ ਘਟਨਾ ਦਾ ਜਾਇਜਾ ਲਿਆ। ਉਨ੍ਹਾਂ ਕਿਹਾ ਕਿ ਹਮਲਾਵਰਾਂ ਨੂੰ ਜਲਦੀ ਫੜ ਲਿਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਇੰਦਰਾ ਕਲੋਨੀ 'ਚ ਰਹਿੰਦੇ ਕਰਨ ਪੁੱਤਰ ਰਵੀ ਨੇ ਦੱਸਿਆ ਕਿ ਬੀਤੇ ਵੀਰਵਾਰ ਨੂੰ ਰਾਤ ਸਵਾ 10 ਵਜੇ ਦੇ ਕਰੀਬ ਘਰ ਵਿਚ ਫਲੱਸ ਨਾ ਹੋਣ ਕਰਕੇ ਉਨ੍ਹਾਂ ਦੇ ਪਰਿਵਾਰਕ ਮੈਂਬਰ ਔਰਤਾਂ ਬਾਹਰ ਜਾਂਦੀਆਂ ਹਨ, ਇਸ ਦੌਰਾਨ ਤਿੰਨ ਸਰਾਰਤੀ ਅਨਸਰਾਂ ਨੇ ਉਨ੍ਹਾਂ ਦਾ ਪਿੱਛਾ ਕੀਤਾ, ਪਿੱਛਾ ਕਰਨ ਉਪਰੰਤ ਉਨ੍ਹਾਂ ਨੂੰ ਰੋਕਿਆ ਤਾਂ ਉਨ੍ਹਾਂ ਨਾਲ ਬਹਿਸਬਾਜੀ ਸੁਰੂ ਹੋ ਗਈ ਅਤੇ ਉਹ ਉਥੋਂ ਚਲੇ ਗਏ। ਇਸ ਦੌਰਾਨ ਅਸੀਂ ਰੇਲਵੇ ਪੁਲ ਦੇ ਕੋਲ ਖੜ੍ਹੇ ਸੀ ਤਾਂ ਇਸ ਦੌਰਾਨ ਥੋੜੇ ਸਮੇਂ ਬਾਅਦ ਉਹ ਤਿੰਨੇ ਅਣਪਛਾਤੇ ਵਿਅਕਤੀ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ ਅਤੇ ਉਨ੍ਹਾਂ ਨੇ ਦੋ ਸਿੱਧੇ ਫਾਇਰ ਮੇਰੇ 'ਤੇ ਕੀਤੇ, ਕੋਲ ਖੜੇ ਸੰਨੀ ਪੁੱਤਰ ਕਰਨੈਲ ਸਿੰਘ ਨੇ ਸਮਾਂ ਰਹਿੰਦੇ ਉਸ ਨੂੰ ਬਚਾ ਲਿਆ। ਹਮਲਾਵਰ ਗੋਲੀਆਂ ਚਲਾ ਕੇ ਮੌਕੇ ਤੋਂ ਫਰਾਰ ਹੋ ਗਏ। ਇਸ ਘਟਨਾ ਸਬੰਧੀ ਪੁਲਸ ਨੂੰ ਸੂਚਿਤ ਕੀਤਾ ਗਿਆ। ਘਟਨਾ ਵਾਲੀ ਥਾਂ 'ਤੇ ਇਲਾਕੇ ਦੇ ਡੀ. ਐੱਸ. ਪੀ. ਸਤਨਾਮ ਸਿੰਘ ਪਹੁੰਚੇ ਅਤੇ ਜਾਇਜਾ ਲਿਆ। ਡੀ. ਐੱਸ. ਪੀ. ਨੇ ਕਿਹਾ ਕਿ ਉਨ੍ਹਾਂ ਵੱਲੋਂ ਜਾਂਚ ਜਾਰੀ ਹੈ। ਹਮਲਾਵਰਾਂ ਨੂੰ ਫੜਨ ਲਈ ਪੁਲਸ ਦੀਆਂ ਟੀਮਾਂ ਬਣਾ ਕੇ ਛਾਪੇਮਾਰੀ ਕੀਤੀ ਜਾ ਰਹੀ ਹੈ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814

Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਪਟਿਆਲਾ ਜ਼ਿਲ੍ਹੇ ਦੇ 9 ਅਧਿਆਪਕਾਂ ਨੂੰ ਸਟੇਟ ਅਵਾਰਡ ਹਾਸਲ ਹੋਣਾ ਜ਼ਿਲ੍ਹੇ ਦੀ ਵੱਡੀ ਪ੍ਰਾਪਤੀ : ਸ਼ੌਕਤ ਅਹਿਮਦ ਪਰੇ

➢ ਡਿਪਟੀ ਕਮਿਸ਼ਨਰ ਨੇ ਸਟੇਟ ਅਵਾਰਡੀ ਅਧਿਆਪਕਾਂ ਨਾਲ ਮੁਲਾਕਾਤ ਕਰਕੇ ਦਿੱਤੀ ਸ਼ਾਬਾਸ਼

➢ ਸਰਕਾਰੀ ਸਕੂਲਾਂ ਪ੍ਰਤੀ ਲੋਕਾਂ 'ਚ ਵਿਸ਼ਵਾਸ਼ ਬਹਾਲ ਰੱਖਣ ਲਈ ਅਧਿਆਪਕਾਂ ਦੀ ਜ਼ਿੰਮੇਵਾਰੀ ਅਹਿਮ

**ਪਟਿਆਲਾ, 13 ਸਤੰਬਰ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**



ਪਟਿਆਲਾ ਜ਼ਿਲ੍ਹੇ ਦੇ ਸਟੇਟ ਅਵਾਰਡੀ ਅਧਿਆਪਕਾਂ ਨੂੰ ਸਨਮਾਨਤ ਕਰਦੇ ਹੋਏ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ। ਉਨ੍ਹਾਂ ਦੇ ਨਾਲ ਏ.ਡੀ.ਸੀ. ਡਾ. ਹਰਜਿੰਦਰ ਸਿੰਘ ਬੇਦੀ ਤੇ ਜ਼ਿਲ੍ਹਾ ਸਿੱਖਿਆ ਅ.ਫਸਰ ਵੀ ਨਜ਼ਰ ਆ ਰਹੇ ਹਨ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਅਧਿਆਪਕ ਦਿਵਸ ਮੌਕੇ ਰਾਜ ਦੇ ਅਧਿਆਪਕਾਂ ਨੂੰ ਸਟੇਟ ਅਵਾਰਡ ਪ੍ਰਦਾਨ ਕੀਤੇ ਗਏ, ਇਨ੍ਹਾਂ ਵਿੱਚੋਂ 9 ਅਧਿਆਪਕ ਪਟਿਆਲਾ ਜ਼ਿਲ੍ਹੇ ਨਾਲ ਸਬੰਧਤ ਹੋਣਾ ਜ਼ਿਲ੍ਹੇ ਦੀ ਵੱਡੀ ਤੇ ਮਾਣਮੱਤੀ ਪ੍ਰਾਪਤੀ ਹੈ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਅੱਜ ਇਨ੍ਹਾਂ ਅਧਿਆਪਕਾਂ ਨਾਲ ਮੁਲਾਕਾਤ ਕਰਨ ਸਮੇਂ ਕੀਤਾ।

ਡਿਪਟੀ ਕਮਿਸ਼ਨਰ ਨੇ ਇਨ੍ਹਾਂ ਸਮੂਹ ਅਧਿਆਪਕਾਂ ਨੂੰ ਸ਼ਾਬਾਸ਼ ਦਿੰਦਿਆਂ ਸੱਦਾ ਦਿੱਤਾ ਕਿ ਸਰਕਾਰੀ ਸਕੂਲਾਂ ਪ੍ਰਤੀ ਲੋਕਾਂ ਦਾ ਵਿਸ਼ਵਾਸ਼ ਬਹਾਲ ਕਰਨਾ ਅਧਿਆਪਕਾਂ ਸਿਰ ਅਹਿਮ ਜ਼ਿੰਮੇਵਾਰੀ ਹੁੰਦੀ ਹੈ ਅਤੇ ਉਨ੍ਹਾਂ ਨੂੰ ਉਮੀਦ ਹੈ ਕਿ ਪਟਿਆਲਾ ਜ਼ਿਲ੍ਹੇ ਦੇ ਸਮੂਹ ਅਧਿਆਪਕ ਇਸ ਨੂੰ ਬਾਖੂਬੀ ਨਿਭਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਦਾ ਸਬੂਤ ਜ਼ਿਲ੍ਹੇ ਦੇ 9 ਅਧਿਆਪਕਾਂ ਨੂੰ ਰਾਜ ਪੱਧਰੀ ਪੁਰਸਕਾਰ ਨਾਲ ਮੁੱਖ ਮੰਤਰੀ ਵੱਲੋਂ ਸਨਮਾਨਤ ਕਰਨਾ ਹੈ।

ਸ਼ੌਕਤ ਅਹਿਮਦ ਪਰੇ ਨੇ ਕਿਹਾ ਕਿ ਜਿਸ ਤਰ੍ਹਾਂ ਬਿਹਤਰ ਸਿੱਖਿਆ ਪੰਜਾਬ ਸਰਕਾਰ ਦੀ ਮੁਢਲੀ ਤਰਜੀਹ ਹੈ, ਉਸਦੇ ਮੱਦੇਨਜ਼ਰ ਸਟੇਟ ਅਵਾਰਡੀ ਅਧਿਆਪਕ ਆਪਣੇ ਸਕੂਲਾਂ ਵਿੱਚ ਸਿੱਖਿਆ ਲਈ ਹੋਰ ਬਿਹਤਰ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਲਈ ਤਜਵੀਜਾਂ ਬਣਾਉਣ, ਜਿਸ ਲਈ ਲੋੜੀਂਦੇ ਫੰਡ ਤੁਰੰਤ ਪ੍ਰਦਾਨ ਕੀਤੇ ਜਾਣਗੇ। ਉਨ੍ਹਾਂ ਨੇ ਸਾਰੇ ਸਕੂਲਾਂ ਨੂੰ ਗਰੀਨ ਸਕੂਲ ਬਣਾਉਣ 'ਤੇ ਵੀ ਜ਼ੋਰ ਦਿੱਤਾ।

ਸਟੇਟ ਅਵਾਰਡੀ ਅਧਿਆਪਕਾਂ ਵਿੱਚ ਭਗਵਾਨਪੁਰ ਜੱਟਾਂ ਸਕੂਲ ਦੇ ਪ੍ਰਿੰਸੀਪਲ ਮਨੋਹਰ ਲਾਲ, ਭਾਦਸੋਂ-2 ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਜਗਜੀਤ ਸਿੰਘ, ਫ਼ਤਿਹਗੜ੍ਹ ਛੰਨਾ ਸਕੂਲ ਦੇ ਅੰਗਰੇਜੀ ਲੈਕਚਰਾਰ ਕੋਮਲਪ੍ਰੀਤ ਕੌਰ, ਬੂਹੀ ਸਕੂਲ ਦੇ ਹੈਡਮਿਸਟ੍ਰੈਸ ਪਰਮਜੀਤ ਕੌਰ, ਸਿਵਲ ਲਾਈਨ ਸਕੂਲ ਦੇ ਸਾਇੰਸ ਅਧਿਆਪਕਾ ਗਗਨਦੀਪ ਕੌਰ, ਮਾਡਲ ਟਾਊਨ ਸੈਂਟਰ ਹੈਡ ਟੀਚਰ ਜਸਪ੍ਰੀਤ ਕੌਰ, ਲੌਟ ਸਕੂਲ ਦੇ ਆਈ.ਟੀ. ਸਹਾਇਕ ਟੀਚਰ ਨਰਿੰਦਰ ਸਿੰਘ, ਅਲੀਪੁਰ ਅਰਾਈਆਂ ਸਕੂਲ ਦੇ ਈ.ਟੀ.ਟੀ. ਅਧਿਆਪਕਾ ਅਨੀਤਾ ਅਤੇ ਉਲਾਣਾ ਸਕੂਲ ਦੇ ਪੀ.ਟੀ.ਆਈ. ਅਧਿਆਪਕ ਜਸਵਿੰਦਰ ਸਿੰਘ ਨੂੰ ਡਿਪਟੀ ਕਮਿਸ਼ਨਰ ਨੇ ਵਿਸ਼ੇਸ਼ ਤੌਰ 'ਤੇ ਮੁਬਾਰਕਬਾਦ ਦਿੱਤੀ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਦਿਹਾਤੀ ਵਿਕਾਸ) ਡਾ. ਹਰਜਿੰਦਰ ਸਿੰਘ ਬੇਦੀ, ਜ਼ਿਲ੍ਹਾ ਸਿੱਖਿਆ ਅਫ਼ਸਰ (ਸ.ਸ) ਸੰਜੀਵ ਸ਼ਰਮਾ ਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਅ.ਸ) ਸ਼ਾਲੂ ਮਹਿਰਾ, ਡਿਪਟੀ ਡੀ.ਈ.ਓ. ਡਾ. ਰਵਿੰਦਰਪਾਲ ਸਿੰਘ ਤੇ ਮਨਵਿੰਦਰ ਕੌਰ ਭੁੱਲਰ ਵੀ ਮੌਜੂਦ ਸਨ।

# ਖੇਤੀਬਾੜੀ ਵਿਭਾਗ ਨੇ ਪਿੰਡ ਬਖਸ਼ੀਵਾਲਾ ਵਿਖੇ ਲਗਾਇਆ ਕਿਸਾਨ ਜਾਗਰੂਕਤਾ ਕੈਂਪ

**ਪਟਿਆਲਾ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਦੇ ਦਿਸ਼ਾ ਨਿਰਦੇਸ਼ਾਂ ਅਤੇ ਮੁੱਖ ਖੇਤੀਬਾੜੀ ਅਫ਼ਸਰ ਡਾ. ਜਸਵਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਡਾ. ਅਵਨਿੰਦਰ ਸਿੰਘ ਮਾਨ ਖੇਤੀਬਾੜੀ ਅਫ਼ਸਰ ਰਾਜਪੁਰਾ ਦੇ ਪ੍ਰਬੰਧਾਂ ਤਹਿਤ ਸੀ.ਆਰ.ਐਮ.ਸਕੀਮ ਅਧੀਨ ਝੋਨੇ ਦੀ ਪਰਾਲੀ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਸਬੰਧੀ ਬਲਾਕ ਰਾਜਪੁਰਾ ਦੇ ਪਿੰਡ ਬਖਸ਼ੀਵਾਲਾ ਵਿਖੇ ਅੱਜ ਕੈਂਪ ਲਗਾਇਆ ਗਿਆ। ਜਿਸ ਵਿਚ ਪਿੰਡ ਨੈਣਾਂ, ਉਗਾਣਾ, ਉਗਾਣੀ, ਬਸੰਤਪੁਰਾ, ਅਲੂਣਾ, ਚੱਕ ਕੱਲਾ, ਭੇਡਵਾਲ, ਹਰਿਆਉ, ਰੰਗੀਆ ਅਤੇ ਨੇੜੇ ਦੇ ਪਿੰਡਾਂ ਦੇ ਕਿਸਾਨਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ।

ਕੈਂਪ ਵਿਚ ਕਿਸਾਨਾਂ ਨੂੰ ਸੰਬੋਧਿਤ ਕਰਦੇ ਹੋਏ ਡਾ. ਅਵਨਿੰਦਰ ਸਿੰਘ ਮਾਨ ਨੇ ਕਿਸਾਨਾਂ ਨੂੰ ਖੇਤੀ ਵਿੱਚ ਨਵੀਂ ਤਕਨੀਕਾਂ ਅਪਣਾ ਕੇ ਖੇਤੀ ਨੂੰ ਇੱਕ ਵਪਾਰ ਦੀ ਤਰਾ ਵਧਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਸਾਨਾਂ ਨੂੰ ਵੱਖ-ਵੱਖ ਮਸ਼ੀਨਾਂ ਜਿਵੇਂ ਕਿ ਸੁਪਰਸੀਡਰ, ਸੁਪਰ ਐਸ.ਐਮ.ਐਸ, ਸਮਾਰਟ ਸੀਡਰ, ਹੈਪੀ ਸੀਡਰ, ਚੌਪਰ ਮਲਚਰ ਕਸਟਮ ਹਾਇਰਿੰਗ ਸੈਂਟਰ ਰਾਹੀਂ, ਸਹਿਕਾਰੀ ਸਭਾਵਾਂ, ਗਰਾਮ ਪੰਚਾਇਤਾਂ ਅਤੇ ਨਿੱਜੀ ਪੱਧਰ ਤੇ ਸਬਸਿਡੀ ਤੇ ਦਿੱਤੀ ਗਈ ਮਸ਼ੀਨਰੀ ਰਾਹੀਂ ਝੋਨੇ ਦੀ ਪਰਾਲੀ ਨੂੰ ਸੰਭਾਲਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਦੌਰਾਨ ਡਾ. ਨੀਤੂ ਰਾਣੀ ਖੇਤੀਬਾੜੀ ਵਿਕਾਸ ਅਫ਼ਸਰ ਰਾਜਪੁਰਾ ਵੱਲੋਂ ਸਟੇਜ ਦੇ ਸੰਚਾਲਨ ਕੀਤਾ ਗਿਆ ਅਤੇ ਕਿਸਾਨਾਂ ਨੂੰ ਅਪੀਲ ਕੀਤੀ ਗਈ ਕੀ ਅੱਜ ਦਾ ਸਮਾਂ ਵਾਤਾਵਰਨ ਨੂੰ ਸਵੱਛ ਰੱਖਣ ਦਾ ਸਮਾਂ ਹੈ ਅਤੇ ਕਿਸਾਨ ਵੀਰ ਵਾਤਾਵਰਨ ਨੂੰ ਸੰਭਾਲਣ ਲਈ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਦੀ ਥਾਂ ਖੇਤਾਂ ਵਿੱਚ ਹੀ ਮਿਲਾ ਕੇ ਅਪਣਾ ਮਹੱਤਵਪੂਰਨ ਯੋਗਦਾਨ ਪਾ ਸਕਦੇ ਹਨ।

ਖੇਤੀਬਾੜੀ ਵਿਸਥਾਰ ਅਫ਼ਸਰ ਰਾਜਪੁਰਾ ਸੰਜੀਵ ਕੁਮਾਰ ਵੱਲੋ ਕਿਸਾਨਾਂ ਨੂੰ ਜਾਗਰੂਕ ਕਰਦਿਆਂ ਕਿਹਾ ਕਿ ਝੋਨੇ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਾਉਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵੱਧਦੀ ਹੈ ਅਤੇ ਕਈ ਤਰ੍ਹਾਂ ਦੀਆਂ ਬਿਮਾਰੀਆਂ ਤੋਂ ਵੀ ਛੁਟਕਾਰਾ ਮਿਲਦਾ ਹੈ। ਡਾ. ਅਮਨਦੀਪ ਕੌਰ, ਖੇਤੀਬਾੜੀ ਵਿਕਾਸ ਅਫ਼ਸਰ, ਵੱਲੋਂ ਕਿਸਾਨਾਂ ਨੂੰ ਮਿੱਟੀ ਪਾਣੀ ਦੀ ਪਰਖ ਬਾਰੇ ਜਾਗਰੂਕ ਕੀਤਾ ਗਿਆ । ਉਨ੍ਹਾਂ ਵੱਲੋਂ ਕਿਸਾਨਾਂ ਨੂੰ ਦੱਸਿਆਂ ਗਿਆ ਕਿ ਮਿੱਟੀ ਪਾਣੀ ਪਰਖ ਕਰਵਾਉਣਾ ਕਿਉਂ ਜ਼ਰੂਰੀ ਹੈ ਅਤੇ ਇਸ ਤਰ੍ਹਾਂ ਕਿਸਾਨ ਮਿੱਟੀ ਦੀ ਸਿਹਤ ਬਾਰੇ ਜਾਣ ਸਕਦੇ ਹਨ ਅਤੇ ਮਿੱਟੀ ਸਿਹਤ ਕਾਰਡ ਅਨੁਸਾਰ ਖਾਦਾਂ ਦੀ ਵਰਤੋਂ ਕਰਕੇ ਖੇਤੀ ਖ਼ਰਚੇ ਘਟਾ ਸਕਦੇ ਹਨ।

ਡਾ. ਅਮਨਪ੍ਰੀਤ ਸਿੰਘ ਸੰਧੂ, ਖੇਤੀਬਾੜੀ ਵਿਕਾਸ ਅਫ਼ਸਰ,ਵੱਲੋਂ ਕਿਸਾਨਾਂ ਨੂੰ ਝੋਨੇ ਵਿਚ ਖਾਦਾਂ ਦੀ ਸੁਚੱਜੀ ਵਰਤੋਂ ਬਾਰੇ ਦੱਸਿਆ ਗਿਆ। ਉਨ੍ਹਾਂ ਵੱਲੋਂ ਕਿਸਾਨਾਂ ਨੂੰ ਦੱਸਿਆ ਗਿਆ ਕਿ ਜੇਕਰ ਅਸੀਂ ਲੋੜ ਤੋਂ ਵੱਧ ਖਾਦਾਂ ਦੀ ਵਰਤੋਂ ਕਰਦੇ ਹਾਂ ਤਾਂ ਇਸ ਨਾਲ ਇਕ ਤਾਂ ਖੇਤੀ ਖ਼ਰਚੇ ਵੱਧ ਦੇ ਹਨ, ਦੂਜਾ ਕੀੜੇ ਮਕੌੜਿਆਂ ਦਾ ਹਮਲਾ ਵੀ ਵੱਧਦਾ ਹੈ।

ਡਾ. ਰਵਿੰਦਰਪਾਲ ਸਿੰਘ ਚੱਠਾ ਖੇਤੀਬਾੜੀ ਵਿਸਥਾਰ ਅਫ਼ਸਰ, ਵੱਲੋਂ ਝੋਨੇ ਦੇ ਕੀੜੇ ਮਕੌੜੇ, ਬਿਮਾਰੀਆਂ ਅਤੇ ਉਨ੍ਹਾਂ ਦੀ ਰੋਕਥਾਮ ਬਾਰੇ ਜਾਗਰੂਕ ਕੀਤਾ ਗਿਆ। ਉਨ੍ਹਾਂ ਵੱਲੋਂ ਕਿਸਾਨਾਂ ਨੂੰ ਕੇਂਦਰ ਵੱਲੋਂ ਚੱਲ ਰਹਿਆਂ ਵੱਖ ਵੱਖ ਸਕੀਮਾਂ ਬਾਰੇ ਜਾਣੂ ਕਰਵਾਇਆ ਗਿਆ। ਡਾ.ਸਿਕੰਦਰ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ ਵੱਲੋਂ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਸਕੀਮ , ਕਰਜ਼ਾ ਮਾਫ਼ੀ ਸਕੀਮ, ਅਤੇ ਕੇਂਦਰ ਦੀਆਂ ਚੱਲ ਰਹੀਆਂ ਵੱਖ ਵੱਖ ਸਕੀਮਾਂ ਬਾਰੇ ਜਾਣਕਾਰੀ ਦਿੱਤੀ।

ਡਾ ਪੁਨੀਤ ਕੁਮਾਰ ਖੇਤੀਬਾੜੀ ਵਿਕਾਸ ਅਫ਼ਸਰ ਨੇ ਕਿਸਾਨਾਂ ਨੂੰ ਪੀ.ਏ.ਯੂ ਵੱਲੋਂ ਦੱਸਿਆ ਕੀਟਨਾਸ਼ਕ ਦਵਾਇਆ ਹੀ ਝੋਨੇ ਵਿੱਚ ਵਰਤਣ ਲਈ ਅਤੇ ਬਾਸਮਤੀ ਉੱਤੇ ਪਾਬੰਦੀ ਸ਼ੁਦਾ ਦਵਾਇਆ ਦੀ ਵਰਤੋ ਤੋ ਗੁਰੇਜ਼ ਕਰਨ ਲਈ ਪ੍ਰੇਰਿਤ ਕੀਤਾ।

ਕੈਂਪ ਵਿਚ ਖੇਤੀਬਾੜੀ ਵਿਭਾਗ ਰਾਜਪੁਰਾ ਵੱਲੋਂ ਮਨਦੀਪ ਸਿੰਘ ਪੋਲਾ, ਰਣਵੀਰ ਸਿੰਘ ਰਾਣਾ ਵੱਲੋਂ ਕਿਸਾਨੀ ਹਿਤ ਕੰਮਾਂ ਅਤੇ ਜਰਨੈਲ ਸਿੰਘ,ਬਲਜੀਤ ਸਿੰਘ ਚੀਮਾ, ਪੂਰਨ ਸਿੰਘ, ਅਤੇ ਰਸ਼ਕਿੰਦਰ ਸਿੰਘ ਨੂੰ ਕੁਲਵਿੰਦਰ ਸਿੰਘ ਸੈਕਟਰੀ ਕੋਆਪਰੇਟਿਵ ਸੋਸਾਇਟੀ ਨੂੰ ਕਿਸਾਨੀ ਵਿੱਚ ਵੱਖ ਵੱਖ ਤਰੀਕੇ ਰਾਹੀ ਜਿਵੇਂ ਝੋਨੇ ਦੀ ਸਿੱਧੀ ਬਿਜਾਈ , ਬਿਨਾ ਪਰਾਲੀ ਨੂੰ ਅੱਗ ਲਗਾਏ ਬਿਨਾਂ ਖੇਤੀ ਕਰਨ ਵਿੱਚ ਅਪਣਾ ਹਿੱਸਾ ਪਾਉਣ ਤੇ ਸਨਮਾਨਿਤ ਕੀਤਾ ਗਿਆ।

## ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ-2025 ਲਈ ਅਪਲਾਈ ਕਰਨ ਦੀ ਆਖਰੀ ਮਿਤੀ 15 ਸਤੰਬਰ

**ਪਟਿਆਲਾ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਡਾ. ਸਾਇਨਾ ਕਪੂਰ ਨੇ ਦੱਸਿਆ ਕਿ ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ, ਭਾਰਤ ਸਰਕਾਰ ਵੱਲੋਂ ਦੇਸ਼ ਦੇ ਹੋਣਹਾਰ ਬੱਚਿਆਂ ਨੂੰ ਸਨਮਾਨਿਤ ਕਰਨ ਲਈ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਯੋਜਨਾ ਅਧੀਨ ਬਹਾਦਰ ਬੱਚਿਆਂ ਨੂੰ ਪੁਰਸਕਾਰ ਦਿੱਤਾ ਜਾਣਾ ਹੈ। ਇਹ ਪੁਰਸਕਾਰ ਉਨ੍ਹਾਂ ਬੱਚਿਆਂ ਨੂੰ ਦਿੱਤੇ ਜਾਂਦੇ ਹਨ ਜੋ ਬਹਾਦਰੀ, ਖੇਡਾਂ, ਸੇਵਾ, ਵਿਗਿਆਨ ਅਤੇ ਤਕਨਾਲੋਜੀ, ਵਾਤਾਵਰਣ, ਕਲਾ ਅਤੇ ਸੱਭਿਆਚਾਰ ਅਤੇ ਨਵੀਨਤਾ ਦੇ ਖੇਤਰਾਂ ਵਿੱਚ ਰਾਸ਼ਟਰੀ ਪੱਧਰ 'ਤੇ ਮਾਨਤਾ ਦੇ ਹੱਕਦਾਰ ਹਨ।

ਉਨ੍ਹਾਂ ਦੱਸਿਆ ਕਿ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ ਅਪਲਾਈ ਕਰਨ ਲਈ ਵਿਭਾਗ ਵੱਲੋਂ ਆਨ ਲਾਈਨ ਪੋਰਟਲ http://award.gov.in ਬਣਾਇਆ ਗਿਆ ਹੈ ਜਿਸ ਵਿੱਚ ਪੁਰਸਕਾਰ ਲਈ ਅਪਲਾਈ ਕਰਨ ਸਬੰਧੀ ਗਾਇਡਲਾਈਨਜ ਜਾਰੀ ਕੀਤੀਆਂ ਗਈਆਂ ਹਨ। ਇਸ ਵਿੱਚ ਕੇਵਲ ਉਹ ਹੀ ਬੱਚਾ ਅਪਲਾਈ ਕਰ ਸਕਦਾ ਹੈ ਜਿਸ ਦੀ ਉਮਰ 15 ਸਤੰਬਰ 2024 ਨੂੰ 5 ਸਾਲ ਤੋਂ ਵੱਧ ਅਤੇ 18 ਸਾਲ ਤਕ ਹੋਵੇ। ਇਸ ਪੁਰਸਕਾਰ ਲਈ ਬੱਚਿਆਂ ਵੱਲੋਂ ਆਪ ਵੀ ਅਪਲਾਈ ਕੀਤਾ ਜਾ ਸਕਦਾ ਹੈ ਅਤੇ ਬੱਚੇ ਦੇ ਮਾਤਾ-ਪਿਤਾ, ਸਕੂਲੀ ਅਧਿਆਪਕ, ਅਧਿਕਾਰੀ ਆਦਿ ਵੀ ਅਪਲਾਈ ਕਰ ਸਕਦੇ ਹਨ। ਇਸ ਨੂੰ ਅਪਲਾਈ ਕਰਨ ਦੀ ਅੰਤਿਮ ਮਿਤੀ 15 ਸਤੰਬਰ 2024 ਤੱਕ ਹੈ।

# 'ਖੇਡਾਂ ਵਤਨ ਪੰਜਾਬ ਦੀਆਂ' ਦੇ ਬਲਾਕ ਪੱਧਰੀ ਖੇਡਾਂ 'ਚ ਹੋਏ ਦਿਲਚਸਪ ਮੁਕਾਬਲੇ

**ਪਟਿਆਲਾ, 13 ਸਤੰਬਰ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਸਰਕਾਰ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ-2024' ਸੀਜ਼ਨ-3 ਤਹਿਤ ਕਰਵਾਏ ਜਾ ਰਹੇ ਬਲਾਕ ਪੱਧਰੀ ਮੁਕਾਬਲਿਆਂ ਦੇ ਅੱਜ ਦੂਜੇ ਦਿਨ ਪਟਿਆਲਾ ਜ਼ਿਲ੍ਹੇ ਦੇ ਛੇ ਬਲਾਕਾਂ ਸਨੌਰ, ਘਨੌਰ, ਨਾਭਾ, ਭੁਨਰਹੇੜੀ, ਰਾਜਪੁਰਾ ਅਤੇ ਸਮਾਣਾ ਵਿੱਚ ਦਿਲਚਸਪ ਮੁਕਾਬਲੇ ਹੋਏ।

ਜ਼ਿਲ੍ਹਾ ਖੇਡ ਅਫ਼ਸਰ ਪਟਿਆਲਾ ਹਰਪਿੰਦਰ ਸਿੰਘ ਨੇ ਅੱਜ ਦੇ ਨਤੀਜਿਆਂ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਲਾਕ ਸਨੌਰ ਦੇ ਵਿੱਚ ਹੋਏ ਅਥਲੈਟਿਕਸ ਅੰਡਰ-17 ਸਾਲ ਉਮਰ ਵਰਗ (ਲੜਕੇ) 200 ਮੀਟਰ ਦੌੜ ਦੇ ਫਾਈਨਲ ਮੁਕਾਬਲਿਆਂ ਵਿੱਚ ਪ੍ਰਭਜੋਤ ਸਿੰਘ, ਅਪੋਲੋ ਪਬਲਿਕ ਸਕੂਲ, ਪਟਿਆਲਾ ਨੇ ਪਹਿਲਾ, ਹਰਮਨ ਕੁਮਾਰ, ਸਿਵਲ ਲਾਈਨ ਪਟਿਆਲਾ ਨੇ ਦੂਜਾ ਅਤੇ ਸੰਪੰਨ ਸ਼ਰਮਾ, ਡੀ.ਏ.ਵੀ ਗਲੋਬਲ ਸਕੂਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ 41-50 ਉਮਰ ਵਰਗ (ਮਹਿਲਾ) ਵਿੱਚ 400 ਮੀਟਰ ਦੌੜ ਵਿੱਚ ਵਨੀਤਾ ਗੋਇਲ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ 100 ਮੀਟਰ ਅੰਡਰ-70 ਤੋਂ ਉਪਰ ਉਮਰ ਵਰਗ ਵਿੱਚ ਸੰਤੋਸ਼ ਕੁਮਾਰੀ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।

ਬਲਾਕ ਘਨੌਰ ਵਿੱਚ ਕਬੱਡੀ (ਸਰਕਲ ਸਟਾਈਲ) ਅੰਡਰ-14 ਉਮਰ ਵਰਗ ਟੀਮ (ਲੜਕੀਆਂ) ਦੇ ਫਾਈਨਲ ਮੁਕਾਬਲਿਆਂ ਵਿੱਚ ਘਨੌਰ ਦੀ ਟੀਮ ਨੇ ਪਹਿਲਾ ਅਤੇ ਮੰਡੋਲੀ ਦੀ ਟੀਮ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਅੰਡਰ-21 ਲੜਕੀਆਂ ਵਿੱਚ ਸਰਕਾਰੀ ਸਕੂਲ ਉਡਾਣਾ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।

ਫੁੱਟਬਾਲ ਅੰਡਰ-17 (ਲੜਕੇ) ਅਜਰਾਬਰ ਦੀ ਟੀਮ ਨੇ 4-0 ਦੀ ਫ਼ਰਕ ਨਾਲ ਚੱਪੜ ਦੀ ਟੀਮ ਨੂੰ ਹਰਾਇਆ ਅਤੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਅੰਡਰ-17 ਲੜਕੀਆਂ ਦੇ ਮੁਕਾਬਲੇ ਵਿੱਚ ਸ.ਸ.ਸ.ਸ ਹਰਪਾਲਪੁਰ ਦੀ ਟੀਮ ਜੇਤੂ ਰਹੀ।

ਬਲਾਕ ਭੁਨਰਹੇੜੀ ਵਿੱਚ ਕਬੱਡੀ (ਨੈਸ਼ਨਲ ਸਟਾਈਲ) ਅੰਡਰ-14 ਲੜਕੇ ਅਤੇ ਲੜਕੀਆਂ ਦੇ ਖੇਡ ਮੁਕਾਬਲਿਆਂ ਵਿੱਚ ਸ.ਹ.ਸ ਭੱਜਮਾਰਾ ਨੇ ਜਿੱਤ ਹਾਸਲ ਕੀਤੀ ਅਤੇ ਪਹਿਲਾ ਸਥਾਨ ਪ੍ਰਾਪਤ ਕੀਤਾ। ਵਾਲੀਬਾਲ ਅੰਡਰ-21 ਲੜਕੇ ਖੇਡ ਮੁਕਾਬਲੇ ਵਿੱਚ ਮਾਤਾ ਗੁਜਰੀ ਪਬਲਿਕ ਸਕੂਲ ਦੇਵੀਗੜ੍ਹ ਨੇ ਟੈਗੋਰ ਇੰਟਰਨੈਸ਼ਨਲ ਸਕੂਲ ਅਕਬਰਪੁਰ ਦੀ ਟੀਮ ਨੂੰ ਹਰਾਇਆ। ਅੰਡਰ-17 ਲੜਕਿਆਂ ਦੇ ਮੁਕਾਬਲੇ ਵਿੱਚ ਟੈਗੋਰ ਇੰਟਰਨੈਸ਼ਨਲ ਸਕੂਲ ਅਕਬਰਪੁਰ ਨੇ ਪੈਪਸੂ ਇੰਟਰਨੈਸ਼ਨਲ ਸਕੂਲ ਜੋੜੀਆਂ ਨੂੰ ਹਰਾ ਕਿ ਜਿੱਤ ਹਾਸਲ ਕੀਤੀ।

ਨਾਭਾ ਬਲਾਕ ਵਿੱਚ ਵਾਲੀਬਾਲ ਅੰਡਰ-17 ਲੜਕੇ ਖੇਡ ਮੁਕਾਬਲਿਆਂ ਵਿੱਚ ਸ.ਹ.ਸ ਫਤਹਿਗੁਪਰ ਨੇ ਪਹਿਲਾ, ਸ.ਹ.ਸ ਰਾਜਗੜ੍ਹ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਖੋ-ਖੋ ਅੰਡਰ-14 ਲੜਕਿਆਂ ਵਿੱਚ ਸ.ਹ.ਸ ਬੀਨਾਹੇੜੀ ਦੀ ਟੀਮ ਨੇ ਪਹਿਲਾ ਸ.ਸ.ਸ.ਸ ਮਲ੍ਹੇਵਾਲ ਨੇ ਦੂਸਰਾ ਅਤੇ ਸ.ਹ.ਸ ਫ਼ਤਿਹਪੁਰ ਦੀ ਟੀਮ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।

ਅਥਲੈਟਿਕਸ ਅੰਡਰ-14 ਲੜਕੇ ਲੌਂਗ ਜੰਪ ਦੇ ਮੁਕਾਬਲੇ ਵਿੱਚ ਸੂਰਜ ਕੁਮਾਰ ਸ.ਸ.ਸ.ਸ ਭਾਦਸੋਂ ਨੇ ਪਹਿਲਾ ਜਸਕਰਨ ਸਿੰਘ, ਡੀ.ਏ.ਵੀ ਸਕੂਲ ਨੇ ਦੂਜਾ ਅਤੇ ਸਹਿਜਦੀਪ ਸਿੰਘ ਰੱਖੜਾ ਨੇ ਤੀਸਰਾ ਸਥਾਨ ਹਾਸਲ ਕੀਤਾ।

# ਤਿਹਰਾ ਕਤਲ ਕੇਸ: ਪੁਲਿਸ ਨੇ ਮੁਲਜ਼ਮ ਦਾ 7 ਦਿਨਾਂ ਦਾ ਰਿਮਾਂਡ ਹਾਸਲ ਕੀਤਾ

**ਫਿਰੋਜ਼ਪੁਰ, 13 ਸਤੰਬਰ**
**-ਰਾਜੀਵ ਕੁਮਾਰ-**
**-ਕੌਮੀ ਪੱਤ੍ਰਿਕਾ ਬਿਊਰੋ-**

2 ਸਤੰਬਰ ਨੂੰ ਫਿਰੋਜ਼ਪੁਰ ਦੇ ਤਿਹਰੇ ਕਤਲ ਕੇਸ ਵਿੱਚ ਪੁਲਿਸ ਨੂੰ ਸਫਲਤਾ ਮਿਲੀ। ਇਸ ਕਤਲੇਆਮ ਵਿੱਚ ਤਿੰਨ ਚਚੇਰੇ ਭਰਾਵਾਂ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਹੈ। ਮਾਮਲਾ ਇੰਨਾ ਵੱਧ ਗਿਆ ਸੀ ਕਿ ਇਸ ਮਾਮਲੇ ਦੇ ਮੁਲਜ਼ਮਾਂ ਨੂੰ ਫੜਨਾ ਪੁਲਿਸ ਲਈ ਚੁਣੌਤੀ ਬਣ ਗਿਆ ਹੈ। ਇਸ ਮਾਮਲੇ ਦੀ ਜਾਂਚ ਖੁਦ ਪੰਜਾਬ ਪੁਲਿਸ ਦੇ ਉੱਚ ਅਧਿਕਾਰੀਆਂ ਨੇ ਕੀਤੀ ਸੀ। ਮੁਲਜ਼ਮਾਂ ਨੂੰ ਫੜਨ ਲਈ ਪੰਜਾਬ ਸਮੇਤ ਸਾਰੇ ਰਾਜਾਂ ਵਿੱਚ ਤਾਲਮੇਲ ਸ਼ੁਰੂ ਹੋ ਗਿਆ ਸੀ। ਆਖਰਕਾਰ, ਪੁਲਿਸ ਨੂੰ ਸਫਲਤਾ ਮਿਲੀ ਅਤੇ ਪੁਲਿਸ ਨੇ ਮਹਾਰਾਸ਼ਟਰ ਪੁਲਿਸ ਦੇ ਨਾਲ ਮਿਲ ਕੇ ਇਸ ਮਾਮਲੇ ਵਿੱਚ ਛੇ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ। ਇਸ ਦੇ ਲਈ ਸੋਮਵਾਰ ਨੂੰ ਫਿਰੋਜ਼ਪੁਰ ਦੇ ਐਸਐਸਪੀ ਸੋਮਿਆ ਮਿਸ਼ਰਾ ਨੇ ਆਈਜੀ ਨਾਲ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਕੀਤੀ ਅਤੇ ਸਾਰੀ ਜਾਣਕਾਰੀ ਮੀਡੀਆ ਵਿੱਚ ਸਾਂਝੀ ਕੀਤੀ। ਸੋਮਵਾਰ ਦੇਰ ਸ਼ਾਮ ਫਿਰੋਜ਼ਪੁਰ ਦੀ ਸੀਆਈਏ ਟੀਮ ਸਾਰੇ ਮੁਲਜ਼ਮਾਂ, ਇਸ ਕੇਸ ਦੇ ਛੇ ਮੁਲਜ਼ਮਾਂ ਨੂੰ ਲੈ ਕੇ ਫਿਰੋਜ਼ਪੁਰ ਸੀਆਈਏ ਸਟਾਫ ਪਹੁੰਚੀ ਅਤੇ ਕਤਲੇਆਮ ਸਮੇਂ ਮ੍ਰਿਤਕਾਂ ਦੀ ਰੇਕੀ ਕਰਨ ਵਾਲੇ ਸਾਰੇ ਮੁਲਜ਼ਮਾਂ ਨੂੰ ਮੰਗਲਵਾਰ ਨੂੰ ਸਖਤ ਸੁਰੱਖਿਆ ਹੇਠ ਪਹਿਲਾਂ ਫਿਰੋਜ਼ਪੁਰ ਦੇ ਸਿਵਲ ਹਸਪਤਾਲ ਲਿਜਾਇਆ ਗਿਆ, ਜਿੱਥੇ ਉਨ੍ਹਾਂ ਦੀ ਜਾਂਚ ਕੀਤੀ ਗਈ, ਜਿਸ ਤੋਂ ਬਾਅਦ ਉਨ੍ਹਾਂ ਨੂੰ ਸਖਤ ਸੁਰੱਖਿਆ ਦਰਮਿਆਨ ਅਦਾਲਤ ਵਿੱਚ ਪੇਸ਼ ਕੀਤਾ ਗਿਆ।

ਮੰਗਲਵਾਰ ਦੁਪਹਿਰ ਨੂੰ ਪੰਜਾਬ ਪੁਲਿਸ ਦਾ ਇੱਕ ਵੱਡਾ ਦਸਤਾ ਮੁਲਜ਼ਮਾਂ ਨੂੰ ਲੈ ਕੇ ਫਿਰੋਜ਼ਪੁਰ ਦੇ ਸਿਵਲ ਹਸਪਤਾਲ ਪਹੁੰਚਿਆ। ਇਸ ਦਸਤੇ 'ਚ ਤਕਰੀਬਨ 30-40 ਪੁਲਸ ਮੁਲਾਜ਼ਮ ਸਨ, ਇੰਨੀ ਵੱਡੀ ਫੋਰਸ ਦੇਖ ਕੇ ਪਹਿਲਾਂ ਤਾਂ ਲੋਕ ਡਰ ਗਏ ਪਰ ਜਿਵੇਂ ਹੀ ਲੋਕਾਂ ਨੂੰ ਪਤਾ ਲੱਗਾ ਕਿ ਪੁਲਸ ਤਿਹਰੇ ਕਤਲ ਕੇਸ ਦੇ ਦੋਸ਼ੀਆਂ ਨੂੰ ਲੱਭਣ ਲਈ ਪਹੁੰਚੀ ਹੈ ਤਾਂ ਪੁਲਸ ਉਨ੍ਹਾਂ ਨੂੰ ਦੇਖਣ ਲਈ ਇੰਤਜ਼ਾਰ ਕਰਨ ਲੱਗੀ। ਜਿਵੇਂ ਹੀ ਲੋਕ ਹਸਪਤਾਲ ਵਿੱਚ ਇਕੱਠੇ ਹੋਣੇ ਸ਼ੁਰੂ ਹੋ ਗਏ। ਕੋਈ ਹਾਦਸਾ ਹੋ ਸਕਦਾ ਸੀ।

ਇਸ ਕੇਸ ਦੀ ਸੁਣਵਾਈ ਕਰਦਿਆਂ ਜੱਜ ਸਾਹਿਬ ਨੇ ਮਹਾਰਾਸ਼ਟਰ ਵਿੱਚ ਫੜੇ ਗਏ ਸਾਰੇ ਮੁਲਜ਼ਮਾਂ ਨੂੰ ਛੇ ਦਿਨਾਂ ਦੇ ਰਿਮਾਂਡ 'ਤੇ ਭੇਜ ਦਿੱਤਾ, ਜਦੋਂ ਕਿ ਇਸ ਕੇਸ ਵਿੱਚ ਰੇਕੀ ਕਰਨ ਵਾਲੇ ਮੁਲਜ਼ਮ ਨੂੰ ਪੁਲਿਸ ਪਹਿਲਾਂ ਹੀ ਗ੍ਰਿਫ਼ਤਾਰ ਕਰ ਚੁੱਕੀ ਸੀ, ਜੋ ਪਹਿਲਾਂ ਰਿਮਾਂਡ 'ਤੇ ਜਾ ਰਿਹਾ ਸੀ। ਪੁਲਿਸ ਨੇ ਉਸ ਦਾ ਤਿੰਨ ਦਿਨਾਂ ਦਾ ਰਿਮਾਂਡ ਹਾਸਲ ਕਰ ਲਿਆ ਹੈ

ਪੁਲੀਸ ਮੁਲਾਜ਼ਮ ਪਹਿਲਾਂ ਹਸਪਤਾਲ ਅਤੇ ਫਿਰ ਅਦਾਲਤ ਦੇ ਕਮਰੇ ਵਿੱਚ ਕਤਲ ਦੇ ਮੁਲਜ਼ਮਾਂ ਨੂੰ ਲੈ ਕੇ ਮੌਕੇ 'ਤੇ ਮੌਜੂਦ ਲੋਕਾਂ ਦਾ ਕਹਿਣਾ ਹੈ ਕਿ ਜਿਸ ਤਰ੍ਹਾਂ ਮੁਲਜ਼ਮਾਂ ਦੇ ਬਿਆਨ ਸਾਹਮਣੇ ਆਏ, ਉਸ ਤੋਂ ਲੱਗਦਾ ਹੈ ਕਿ ਉਨ੍ਹਾਂ ਨੂੰ ਇਸ ਕਤਲ ਦਾ ਕੋਈ ਪਛਤਾਵਾ ਨਹੀਂ ਹੈ। ਸਾਰੇ ਮੁਲਜ਼ਮਾਂ ਦੀ ਉਮਰ 25 ਸਾਲ ਤੋਂ ਘੱਟ ਜਾਪਦੀ ਹੈ। ਲੋਕਾਂ ਦਾ ਕਹਿਣਾ ਹੈ ਕਿ ਪੰਜਾਬ ਦੀ ਜਵਾਨੀ ਜਾਂ ਤਾਂ ਨਸ਼ਿਆਂ ਵੱਲ ਜਾ ਰਹੀ ਹੈ ਜਾਂ ਫਿਰ ਨੌਜਵਾਨਾਂ ਵਿੱਚ ਗੈਂਗ ਸਟਾਰ ਬਣਨ ਦੀ ਦੌੜ ਲੱਗੀ ਹੋਈ ਹੈ।

## ਸ੍ਰੀ ਦਸ਼ਮੇਸ਼ ਮਾਰਸ਼ਲ ਐਂਡ ਸਪੋਰਟਸ ਅਕੈਡਮੀ ਵਿਖੇ ਬਾਕਸਿੰਗ ਦੇ ਟਰਾਇਲ ਕਰਵਾਏ ਗਏ



**ਸ੍ਰੀ ਅਨੰਦਪੁਰ ਸਾਹਿਬ, 13 ਸਤੰਬਰ**
**-ਸਚਿਨ ਸੋਨੀ/ਰਾਜੂ ਧੀਮਾਨ-**

ਜਿਲ੍ਹਾ ਪੱਧਰ ਸਕੂਲ ਖੇਡਾਂ (ਬਾਕਸਿੰਗ) ਦੇ ਵੱਖ ਵੱਖ ਭਾਰ ਵਰਗ ਦੇ ਟਰਾਇਲ ਸ੍ਰੀ ਦਸਮੇਸ਼ ਮਾਰਸ਼ਲ ਐਂਡ ਸਪੋਰਟਸ ਅਕੈਡਮੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਲਏ ਗਏ। ਇਹਨਾਂ ਵਿੱਚ ਅੰਡਰ-14, ਅੰਡਰ-17 ਅਤੇ ਅੰਡਰ-19 ਦੇ ਟਰਾਇਲ ਲਏ ਗਏ ਅਤੇ ਚੋਣ ਕੀਤੀ ਗਈ। ਅੰਡਰ-14 (ਲੜਕੇ) ਦੇ 30-32 ਕਿਲੋ ਭਾਰ ਵਰਗ ਵਿੱਚ ਸਰਕਾਰੀ ਹਾਈ ਸਕੂਲ ਮਟੌਰ ਦੇ ਲਲਿਤ, 38-40 ਕਿਲੋ ਭਾਰ ਵਰਗ ਵਿੱਚ ਕੁਲਵਿੰਦਰ ਸਿੰਘ ਅਤੇ ਅੰਡਰ-17 (ਲੜਕੇ) ਦੇ 48-50 ਕਿਲੋ ਭਾਰ ਵਰਗ ਵਿੱਚ ਰੋਹਿਤ ਸਿੰਘ ਦੀ ਚੋਣ ਕੀਤੀ ਗਈ। ਇਸੇ ਤਰ੍ਹਾਂ ਅੰਡਰ-17 (ਲੜਕੀਆਂ) ਦੇ 44-46 ਕਿਲੋ ਭਾਰ ਵਰਗ ਵਿੱਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਅਨੰਦਪੁਰ ਸਾਹਿਬ ਦੀ ਅੰਜਲੀ ਦੇਵੀ, 46-48 ਕਿਲੋ ਭਾਰ ਵਰਗ ਵਿੱਚ ਮਨਪ੍ਰੀਤ ਕੌਰ, 48-50 ਕਿਲੋ ਭਾਰ ਵਰਗ ਵਿੱਚ ਨੈਨਾ ਰਾਣਾ, 54-56 ਕਿਲੋ ਭਾਰ ਵਰਗ ਵਿੱਚ ਰਵਨੀਤ ਕੌਰ ਚੁਣੀ ਗਈ।

75-80 ਕਿਲੋ ਭਾਰ ਵਰਗ ਵਿੱਚ ਭਾਈ ਨੰਦ ਲਾਲ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਦੀ ਧੰਨਪ੍ਰੀਤ ਕੌਰ ਦੀ ਚੋਣ ਕੀਤੀ ਗਈ।

# ਰਿਲੇਸ਼ਨਸ਼ਿਪ ਅ.ਫਸਰ, ਲੋਨ ਅ.ਫਸਰ ਅਤੇ ਮਾਰਕੀਟਿੰਗ ਅ.ਫਸਰ ਦੀ ਅਸਾਮੀ ਲਈ ਪਲੇਸਮੈਂਟ ਕੈਂਪ ਅੱਜ

**ਪਟਿਆਲਾ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਪਟਿਆਲਾ ਵੱਲੋਂ ਕੁਏਸ ਕਾਰਪ ਲਿਮਟਿਡ ਨਾਲ ਤਾਲਮੇਲ ਕਰਕੇ ਮਿਤੀ 11 ਸਤੰਬਰ ਦਿਨ ਬੁੱਧਵਾਰ ਨੂੰ ਕੁਏਸ ਕਾਰਪ ਲਿਮਟਿਡ ਦਾ ਪਲੇਸਮੈਂਟ ਕੈਂਪ ਐਸਸੀਓ-11, ਤੀਜੀ ਮੰਜ਼ਿਲ, ਛੋਟੀ ਬਾਰਾਂਦਰੀ, ਸਾਹਮਣੇ ਨਰਾਇਣ ਕਾਂਟੀਨੈਂਟਲ ਹੋਟਲ, ਪਟਿਆਲਾ ਵਿਖੇ ਲਗਾਇਆ ਜਾ ਰਿਹਾ ਹੈ।

ਇਸ ਬਾਰੇ ਵਧੇਰੇ ਜਾਣਕਾਰੀ ਦਿੰਦਿਆਂ ਰੋਜ਼ਗਾਰ ਬਿਊਰੋ ਦੇ ਡਿਪਟੀ ਡਾਇਰੈਕਟਰ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਮਿਤੀ 11 ਸਤੰਬਰ ਦਿਨ ਬੁੱਧਵਾਰ ਨੂੰ ਸਵੇਰੇ 09.30 ਵਜੇ ਤੋਂ ਦੁਪਹਿਰ 2 ਵਜੇ ਤੱਕ ਐਸਸੀਓ-11, ਤੀਜੀ ਮੰਜ਼ਿਲ, ਛੋਟੀ ਬਾਰਾਂਦਰੀ, ਸਾਹਮਣੇ ਨਰਾਇਣ ਕਾਂਟੀਨੈਂਟਲ ਹੋਟਲ, ਪਟਿਆਲਾ ਵਿਖੇ ਇੰਟਰਵਿਊ ਲਈ ਜਾਵੇਗੀ। ਚਾਹਵਾਨ ਅਤੇ ਯੋਗ ਉਮੀਦਵਾਰ ਜਿਨ੍ਹਾਂ ਦੀ ਵਿੱਦਿਅਕ ਯੋਗਤਾ ਬਾਰਵੀਂ/ ਗਰੈਜੂਏਟ/ ਪੋਸਟ ਗ੍ਰੈਜੂਏਟ ਪਾਸ, ਉਮਰ 18 ਤੋਂ 35 ਸਾਲ ਹੋਵੇ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ। ਇਸ ਕੈਂਪ ਵਿੱਚ ਫਰੈਸ਼ਰ ਜਾਂ ਤਜਰਬੇਕਾਰ ਸਿਰਫ਼ ਪੁਰਸ਼ ਉਮੀਦਵਾਰ ਭਾਗ ਲੈ ਸਕਦੇ ਹਨ।

ਨੌਕਰੀ ਦੇ ਇੱਛੁਕ ਉਮੀਦਵਾਰ ਪਲੇਸਮੈਂਟ / ਇੰਟਰਵਿਊ ਵਿੱਚ ਭਾਗ ਲੈਣ ਲਈ ਆਪਣੀ ਯੋਗਤਾ ਦੇ ਸਾਰੇ ਸਰਟੀਫਿਕੇਟ ਦੀਆਂ ਫੋਟੋਕਾਪੀਆਂ, ਅਧਾਰ ਕਾਰਡ ਅਤੇ ਰਿਜ਼ਿਊਮੇ ਨਾਲ ਲੈ ਕੇ ਮਿਤੀ 11 ਸਤੰਬਰ ਸਵੇਰੇ 09.30 ਵਜੇ ਤੋਂ ਦੁਪਹਿਰ 2 ਵਜੇ ਤੱਕ ਕੁਏਸ ਕਾਰਪ ਲਿਮਟਿਡ, ਐਸਸੀਓ-11, ਤੀਜੀ ਮੰਜ਼ਿਲ, ਛੋਟੀ ਬਾਰਾਂਦਰੀ, ਸਾਹਮਣੇ ਨਰਾਇਣ ਕਾਂਟੀਨੈਂਟਲ ਹੋਟਲ, ਪਟਿਆਲਾ ਵਿਖੇ ਪਹੁੰਚ ਕੇ ਇਸ ਇੰਟਰਵਿਊ ਵਿੱਚ ਹਿੱਸਾ ਲੈ ਸਕਦੇ ਹਨ। ਵਧੇਰੇ ਜਾਣਕਾਰੀ ਲਈ ਉਮੀਦਵਾਰ ਦਫ਼ਤਰ ਦੇ ਹੈਲਪ ਲਾਈਨ ਨੰਬਰ 98776-10877 'ਤੇ ਸੰਪਰਕ ਕਰ ਸਕਦੇ ਹਨ।

## ਪੰਜਾਬ ਪਬਲਿਕ ਸਰਵਿਸ ਕਮਿਸ਼ਨ ਨੇ ਸਹਾਇਕ ਟਾਊਨ ਪਲਾਨਰ ਦੀਆਂ ਅਸਾਮੀਆਂ ਦੇ ਨਤੀਜੇ ਐਲਾਨੇ

**ਪਟਿਆਲਾ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਪਬਲਿਕ ਸਰਵਿਸ ਕਮਿਸ਼ਨ (ਪੀ.ਪੀ.ਐਸ.ਸੀ.) ਦੇ ਚੇਅਰਮੈਨ ਸ. ਜਤਿੰਦਰ ਸਿੰਘ ਔਲਖ ਨੇ ਦੱਸਿਆ ਹੈ ਕਿ ਕਮਿਸ਼ਨ ਨੇ ਅੱਜ ਟਾਊਨ ਐਂਡ ਕੰਟਰੀ ਪਲੈਨਿੰਗ ਵਿਭਾਗ ਵਿੱਚ ਅਸਿਸਟੈਂਟ ਟਾਊਨ ਪਲਾਨਰ (ਗਰੁੱਪ ਏ) ਦੀਆਂ 19 ਅਸਾਮੀਆਂ ਲਈ ਅੰਤਿਮ ਨਤੀਜੇ ਦਾ ਐਲਾਨ ਕੀਤਾ ਹੈ। ਇਨ੍ਹਾਂ ਅਸਾਮੀਆਂ ਲਈ ਕੁੱਲ 251 ਉਮੀਦਵਾਰਾਂ ਨੇ ਅਪਲਾਈ ਕੀਤਾ ਸੀ, ਜਿਨ੍ਹਾਂ ਵਿੱਚੋਂ 22 ਉਮੀਦਵਾਰਾਂ ਨੂੰ ਇੰਟਰਵਿਊ ਪੜਾਅ ਲਈ ਸ਼ਾਰਟਲਿਸਟ ਕੀਤਾ ਗਿਆ ਹੈ। ਅੰਤਿਮ ਨਤੀਜੇ ਹੁਣ ਕਮਿਸ਼ਨ ਦੀ ਅਧਿਕਾਰਤ ਵੈੱਬਸਾਈਟ www.ppsc.gov.in 'ਤੇ ਅਪਲੋਡ ਕਰ ਦਿੱਤੇ ਗਏ ਹਨ। ਪੀ.ਪੀ.ਐਸ.ਸੀ. ਦੇ ਚੇਅਰਮੈਨ ਜਤਿੰਦਰ ਸਿੰਘ ਔਲਖ ਨੇ ਇਹ ਵੀ ਦੱਸਿਆ ਕਿ ਪ੍ਰਿੰਸੀਪਲ (ਕਾਲਜ ਕਾਡਰ), ਅਸਿਸਟੈਂਟ ਇਲੈਕਟ੍ਰੀਕਲ ਇੰਸਪੈਕਟਰ, ਮੈਡੀਕਲ ਲੈਬ ਟੈਕਨਾਲੋਜੀ ਦੇ ਲੈਕਚਰਾਰ ਅਤੇ ਯੋਜਨਾ ਅਫ਼ਸਰਾਂ ਸਮੇਤ ਕਈ ਹੋਰ ਅਸਾਮੀਆਂ ਲਈ ਇੰਟਰਵਿਊ ਦਾ ਸਮਾਂ ਜਲਦੀ ਹੀ ਕਮਿਸ਼ਨ ਦੀ ਵੈੱਬਸਾਈਟ 'ਤੇ ਅਪਲੋਡ ਕੀਤਾ ਜਾਵੇਗਾ।

# ਅਣ ਅਧਿਕਾਰਤ ਸਥਾਨਾਂ 'ਤੇ ਮੁਰਦਾ ਪਸ਼ੂ ਸੁੱਟਣ 'ਤੇ ਪਾਬੰਦੀ ਦੇ ਹੁਕਮ ਜਾਰੀ

**ਪਟਿਆਲਾ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਧੀਕ ਜ਼ਿਲ੍ਹਾ ਮੈਜਿਸਟਰੇਟ ਮੈਡਮ ਕੰਚਨ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਪਟਿਆਲਾ ਦੀ ਹਦੂਦ ਅੰਦਰ ਨਗਰ ਨਿਗਮ/ਨਗਰ ਕੌਂਸਲਾ/ਨਗਰ ਪੰਚਾਇਤਾਂ/ਪੰਚਾਇਤਾਂ ਵੱਲੋਂ ਹੱਡਾ ਰੋੜੀ ਲਈ ਨਿਰਧਾਰਤ ਕੀਤੇ ਸਥਾਨ ਤੋਂ ਇਲਾਵਾ ਅਣ ਅਧਿਕਾਰਤ ਸਥਾਨਾਂ ਤੇ ਮੁਰਦਾ ਪਸ਼ੂ/ਜਾਨਵਰ ਨੂੰ ਸੁੱਟਣ 'ਤੇ ਪੂਰਨ ਤੌਰ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ ਅਤੇ ਇਹ ਵੀ ਆਦੇਸ਼ ਜਾਰੀ ਕੀਤੇ ਗਏ ਹਨ ਕਿ ਮੁਰਦਾ ਪਸ਼ੂ ਨੂੰ ਸਰਕਾਰ ਵੱਲੋਂ ਨਿਰਧਾਰਤ ਸਥਾਨ (ਹੱਡਾ ਰੋੜੀ) ਤੇ ਹੀ ਸੁੱਟਿਆ ਜਾਵੇ। ਇਹ ਹੁਕਮ 8 ਨਵੰਬਰ 2024 ਤੱਕ ਲਾਗੂ ਰਹਿਣਗੇ।

ਹੁਕਮਾਂ 'ਚ ਕਿਹਾ ਗਿਆ ਹੈ ਕਿ ਆਮ ਦੇਖਣ ਵਿੱਚ ਆਇਆ ਹੈ ਕਿ ਕਈ ਵਿਅਕਤੀਆਂ ਵੱਲੋਂ ਆਪਣੇ ਪਾਲਤੂ ਜਾਨਵਰਾਂ/ਪਸ਼ੂ ਦੀ ਮੌਤ ਹੋਣ ਉਪਰੰਤ ਮੁਰਦਾ ਪਸ਼ੂ/ਜਾਨਵਰ ਨੂੰ ਸਰਕਾਰ ਵੱਲੋਂ ਨਿਰਧਾਰਤ ਸਥਾਨ (ਹੱਡਾ ਰੋੜੀ) 'ਤੇ ਸੁੱਟਣ ਦੀ ਥਾਂ 'ਤੇ ਅਣ ਅਧਿਕਾਰਤ (ਜਨਤਕ/ਰਿਹਾਇਸ਼ੀ) ਸਥਾਨਾਂ ਦੇ ਨਜਦੀਕ ਸੁੱਟ ਦਿੱਤਾ ਜਾਂਦਾ ਹੈ। ਅਜਿਹਾ ਕਰਨ ਨਾਲ ਉਸ ਸਥਾਨ ਦੇ ਆਲੇ ਦੁਆਲੇ ਬਦਬੂ ਅਤੇ ਗੰਦਗੀ ਫੈਲਦੀ ਹੈ ਅਤੇ ਬਿਮਾਰੀ ਫੈਲਣ ਦਾ ਵੀ ਡਰ ਰਹਿੰਦਾ ਹੈ। ਇਸ ਲਈ ਆਮ ਪਬਲਿਕ ਦੇ ਜਾਨੀ ਮਾਲੀ ਨੁਕਸਾਨ ਅਤੇ ਅਸੁਵਿਧਾ ਨੂੰ ਦੇਖਦੇ ਹੋਏ ਸਖਤ ਜ਼ਰੂਰੀ ਕਦਮ ਚੁੱਕਣ ਦੀ ਲੋੜ ਹੈ। ਉਕਤ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਵਿਅਕਤੀ ਦੇ ਖਿਲਾਫ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਪੀਪੀਐਸ ਨਾਭਾ ਨੂੰ ਪੰਜਾਬ ਦਾ ਸਰਵੋਤਮ ਰਿਹਾਇਸ਼ੀ ਬੋਰਡਿੰਗ ਸਕੂਲ ਚੁਣਿਆ



**ਨਾਭਾ, 13 ਸਤੰਬਰ/-ਸੁਧੀਰ ਜੈਨ-**
**-ਕੌਮੀ ਪੱਤ੍ਰਿਕਾ ਬਿਊਰੋ-**

ਪੀਪੀਐਸ ਨਾਭਾ ਨੂੰ ਪੰਜਾਬ ਦਾ ਸਰਵੋਤਮ ਰਿਹਾਇਸ਼ੀ ਬੋਰਡਿੰਗ ਸਕੂਲ ਚੁਣਿਆ ਗਿਆ। ਹੈੱਡਮਾਸਟਰ ਪੀਪੀਐਸ ਨਾਭਾ ਨੂੰ ਵੀ ਸਿੱਖਿਆ ਪ੍ਰਣਾਲੀ ਨੂੰ ਉੱਚਾ ਚੁੱਕਣ ਵਿੱਚ ਸ਼ਾਨਦਾਰ ਯੋਗਦਾਨ÷ ਲਈ ਸਨਮਾਨ ਪੰਜਾਬ ਪਬਲਿਕ ਸਕੂਲ ਨਾਭਾ ਨੂੰ ਨੈਸ਼ਨਲ ਸਕੂਲ ਅਵਾਰਡਾਂ ਦੁਆਰਾ ਪੰਜਾਬ ਰਾਜ (ਭਾਰਤ) ਵਿੱਚ 2024 ਦਾ ਸਰਵੋਤਮ ਰਿਹਾਇਸ਼ੀ ਬੋਰਡਿੰਗ ਸਕੂਲ÷ ਚੁਣਿਆ ਗਿਆ। ਹੈਡਮਾਸਟਰ ਡਾ.ਡੀ.ਸੀ. ਸ਼ਰਮਾ ਨੂੰ ਵੀ ਪੰਜਾਬ ਰਾਜ ਵਿੱਚ 2024 ਲਈ ਸਿੱਖਿਆ ਪ੍ਰਣਾਲੀ ਨੂੰ ਉੱਚਾ ਚੁੱਕਣ ਵਿੱਚ ਸ਼ਾਨਦਾਰ ਯੋਗਦਾਨ ਦੀ ਸ਼੍ਰੇਣੀ ਵਿੱਚ ਪੁਰਸਕਾਰ ਪ੍ਰਦਾਨ ਕੀਤਾ ਗਿਆ। ਡਾ: ਡੀ ਸੀ ਸ਼ਰਮਾ ਨੇ ਇਸ ਸ਼ਾਨਦਾਰ ਪ੍ਰਾਪਤੀ ਦਾ ਸਿਹਰਾ ਸਟਾਫ਼ ਅਤੇ ਵਿਦਿਆਰਥੀਆਂ ਦੀ ਲਗਨ ਅਤੇ ਸਖ਼ਤ ਮਿਹਨਤ, ਮਾਪਿਆਂ ਦੇ ਸਹਿਯੋਗ ਅਤੇ ਮਾਨਯੋਗ ਬੋਰਡ ਆਫ਼ ਗਵਰਨਰਜ਼ ਦੇ ਮਾਰਗਦਰਸ਼ਨ ਸਿਰ ਬੰਨ੍ਹਿਆ ਅਤੇ ਇਸ ਲਈ ਬੋਰਡ ਆਫ਼ ਗਵਰਨਰਜ਼ ਦੇ ਮਾਨਯੋਗ ਚੇਅਰਮੈਨ ਦਾ ਵਿਸ਼ੇਸ਼ ਧੰਨਵਾਦ ਕੀਤਾ।

# ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਹਥਿਆਰਾਂ ਦੇ ਪ੍ਰਦਰਸ਼ਨ 'ਤੇ ਪੂਰਨ ਪਾਬੰਦੀ ਦੇ ਹੁਕਮ ਜਾਰੀ

**ਪਟਿਆਲਾ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਧੀਕ ਜ਼ਿਲ੍ਹਾ ਮੈਜਿਸਟਰੇਟ ਪਟਿਆਲਾ ਮੈਡਮ ਕੰਚਨ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਪਟਿਆਲਾ ਅੰਦਰ ਅਮਨ ਅਤੇ ਕਾਨੂੰਨ ਦੀ ਸਥਿਤੀ ਨੂੰ ਮੁੱਖ ਰੱਖਦੇ ਹੋਏ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ 'ਤੇ ਪੂਰਨ ਪਾਬੰਦੀ ਲਗਾਈ ਹੈ ਅਤੇ ਇਹ ਪਾਬੰਦੀ ਸੋਸ਼ਲ ਮੀਡੀਆ 'ਤੇ ਵੀ ਲਾਗੂ ਰਹੇਗੀ। ਇਸ ਤੋਂ ਇਲਾਵਾ ਵਿਆਹ ਸ਼ਾਦੀਆਂ/ਸਮਾਗਮਾਂ ਹੋਰ ਸਮਾਰੋਹਾਂ ਵਿੱਚ ਹਥਿਆਰਾਂ ਜਾਂ ਹਿੰਸਾ ਦੀ ਵਡਿਆਈ ਕਰਨ ਵਾਲੇ ਗੀਤਾਂ 'ਤੇ ਪੂਰਨ ਪਾਬੰਦੀ ਲਗਾਈ ਗਈ ਹੈ। ਜਨਤਕ ਇਕੱਠਾਂ, ਧਾਰਮਿਕ ਸਥਾਨਾਂ, ਵਿਆਹ ਪਾਰਟੀਆਂ ਜਾਂ ਹੋਰ ਸਮਾਗਮਾਂ ਵਿੱਚ ਵੀ ਹਥਿਆਰ ਲਿਜਾਣ ਅਤੇ ਪ੍ਰਦਰਸ਼ਨ ਕਰਨ 'ਤੇ ਪੂਰਨ ਪਾਬੰਦੀ ਰਹੇਗੀ ਅਤੇ ਕਿਸੇ ਵੀ ਭਾਈਚਾਰੇ ਵਿਰੁੱਧ ਨਫ਼ਰਤ ਭਰਿਆ ਭਾਸ਼ਣ ਦੇਣ ਉਤੇ ਵੀ ਪਾਬੰਦੀ ਲਾਗੂ ਹੋਵੇਗੀ। ਹੁਕਮ 8 ਨਵੰਬਰ 2024 ਤੱਕ ਲਾਗੂ ਰਹਿਣਗੇ।

ਵਧੀਕ ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਕਿ ਜੇਕਰ ਜ਼ਿਲ੍ਹੇ ਅੰਦਰ ਕੋਈ ਵੀ ਆਮ ਅਤੇ ਖਾਸ ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਉਸਦੇ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਤੁਰੰਤ ਅਮਲ ਵਿੱਚ ਲਿਆਂਦੀ ਜਾਵੇਗੀ।

# ਅਲਾਇੰਸ ਕਲੱਬ ਵਲੋਂ ਵਾਤਾਵਰਣ ਦੀ ਸੰਭਾਲ ਲਈ ਵੱਖ-ਵੱਖ ਥਾਵਾਂ ਤੇ ਲਗਾਏ ਬੂਟੇ

**ਸ੍ਰੀ ਅਨੰਦਪੁਰ ਸਾਹਿਬ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**




ਅਲਾਇੰਸ ਕਲੱਬ ਚੱਕ-ਅਗੰਮਪੁਰ ਵਲੋਂ ਵਾਤਾਵਰਣ ਦੀ ਸੰਭਾਲ ਲਈ ਪਿੰਡ ਹੋਲਗੜ੍ਹ ਦੇ ਪਾਰਕ ਤੋਂ ਇਲਾਵਾ ਸੜਕਾਂ ਦੇ ਕਿਨਾਰਿਆਂ ਤੇ ਵੱਖ-ਵੱਖ ਤਰ੍ਹਾਂ ਦੇ ਛਾਂਦਾਰ ਅਤੇ ਫ਼ਲਦਾਰ ਬੂਟੇ ਲਗਾਏ ਗਏ। ਇਸ ਮੌਕੇ ਡਾਕਟਰ ਹਰਦਿਆਲ ਸਿੰਘ ਪੰਨੂੰ ਸਾਬਕਾ ਜਿਲ੍ਹਾ ਗਵਰਨਰ ਅਲਾਇੰਸ ਕਲੱਬ ਇੰਟਰਨੈਸ਼ਨਲ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਇਸ ਮੌਕੇ ਡਾ. ਪੰਨੂ ਨੇ ਕਿਹਾ ਕਿ ਅਕਾਲ ਪੁਰਖ ਦੀ ਸਾਜੀ ਹੋਈ ਇਸ ਪਿਆਰੀ ਕੁਦਰਤ ਦੀ ਸੰਭਾਲ ਕਰਨੀ ਸਾਡੇ ਸਾਰਿਆਂ ਦਾ ਪਰਮ ਕਰਤਵ ਹੈ। ਉਹਨਾਂ ਕਿਹਾ ਕਿ ਆਪਣੇ ਆਲੇ ਦੁਆਲੇ ਵਿੱਚ ਦਰਖਤਾਂ ਦੇ ਕਟਾਈ ਰੋਕੀਏ ਅਤੇ ਨਵੇਂ ਦਰਖਤ ਲਗਾਈਏ। ਆਪਣੇ ਕੁਦਰਤੀ ਸੋਮਿਆਂ ਨਦੀਆਂ, ਝਰਨਿਆਂ ਅਤੇ ਚਸ਼ਮੀਆਂ ਦੇ ਸ਼ੀਤਲ ਜਲ ਨੂੰ ਗੰਦਾ ਹੋਣ ਤੋਂ ਬਚਾਈਏ। ਇਹਨਾਂ ਅਨਮੋਲ ਦਾਤਾਂ ਦੀ ਸੰਭਾਲ ਕਰਨੀ ਸਾਡਾ ਸਾਰਿਆਂ ਦਾ ਫਰਜ਼ ਹੈ। ਇਸ ਸਬੰਧੀ ਆਪ ਵੀ ਸੁਚੇਤ ਹੋਈਏ ਤੇ ਆਪਣੀ ਪੀੜੀ ਨੂੰ ਵੀ ਸੁਚੇਤ ਕਰੀਏ।

ਇਸ ਮੌਕੇ ਅਲਾਇੰਸ ਕਲੱਬ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਦਵਿੰਦਰਪਾਲ ਸਿੰਘ, ਵਾਇਸ ਪ੍ਰਧਾਨ ਆਤਮਾ ਸਿੰਘ, ਅਲਾਇੰਸ ਕਲੱਬ ਚੱਕ-ਅਗੰਮਪੁਰ ਦੇ ਪ੍ਰਧਾਨ ਇਕਬਾਲ ਸਿੰਘ, ਸਾਬਕਾ ਜਿਲ੍ਹਾ ਕੈਬਨਿਟ ਸਕਤਰ ਪ੍ਰਿੰਸੀਪਲ ਨਿਰੰਜਨ ਸਿੰਘ ਰਾਣਾ, ਬਲਮ ਸਿੰਘ, ਜਗਤਾਰ ਸਿੰਘ ਸਾਂਘਾ, ਅਮਰਜੀਤ ਸਿੰਘ, ਇੰਜੀ ਰਜਿੰਦਰ ਸਿੰਘ, ਕਮਲਦੀਪ ਸਿੰਘ, ਸੁਖਦੇਵ ਸਿੰਘ, ਜਸਕਰਨ ਸਿੰਘ, ਪ੍ਰਭਸਿਮਰਨ ਸਿੰਘ ਆਦਿ ਹਾਜ਼ਰ ਸਨ।

## ਸ੍ਰੀ ਕਾਲੀ ਦੇਵੀ ਮੰਦਰ ਕੰਪਲੈਕਸ ਅਤੇ ਆਲੇ ਦੁਆਲੇ ਦੇ 200 ਮੀਟਰ ਖੇਤਰ ਨੂੰ ਨੋ ਡਰੋਨ ਜ਼ੋਨ ਐਲਾਨਿਆ

**ਪਟਿਆਲਾ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਧੀਕ ਜ਼ਿਲ੍ਹਾ ਮੈਜਿਸਟਰੇਟ ਮੈਡਮ ਕੰਚਨ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਸ੍ਰੀ ਕਾਲੀ ਦੇਵੀ ਮੰਦਰ ਕੰਪਲੈਕਸ, ਪਟਿਆਲਾ ਵਿਖੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸ੍ਰੀ ਕਾਲੀ ਦੇਵੀ ਮੰਦਰ ਕੰਪਲੈਕਸ, ਪਟਿਆਲਾ ਅਤੇ ਇਸਦੇ ਆਲੇ ਦੁਆਲੇ ਲੱਗਦੇ 200 ਮੀਟਰ ਖੇਤਰ ਨੂੰ 'ਨੋ ਡਰੋਨ ਜ਼ੋਨ' ਘੋਸ਼ਿਤ ਕੀਤਾ ਹੈ। ਇਹ ਹੁਕਮ 8 ਨਵੰਬਰ 2024 ਤੱਕ ਲਾਗੂ ਰਹਿਣਗੇ। ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਪਿੰਡ ਲੋਦੀਪੁਰ ਦੇ ਪ੍ਰਦੀਪ ਕੁਮਾਰ ਦੇ ਪੁੱਤਰ ਸਾਹਿਲ ਸ਼ਰਮਾ ਨੇ ਨੀਟ ਦੀ ਪ੍ਰੀਖਿਆ ਪਾਸ ਕਰਕੇ ਐਮਬੀਬੀਐਸ ਵਿੱਚ ਲਿਆ ਦਾਖਲਾ...

**ਸ੍ਰੀ ਅਨੰਦਪੁਰ ਸਾਹਿਬ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਨਜ਼ਦੀਕੀ ਪਿੰਡ ਲੋਦੀਪੁਰ ਬਰੋਟੂ ਬਾਸ ਦੇ ਪ੍ਰਦੀਪ ਕੁਮਾਰ ਦੇ ਪੁੱਤਰ ਸਾਹਿਲ ਸ਼ਰਮਾ ਨੇ ਨੀਟ ਦੀ ਪ੍ਰੀਖਿਆ ਪਾਸ ਕਰਕੇ ਰਜਿੰਦਰ ਪ੍ਰਸਾਦ ਮੈਡੀਕਲ ਸਰਕਾਰੀ ਕਾਲਜ ਟਾਂਡਾ ਜਿਲਾ ਕਾਂਗੜਾ ਹਿਮਾਚਲ ਪ੍ਰਦੇਸ਼ ਵਿੱਚ ਦਾਖਲਾ ਲੈ ਕੇ ਪਰਿਵਾਰ ਸਮੇਤ ਪਿੰਡ ਲੋਦੀਪੁਰ ਅਤੇ ਇਲਾਕੇ ਦਾ ਨਾਂ ਰੋਸ਼ਨ ਕੀਤਾ।

ਸਾਹਿਲ ਸ਼ਰਮਾ ਦੇ ਪਿਤਾ ਸਮਾਜ ਸੇਵੀ ਪ੍ਰਦੀਪ ਕੁਮਾਰ ਪਿੰਡ ਲੋਦੀਪੁਰ ਦੇ ਰਹਿਣ ਵਾਲੇ ਹਨ ਅਤੇ ਬੀਬੀਐਮਬੀ ਹਸਪਤਾਲ ਨੰਗਲ ਵਿਖੇ ਐਲਡੀਸੀ ਦੀ ਪੋਸਟ ਤੇ ਸੇਵਾ ਨਿਭਾ ਰਹੇ ਹਨ।

ਜਿਕਰਯੋਗ ਹੈ ਕਿ ਸਾਹਿਲ ਨੇ ਆਪਣੀ ਮੁਢਲੀ ਸਿੱਖਿਆ ਬੀਬੀਐਮਬੀ ਦੇ ਅਧੀਨ ਚਲ ਰਹਵ ਡੀਏਵੀ ਸਕੂਲ ਤੰਗੂਵਾਲ ਅਤੇ ਬਾਅਦ ਵਿੱਚ ਦਸਵੀਂ ਡੀਏਵੀ ਸਕੂਲ ਨੰਗਲ ਤੋਂ ਪਾਸ ਕੀਤੀ ਅਤੇ ਆਪਣੀ ਬਾਰਵੀਂ ਦੀ ਪੜ੍ਹਾਈ ਸੈਂਟ ਸੋਲਜਰ ਸਕੂਲ ਮੋਹਾਲੀ ਤੋਂ ਮੈਡੀਕਲ ਵਿੱਚ 90 ਪ੍ਰਤੀਸ਼ਤ ਅੰਕ ਲੈ ਕੇ ਪਾਸ ਕੀਤੀ ,ਉਹਨਾਂ ਨੇ ਆਪਣੇ ਪਹਿਲੇ ਹੀ ਅਟੈਮਪਟ ਦੇ ਵਿੱਚ ਨੀਟ ਦੀ ਪ੍ਰੀਖਿਆ 644 ਅੰਕ ਪ੍ਰਾਪਤ ਕਰਕੇ ਹਿਮਾਚਲ ਪ੍ਰਦੇਸ਼ ਵਿੱਚੋਂ 77ਵਾ ਸਥਾਨ ਹਾਸਲ ਕੀਤਾ ਅਤੇ ਹੁਣ ਐਮਬੀਬੀਐਸ ਕਰਨ ਦੇ ਲਈ ਦਾਖਲਾ ਲਿਆ ਹੈ,

ਸਾਹਿਲ ਸ਼ਰਮਾ ਦੀ ਇਸ ਪ੍ਰਾਪਤੀ ਤੇ ਗੁਰਮਿੰਦਰ ਸਿੰਘ ਭੁੱਲਰ , ਡਾਕਟਰ ਆਤਮਾ ਸਿੰਘ ,ਸਾਬਕਾ ਸਰਪੰਚ ਹਰਜਾਪ ਸਿੰਘ , ਹਰਦੀਪ ਸਿੰਘ ਬਬਲੀ ,ਬਲਵਿੰਦਰ ਸਿੰਘ ਲੋਦੀਪੁਰ, ਜਰਨੈਲ ਸਿੰਘ ,ਬਲਮ ਸਿੰਘ, ਜਸਵਿੰਦਰ ਸਿੰਘ, ਚਰਨਜੀਤ ਸਿੰਘ, ਰਾਜਕੁਮਾਰ , ਬਲਦੇਵ ਸਿੰਘ ਆਦਿ ਨੇ ਜਿੱਥੇ ਉਹਨਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਉੱਥੇ ਹੀ ਕਿਹਾ ਕਿ ਇੱਕ ਸਧਾਰਨ ਪਰਿਵਾਰ ਵਿੱਚੋਂ ਨੀਟ ਦੀ ਪ੍ਰੀਖਿਆ ਪਾਸ ਕਰਕੇ ਐਮਬੀਬੀਐਸ ਕਰਨਾ ਬਹੁਤ ਵੱਡੀ ਪ੍ਰਾਪਤੀ ਹੈ।

# ਨਿੱਕੀ ਦੁਨੀਆ

## ਉੱਠ ਪੁੱਤਰਾ ਨਾ ਲੈ ਅੰਗੜਾਈਆਂ



# ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ

ਇਕਬਾਲ ਸੰਧੂ ਉੱਭਾ

ਪਿਆਰੇ ਵਿਦਿਆਰਥੀਓ- ਜਿਸ ਪ੍ਰਕਾਰ ਤੁਸੀਂ ਆਪਣਾ ਜਨਮ ਦਿਨ ਮਨਾਉਂਦੇ ਹੋ ਤੇ ਤੁਹਾਨੂੰ ਆਪਣੇ ਜਨਮ ਦਿਨ ਦੀ ਬਹੁਤ ਖ਼ੁਸ਼ੀ ਹੁੰਦੀ ਹੈ। ਇਸ ਤਰ੍ਹਾਂ ਸਾਡੇ ਮਹਾਂਪੁਰਸ਼ਾਂ ਦੇ ਜਨਮ ਦਿਨ ਆਉਂਦੇ ਹਨ। ਉਨ੍ਹਾਂ ਦੇ ਜਨਮ ਦੀ ਵੀ ਸਾਨੂੰ ਬਹੁਤ ਖ਼ੁਸ਼ੀ ਹੁੰਦੀ ਹੈ। ਉਨ੍ਹਾਂ ਮਹਾਨ ਵਿਅਕਤੀਆਂ ਦੇ ਜਨਮ ਦਿਨ ਵੀ ਅਸੀਂ ਖ਼ੁਸ਼ੀ-ਖ਼ੁਸ਼ੀ ਮਨਾਉਂਦੇ ਹਾਂ। ਆਓ ਅੱਜ ਅਸੀਂ ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਜੀ ਦੇ ਜਨਮ ਬਾਰੇ ਤੁਹਾਨੂੰ ਜਾਣਕਾਰੀ ਦੇਈਏ....

ਪੰਜਾਬ ਦੀ ਧਰਤੀ ਗੁਰੂਆਂ, ਪੀਰਾਂ, ਸ਼ਹੀਦਾਂ, ਮਹਾਂਪੁਰਸ਼ਾਂ ਆਦਿ ਦੀ ਧਰਤੀ ਹੈ। ਇੱਥੇ ਸਮੇਂ-ਸਮੇਂ ਮਹਾਨ ਲੋਕ ਪੈਦਾ ਹੋਏ ਜੋ ਸਮਾਜ ਲਈ ਆਦਰਸ਼ ਬਣੇ। ਉਨ੍ਹਾਂ ਵਿੱਚੋਂ ਹੀ ਇਕ ਮਹਾਨ ਪੁਰਸ਼ ਸ੍ਰੀ ਗੁਰੂ ਨਾਨਕ ਦੇਵ ਜੀ ਹਨ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸਿੱਖ ਧਰਮ ਦੀ ਨੀਂਹ ਰੱਖੀ। ਉਹ ਸਾਡੇ ਪਹਿਲੇ ਗੁਰੂ ਹਨ। ਗੁਰੂ ਜੀ ਬਚਪਨ ਤੋਂ ਹੀ ਉੱਚੀ ਸ਼ਖ਼ਸੀਅਤ ਦੇ ਮਾਲਕ ਸਨ। ਜਿਸ ਦਾ ਪਤਾ ਸਿੱਖਿਆ ਪ੍ਰਾਪਤੀ ਦੇ ਪਹਿਲੇ ਦਿਨ ਹੀ ਆਪਣੇ ਗੁਰੂ ਪਾਂਧੇ ਨੂੰ ਪ੍ਰਭਾਵਿਤ ਕਰਨ ਤੋਂ ਲੱਗਦਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜਨਮ ਕੱਤਕ ਦੀ ਪੂਰਨਮਾਸ਼ੀ, ਨਨਕਾਣਾ ਸਾਹਿਬ ਰਾਏ ਭੋਇ ਦੀ ਤਲਵੰਡੀ (ਪਾਕਿਸਤਾਨ) ਵਿਖੇ ਹੋਇਆ। ਉਨ੍ਹਾਂ ਦੇ ਪਿਤਾ ਜੀ ਦਾ ਨਾਂ ਮਹਿਤਾ ਕਾਲੂ ਅਤੇ ਮਾਤਾ ਦਾ ਨਾਂ ਤ੍ਰਿਪਤਾ ਦੇਵੀ ਸੀ। ਉਨ੍ਹਾਂ ਦੀ ਭੈਣ ਬੇਬੇ ਨਾਨਕੀ ਜੀ ਸਨ। ਗੁਰੂ ਜੀ ਨੇ ਸੈਂਕੜੇ ਮੀਲ ਪੈਦਲ ਤੁਰ ਕੇ ਲੋਕਾਂ ਨੂੰ ਗਿਆਨ ਦੀਆਂ ਗੱਲਾਂ ਦੱਸੀਆਂ। ਉਨ੍ਹਾਂ ਨੇ ਵਹਿਮਾਂ-ਭਰਮਾਂ, ਪਖੰਡਾਂ, ਝੂਠ, ਤਾਗੇ-ਤਵੀਤਾਂ ਤੋਂ ਦੂਰ ਰਹਿਣ ਅਤੇ ਚੰਗੇ ਕਰਮ ਕਰਨਾ, ਭਲਾਈ ਕਰਨ, ਲੋੜਵੰਦ ਦੀ ਮਦਦ ਕਰਨ, ਗਰੀਬ ਦੀ ਸਹਾਇਤਾ ਕਰਨ ਆਦਿ ਦੀ ਸਿੱਖਿਆ ਦਿੱਤੀ।

ਉਨ੍ਹਾਂ ਨੇ ਕੁਦਰਤੀ ਚੀਜ਼ਾਂ ਦੀ ਸੰਭਾਲ ਕਰਨ ਬਾਰੇ ਵੀ ਮਨੁੱਖ ਨੂੰ ਪ੍ਰੇਰਿਆ, ਕਿਉਂਕਿ ਕੁਦਰਤੀ ਚੀਜ਼ਾਂ ਜਿੱਥੇ ਸਾਨੂੰ ਮੁਫ਼ਤ ਮਿਲਦੀਆਂ ਹਨ ਉੱਥੇ ਸਾਡੇ ਲਈ ਬਹੁਤ ਹੀ ਜ਼ਰੂਰੀ ਅਤੇ ਲਾਹੇਵੰਦ ਹਨ। ਸਾਡਾ ਜੀਵਨ ਕੁਦਰਤੀ ਚੀਜ਼ਾਂ 'ਤੇ ਹੀ ਨਿਰਭਰ ਹੈ। ਕੁਦਰਤੀ ਚੀਜ਼ਾਂ ਦੀ ਮਹੱਤਤਾ ਨੂੰ ਦੱਸਦੇ ਹੋਏ ਗੁਰੂ ਜੀ ਨੇ ਜਪੁਜੀ ਸਾਹਿਬ ਸਲੋਕ ਵਿਚ ਪਵਣ ਗੁਰੂ ਪਾਣੀ ਪਿਤਾ, ਮਾਤਾ ਧਰਤ ਮਹਤੁ ਦੀ ਰਚਨਾ ਕੀਤੀ। ਉਨ੍ਹਾਂ ਨੇ ਹਵਾ ਨੂੰ ਗੁਰੂ ਜਿੰਨਾ ਸਤਿਕਾਰ ਦੇਣ ਲਈ ਕਿਹਾ ਕਿਉਂਕਿ ਹਵਾ ਸਾਡੀ ਜੀਵਨਦਾਨੀ ਹੈ। ਹਵਾ ਵਿਚਲੀ ਆਕਸੀਜਨ ਕਾਰਨ ਹੀ ਸਾਡੀ ਸਾਹ ਕਿਰਿਆ ਚੱਲਦੀ ਹੈ ਭੋਜਨ, ਪਾਣੀ ਬਿਨਾਂ ਕਈ ਘੰਟੇ ਅਸੀਂ ਸੈਰ ਸਕਦੇ ਹਾਂ ਪਰ ਸਾਹ ਲੈਣਾ ਅਸੀਂ ਨਹੀਂ ਰੋਕ ਸਕਦੇ, ਜਿਸ ਵਿਚ ਹਵਾ ਦਾ ਅਹਿਮ ਰੋਲ ਹੈ। ਪਾਣੀ ਨੂੰ ਗੁਰੂ ਜੀ ਨੇ ਪਿਤਾ ਦੇ ਸਮਾਨ ਮੰਨਿਆ ਹੈ। ਗੁਰੂ ਜੀ ਨੇ ਧਰਤੀ ਨੂੰ ਮਾਤਾ ਕਹਿ ਕੇ ਪੁਕਾਰਿਆ ਹੈ। ਜਿਸ ਤਰ੍ਹਾਂ ਛੋਟੇ ਬੱਚਿਆਂ ਦੀ ਜ਼ਰੂਰਤ ਉਨ੍ਹਾਂ ਦੀ ਮਾਤਾ ਪੂਰੀ ਕਰਦੀ ਹੈ। ਇਸ ਤਰ੍ਹਾਂ ਮਨੁੱਖ ਅਨਾਜ, ਫ਼ਲ, ਸਬਜ਼ੀਆਂ, ਕੱਪੜੇ ਲਈ ਕਪਾਹ ਆਦਿ ਧਰਤੀ ਤੋਂ ਪੈਦਾ ਕਰਦਾ ਹੈ। ਗੁਰੂ ਜੀ ਨੇ ਹਵਾ, ਪਾਣੀ, ਧਰਤੀ ਬਾਰੇ ਹੀ ਨਹੀਂ ਸੂਰਜ, ਚੰਦ, ਤਾਰੇ, ਆਕਾਸ਼, ਬੱਦਲ, ਮੀਂਹ, ਹਨੇਰੀਆਂ, ਰੁੱਤਾਂ, ਦਿਨ-ਰਾਤ ਆਦਿ ਕੁਦਰਤੀ ਚੀਜ਼ਾਂ ਬਾਰੇ ਗੁਰਬਾਣੀ ਵਿਚ ਬਹੁਤ ਕੁੱਝ ਲਿਖਿਆ ਹੈ। ਲੋੜ ਇਸ ਗੱਲ ਦੀ ਹੈ ਕਿ ਸਾਨੂੰ ਇਨ੍ਹਾਂ ਕੁਦਰਤੀ ਚੀਜ਼ਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ ਕਿਉਂਕਿ ਸਾਡਾ ਜੀਵਨ ਇਨ੍ਹਾਂ 'ਤੇ ਨਿਰਭਰ ਕਰਦਾ ਹੈ। ਸੋ ਸਾਨੂੰ ਗੁਰੂਆਂ ਦੀਆਂ ਦੱਸੀਆਂ ਗੱਲਾਂ 'ਤੇ ਜ਼ਰੂਰ ਅਮਲ ਕਰਨਾ ਚਾਹੀਦਾ ਹੈ।

• 98723-45277



**ਸਾਡੀ ਧਰਤੀ ਗੁਰੂਆਂ, ਪੀਰਾਂ, ਸ਼ਹੀਦਾਂ, ਮਹਾਂਪੁਰਸ਼ਾਂ ਦੀ ਧਰਤੀ ਹੈ। ਇੱਥੇ ਸਮੇਂ-ਸਮੇਂ ਮਹਾਨ ਲੋਕ ਪੈਦਾ ਹੋਏ ਜੋ ਸਮਾਜ ਲਈ ਆਦਰਸ਼ ਬਣੇ...**

## ਸ਼ਹਿਦ ਦੀਆਂ ਮੱਖੀਆਂ

ਸੰਸਾਰ 'ਚ ਤਕਰੀਬਨ 20,000 ਪ੍ਰਕਾਰ ਦੀਆਂ ਮੱਖੀਆਂ ਮਿਲਦੀਆਂ ਹਨ ਜਿਨ੍ਹਾਂ 'ਚੋਂ ਸਿਰਫ਼ ਚਾਰ ਪ੍ਰਜਾਤੀਆਂ ਸ਼ਹਿਦ ਪੈਦਾ ਕਰਦੀਆਂ ਹਨ।

- ਮਧੂਮੱਖੀਆਂ ਦੇ ਛੱਤੇ 'ਚ ਤਿੰਨ ਤਰ੍ਹਾਂ ਦੀਆਂ ਮੱਖੀਆਂ ਹੁੰਦੀਆਂ ਹਨ ਇਸ 'ਚ ਸਭ ਤੋਂ ਜਾਣੀ ਪਛਾਣੀ ਰਾਣੀ ਮੱਖੀ ਹੈ। ਇਹ ਮੱਖੀ ਸਿਰਫ਼ ਚਾਰ ਤੋਂ ਪੰਜ ਸਾਲ ਤਕ ਜਿਊਂਦੀ ਰਹਿੰਦੀ ਹੈ।
- ਡ੍ਰੋਨ ਮੱਖੀ ਡੰਗ ਨਹੀਂ ਮਾਰਦੀ।
- ਤੀਜੇ ਤਰ੍ਹਾਂ 'ਤੇ ਸਭ ਤੋਂ ਛੋਟੀਆਂ ਮੱਖੀਆਂ ਹੁੰਦੀਆਂ ਹਨ ਜਿਨ੍ਹਾਂ ਦੀ ਉਮਰ 40 ਤੋਂ 45 ਦਿਨਾਂ ਤਕ ਹੁੰਦੀ ਹੈ, ਇਹ ਕਿਸੇ ਨੂੰ ਡੰਗ ਮਾਰਨ ਤੋਂ ਬਾਅਦ ਮਰ ਜਾਂਦੀਆਂ ਹਨ।
- ਮਧੂਮੱਖੀਆਂ ਦੇ ਜੀਵਨ 'ਚ ਚਾਰ ਤਰ੍ਹਾਂ ਦੇ ਪਰਿਵਰਤਨ ਹੁੰਦੇ ਹਨ ਜਿਵੇਂ ਆਂਡਾ, ਲਾਰਵਾ, ਪਿਊਪਾ ਅਤੇ ਮੱਖੀ।
- ਰਾਣੀ ਮੱਖੀ ਨੂੰ ਇਕ ਖ਼ਾਸ ਤਰ੍ਹਾਂ ਦਾ ਪਦਾਰਥ ਖਾਣ ਨੂੰ ਦਿੱਤਾ ਜਾਂਦਾ ਹੈ ਜਿਸ ਨੂੰ ਰਾਇਲ ਕਿਹਾ ਜਾਂਦਾ ਹੈ।
- ਇਕ ਮਧੂਮੱਖੀ ਦੀਆਂ ਛੇ ਲੱਤਾਂ ਤੇ ਦੋ ਖੰਭ ਹੁੰਦੇ ਹਨ।
- ਮਧੂਮੱਖੀ ਦੇ ਦੋ ਢਿੱਡ ਹੁੰਦੇ ਹਨ ਇਕ ਖਾਣਾ ਖਾਣ ਲਈ ਅਤੇ ਦੂਜਾ ਫਲਾਂ ਦਾ ਰਸ ਇਕੱਠਾ ਕਰਨ ਲਈ।
- ਇਹ ਇਕ ਅਜਿਹੀ ਕੀਟ ਹੈ ਜਿਸ ਦੁਆਰਾ ਬਣਾਏ ਸ਼ਹਿਦ ਨੂੰ ਮਨੁੱਖ ਖਾਂਦਾ ਹੈ।
- ਇਸ ਦੀਆਂ ਪੰਜ ਅੱਖਾਂ ਹੁੰਦੀਆਂ ਹਨ ਦੋ ਵੱਡੀਆਂ ਅੱਖਾਂ ਅਤੇ ਇਨ੍ਹਾਂ ਵਿਚਕਾਰ ਮੱਥੇ ਉਪਰ ਤਿੰਨ ਅੱਖਾਂ ਹੁੰਦੀਆਂ ਹਨ।
- 5 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਉੱਡ ਸਕਦੀਆਂ ਹਨ।
- ਮਧੂਮੱਖੀ ਦੇ ਸੁੰਘਣ ਦੀ ਸ਼ਕਤੀ ਇਨਸਾਨ ਤੋਂ ਕਿਤੇ ਜ਼ਿਆਦਾ ਹੁੰਦੀ ਹੈ।
- ਸ਼ਹਿਦ ਕਈ ਤਰ੍ਹਾਂ ਦੇ ਰੰਗਾਂ ਤੋਂ ਮਿਲਦਾ ਹੈ ਇਹ ਫੁੱਲ 'ਤੇ ਨਿਰਭਰ ਕਰਦਾ ਹੈ। ਜਿਸ 'ਚੋਂ ਮੱਖੀ ਰਸ ਚੂਸਦੀ ਹੈ।
- ਸ਼ਹਿਦ ਦੀਆਂ ਮੱਖੀਆਂ ਆਪਣੀ ਜ਼ਰੂਰਤ ਨਾਲ ਲਗਪਗ 40-45 ਕਿੱਲੋ ਜ਼ਿਆਦਾ ਸ਼ਹਿਦ ਪੈਦਾ ਕਰਦੀਆਂ ਹਨ।
- ਮਧੂਮੱਖੀਆਂ ਇਕ ਸੈਕਿੰਡ 'ਚ 200 ਵਾਰ ਆਪਣੇ ਖੰਭ ਫੜਫੜਾਉਂਦੀਆਂ ਹਨ।
- ਇਸ ਦੀਆਂ ਅੱਖਾਂ 'ਚ ਹਜ਼ਾਰਾਂ ਲੈਨਜ਼ ਲੱਗੇ ਹੁੰਦੇ ਹਨ।
- ਇਕ ਚਮਚ ਸ਼ਹਿਦ ਲਈ ਮਧੂਮੱਖੀ ਨੂੰ ਹਜ਼ਾਰਾਂ ਫੁੱਲਾਂ ਦਾ ਰਸ ਇਕੱਠਾ ਕਰਨਾ ਪੈਂਦਾ ਹੈ।
- ਇਕ ਛੱਤੇ 'ਤੇ 30 ਤੋਂ 60 ਹਜ਼ਾਰ ਮਧੂਮੱਖੀਆਂ ਰਹਿੰਦੀਆਂ ਹਨ।



ਬੱਚਿਓ!
ਵੱਡਿਆਂ ਦੀਆਂ ਸਿਖਾਈਆਂ ਛੋਟੀਆਂ-ਛੋਟੀਆਂ ਗੱਲਾਂ 'ਤੇ ਸਾਨੂੰ ਜ਼ਰੂਰ ਅਮਲ ਕਰਨਾ ਚਾਹੀਦਾ ਹੈ। ਇਹੀ ਗੱਲਾਂ ਸਾਨੂੰ ਜੀਵਨ 'ਚ ਅੱਗੇ ਵਧਣ ਲਈ ਪ੍ਰੇਰਦੀਆਂ ਹਨ...

## ਗੱਲ ਦਾ ਅਸਰ

ਹਰਜਿੰਦਰ ਸਿੰਘ ਅਸ਼ੀ

ਜਸਪ੍ਰੀਤ ਆਪਣੇ ਮਾਤਾ-ਪਿਤਾ ਦਾ ਇਕਲੌਤਾ ਤੇ ਲਾਡਲਾ ਮੁੰਡਾ ਹੋਣ ਕਾਰਨ ਆਪਣੀ ਮਨ ਮਰਜ਼ੀ ਕਰਦਾ ਅਤੇ ਉਸ ਦੀਆਂ ਇਹ ਬੁਰੀਆਂ ਆਦਤਾਂ ਦਿਨੋ-ਦਿਨ ਵੱਧ ਰਹੀਆਂ ਸਨ। ਉਹ ਹਰ ਗੱਲ 'ਤੇ ਟਾਲਾ ਵੱਟਦਾ, ਪੜ੍ਹਾਈ ਵਿਚ ਰੁਚੀ ਨਾ ਲੈਂਦਾ, ਸਵੇਰੇ ਲੇਟ ਉੱਠਦਾ ਤੇ ਹਰ ਸਮੇਂ ਮੋਬਾਇਲ 'ਤੇ ਗੇਮਾਂ ਖੇਡਦਾ ਰਹਿੰਦਾ। ਸਮਾਂ ਬੀਤਦਾ ਗਿਆ ਅਤੇ ਮਾਂ-ਬਾਪ ਨੂੰ ਉਸਦੇ ਭਵਿੱਖ ਬਾਰੇ ਚਿੰਤਾ ਹੋਣ ਲੱਗੀ ਕਿਉਂਕਿ ਜਸਪ੍ਰੀਤ ਦੀਆਂ ਇਹ ਆਦਤਾਂ ਪੱਕ ਚੁੱਕੀਆ ਸਨ। ਮਾਂ-ਬਾਪ ਨੇ ਸਾਰੇ ਉਪਰਾਲੇ ਕਰ ਕੇ ਵੇਖ ਲਏ ਪਰ ਇਨ੍ਹਾਂ ਦਾ ਜਸਪ੍ਰੀਤ ਉਪਰ ਕੋਈ ਅਸਰ ਨਹੀ ਸੀ।

ਇਕ ਰਾਤ ਜਸਪ੍ਰੀਤ ਅਤੇ ਉਸਦਾ ਪਿਤਾ ਇਕੱਠੇ ਖਾਣਾ ਖਾ ਰਹੇ ਸਨ ਤਾਂ ਪਿਤਾ ਨੇ ਆਪਣੇ ਬੇਟੇ ਨੂੰ ਸਮਝਾਉਣਾ ਚਾਹਿਆ ਤੇ ਗੱਲ ਸ਼ੁਰੂ ਕੀਤੀ ਕਿ ਜੇ ਇਨਸਾਨ ਆਪਣੇ ਮਨੀਰਾਮ ਨੂੰ ਕਾਬੂ ਕਰ ਲਵੇ ਤਾਂ ਉਹ ਆਪਣੀ ਜ਼ਿੰਦਗੀ ਵਿਚ ਕਾਮਯਾਬ ਹੋ ਜਾਂਦਾ ਹੈ ਤਾਂ ਜਸਪ੍ਰੀਤ ਨੇ ਹੈਰਾਨਗੀ ਭਰੇ ਲਹਿਜੇ ਵਿਚ ਪਿਤਾ ਵੱਲ ਤੱਕਿਆ ਤੇ ਸਵਾਲ ਕੀਤਾ ਕਿ ਪਿਤਾ ਜੀ 'ਮਨੀਰਾਮ' ਕੀ ਹੁੰਦਾ ਹੈ? ਪਿਤਾ ਨੇ ਸੋਚਿਆ ਕਿ ਤੀਰ ਨਿਸ਼ਾਨੇ 'ਤੇ ਲੱਗਿਆ ਹੈ, ਉਸੇ ਵਕਤ ਗੰਭੀਰ ਹੁੰਦਿਆਂ ਪੁੱਤ ਨੂੰ ਸਮਝਾਉਣਾ ਸ਼ੁਰੂ ਕੀਤਾ ਕਿ ਬੇਟਾ, ਮਨੀਰਾਮ ਇਨਸਾਨ ਦੇ ਅੰਦਰਲਾ ਮਨ ਹੈ ਜੋ ਹਮੇਸ਼ਾ ਇਨਸਾਨ ਨੂੰ ਗ਼ਲਤ ਕੰਮ ਕਰਨ ਲਈ ਪ੍ਰੇਰਿਤ ਕਰਦਾ ਹੈ। ਜੇ ਇਨਸਾਨ ਮਨ ਮਗਰ ਲੱਗ ਜਾਵੇ ਤਾਂ ਉਹ ਫੇਲ੍ਹ ਹੋ ਜਾਂਦਾ ਹੈ, ਮਨ ਨੂੰ ਆਪਣੇ ਮਗਰ ਲਾ ਲਵੇ ਤਾਂ ਕਾਮਯਾਬ ਹੋ ਜਾਂਦਾ ਹੈ। ਜਿਵੇਂ ਪੁੱਤਰ ਤੂੰ ਸਵੇਰੇ ਉੱਠਦਾ ਹੈ ਤਾਂ ਮਨ ਤੈਨੂੰ ਹੋਰ ਸੌਣ ਲਈ ਕਹਿੰਦਾ ਹੈ ਜੇ ਤੂੰ ਉਸਦੀ ਗੱਲ ਮੰਨ ਲਈ ਤਾ ਤੂੰ ਫਿਰ ਸੌਂ ਜਾਵੇਗਾ ਅਤੇ ਸਕੂਲ ਤੋ ਲੇਟ ਹੋ ਜਾਵੇਗਾ ਅਤੇ ਤੇਰੇ ਸਾਰੇ ਦਿਨ ਦੇ ਕੰਮ ਵੀ ਅਧੂਰੇ ਰਹਿ ਜਾਣਗੇ। ਜੇ ਤੂੰ ਇਸਦੇ ਉਲਟ ਉਸਦੀ ਗੱਲ ਨਾ ਮੰਨਦਾ ਹੋਇਆ ਸਵੇਰੇ ਉਠੇਂਗਾ ਤਾਂ ਤੂੰ ਸਕੂਲ ਵੀ ਸਮੇਂ ਸਿਰ ਜਾਵੇਂਗਾ ਤੇ ਤੇਰੇ ਕੰਮ ਵੀ ਸਾਰੇ ਪੂਰੇ ਹੋ ਜਾਣਗੇ ਤੇ ਤੂੰ ਜ਼ਿੰਦਗੀ ਵਿਚ ਸਫ਼ਲ ਇਨਸਾਨ ਬਣ ਜਾਵੇਂਗਾ।

ਜਸਪ੍ਰੀਤ ਨੇ ਪਿਤਾ ਦੀ ਗੱਲ ਨੂੰ ਬਹੁਤ ਡੂੰਘਾਈ ਨਾਲ ਸੋਚਿਆ ਅਤੇ ਆਪਣੀ ਜ਼ਿੰਦਗੀ ਵਿਚ ਇਸ ਗੱਲ ਨੂੰ ਲਾਗੂ ਕਰਨ ਦਾ ਦ੍ਰਿੜ ਵਚਨ ਲੈ ਲਿਆ। ਇਸ ਅਸਰ ਸਦਕਾ ਹੁਣ ਉਸਦੀ ਜ਼ਿੰਦਗੀ ਦੀਆਂ ਨਾਕਾਮਯਾਬੀਆਂ ਉਸਦੀ ਸਫ਼ਲਤਾ ਵਿਚ ਬਦਲ ਗਈਆਂ ਅਤੇ ਉਹ ਇਕ ਮਹਾਨ ਇਨਸਾਨ ਬਣ ਗਿਆ।

• 97797-01434





## ਕਿਵੇਂ ਪੈਂਦੀ ਹੈ ਬਰਫ਼ ?



ਦੋਸਤੋ- ਤੁਸੀਂ ਜਾਣਦੇ ਹੀ ਹੋਵੋਗੇ ਕਿ ਸਾਡੀ ਧਰਤੀ 'ਤੇ ਪਾਣੀ ਇਕ ਲਗਾਤਾਰ ਚੱਕਰ 'ਚ ਚਲਦਾ ਰਹਿੰਦਾ ਹੈ। ਸੂਰਜ ਦੀ ਗਰਮੀ ਨਾਲ ਨਦੀਆਂ, ਤਾਲਾਬਾਂ, ਝੀਲਾਂ 'ਚੋਂ ਪਾਣੀ ਭਾਫ਼ ਬਣ ਕੇ ਉੱਡ ਜਾਂਦਾ ਹੈ ਅਤੇ ਵਾਤਾਵਾਰਨ 'ਚ ਪਹੁੰਚ ਜਾਂਦਾ ਹੈ। ਜਦੋਂ ਇਸ ਤਰ੍ਹਾਂ ਦੇ ਬਹੁਤ ਸਾਰੇ ਵਾਸ਼ਪੀਕਰਣ ਇਕੱਠੇ ਹੋ ਜਾਂਦੇ ਹਨ ਤਾਂ ਉਹ ਬੱਦਲ ਦਾ ਰੂਪ ਲੈ ਲੈਂਦੇ ਹਨ। ਜਦੋਂ ਇਹ ਬੱਦਲ ਆਪਸ 'ਚ ਟਕਰਾਉਂਦੇ ਹਨ ਤਾਂ ਬਾਰਿਸ਼ ਹੁੰਦੀ ਹੈ ਪਰ ਜਦੋਂ ਇਹ ਬੱਦਲ ਵਾਤਾਵਰਨ 'ਚ ਜ਼ਿਆਦਾ ਮਾਤਰਾ 'ਚ ਉੱਪਰ ਚੱਲੇ ਜਾਂਦੇ ਹਨ ਤਾਂ ਉੱਥੋਂ ਦਾ ਤਾਪਮਾਨ ਬਹੁਤ ਘੱਟ ਹੋ ਜਾਂਦਾ ਹੈ ਅਤੇ ਵਾਤਾਵਰਨ ਬਹੁਤ ਠੰਢਾ ਹੋ ਜਾਂਦਾ ਹੈ। ਬੱਦਲ ਦਾ ਤਾਪਮਾਨ ਬਹੁਤ ਹੇਠਾਂ ਪਹੁੰਚਣ 'ਤੇ, ਬੱਦਲਾਂ 'ਚ ਮੌਜੂਦ ਵਾਸ਼ਪੀ ਕਣ ਛੋਟੇ-ਛੋਟੇ ਕਣਾਂ 'ਚ ਬਦਲ ਜਾਂਦੇ ਹਨ। ਹਵਾ ਇਨ੍ਹਾਂ ਬਰਫ਼ ਦੇ ਕਣਾਂ ਦਾ ਭਾਰ ਨਹੀਂ ਉੱਠਾ ਪਾਉਂਦੀ ਤੇ ਕਣ ਬੱਦਲ ਨਾਲ ਹੇਠਾਂ ਡਿੱਗਣ ਲੱਗਦੇ ਹਨ। ਜਦੋਂ ਉਹ ਡਿੱਗਦੇ ਹਨ ਤਾਂ ਇਕ ਦੂਜੇ ਨਾਲ ਟੱਕਰਾ ਕੇ ਜੁੜਨ ਲੱਗਦੇ ਹਨ। ਇਸ ਤਰ੍ਹਾਂ ਇਨ੍ਹਾਂ ਦਾ ਆਕਾਰ ਵੱਡਾ ਹੋਣ ਲੱਗਦਾ ਹੈ। ਜਦੋਂ ਇਹ ਕਣ ਸਾਡੀ ਧਰਤੀ 'ਤੇ ਡਿੱਗਦੇ ਹਨ ਤਾਂ ਅਸੀਂ ਉਸ ਨੂੰ ਬਰਫ਼ਬਾਰੀ ਕਹਿੰਦੇ ਹਾਂ।

ਹੁਣ ਤੁਸੀਂ ਇਹ ਕਹਿ ਸਕਦੇ ਹੋ ਕਿ ਬਰਫ਼ ਦਰਅਸਲ ਜਮ੍ਹਾਂ ਹੋਇਆ ਪਾਣੀ ਹੈ। ਬਰਫ਼ਬਾਰੀ 'ਚ ਧਰਤੀ 'ਤੇ ਅਕਸਰ ਬਰਫ਼ ਦੀ ਸਫ਼ੈਦ ਚਾਦਰ ਵਿਛ ਜਾਂਦੀ ਹੈ। ਡਿੱਗਦੀ ਹੋਈ ਇਹ ਬਰਫ਼ ਹਮੇਸ਼ਾਂ ਨਰਮ ਨਹੀਂ ਹੁੰਦੀ। ਇਹ ਬਰਫ਼ ਡਿੱਗਦੇ ਹੋਏ ਇਕ ਜਗ੍ਹਾ ਇਕੱਠੀ ਨਾ ਡਿੱਗ ਕੇ ਹਵਾ ਨਾਲ ਇੱਧਰ-ਉਧਰ ਫੈਲ ਜਾਂਦੀਆਂ ਹਨ, ਇਸ ਲਈ ਇਹ ਕਿਤੇ ਬਹੁਤ ਜ਼ਿਆਦਾ ਤੇ ਕਿਤੇ ਬਹੁਤ ਘੱਟ ਡਿਗਦੀਆਂ ਹਨ। ਕਦੇ ਇਹ ਛੋਟੇ-ਛੋਟੇ ਪੱਥਰਾਂ ਦੇ ਰੂਪ 'ਚ ਤਾਂ ਕਦੇ ਬਾਰਿਸ਼ ਦੇ ਨਾਲ ਡਿੱਗਣ ਵਾਲੇ ਸਖ਼ਤ ਬਰਫ਼ ਭਾਵ ਟੁਕੜਿਆਂ ਦੇ ਰੂਪ 'ਚ ਵੀ ਡਿੱਗਦੀ ਹੈ। ਬਰਫ਼ ਚਾਹੇ ਜਿਸ ਰੂਪ 'ਚ ਵੀ ਡਿੱਗੇ, ਜਿੱਥੇ ਇਹ ਡਿੱਗਦੀ ਹੈ ਉੱਥੋਂ ਦਾ ਤਾਪਮਾਨ ਕਾਫ਼ੀ ਡਿੱਗ ਜਾਂਦਾ ਹੈ। ਆਲੇ-ਦੁਆਲੇ ਦੇ ਇਲਾਕੇ ਵੀ ਠੰਢੀਆਂ ਹਵਾਵਾਂ ਦੀ ਲਪੇਟ 'ਚ ਆ ਜਾਂਦੇ ਹਨ। ਹੁਣ ਤੁਹਾਡੇ ਮਨ 'ਚ ਇਹ ਸਵਾਲ ਉੱਠਦਾ ਹੋਵੇਗਾ ਕਿ ਇਹ ਬਰਫ਼ਬਾਰੀ ਪਹਾੜੀ ਇਲਾਕਿਆਂ 'ਚ ਹੀ ਕਿਉਂ ਹੁੰਦੀ ਹੈ?

ਬਰਫ਼ ਉਨ੍ਹਾਂ ਸਥਾਨਾਂ 'ਤੇ ਜ਼ਿਆਦਾ ਡਿੱਗਦੀ ਹੈ ਜੋ ਇਲਾਕੇ ਜਾਂ ਤਾਂ ਸਮੁੰਦਰ ਤੋਂ ਕਾਫ਼ੀ ਉੱਪਰ ਹੁੰਦੇ ਹਨ ਜਾਂ ਫਿਰ ਉੱਚਾਈ 'ਤੇ ਹੁੰਦੇ ਹਨ। ਵਾਤਾਵਰਨ 'ਚ ਬਰਫ਼ ਕਾਫ਼ੀ ਜ਼ਿਆਦਾ ਬਣਦੀ ਹੈ, ਜਿਸ ਦਾ ਇਕ ਛੋਟਾ ਹਿੱਸਾ ਹੀ ਥੱਲੇ ਪਹਾੜਾਂ 'ਤੇ ਡਿੱਗਦਾ ਹੈ। ਬਾਕੀ ਹਿੱਸਾ ਬਾਰਿਸ਼ ਦੇ ਰੂਪ 'ਚ ਥੱਲੇ ਆਉਂਦਾ ਹੈ।

ਹੁਣ ਇਹ ਵੀ ਸਵਾਲ ਤੁਹਾਡੇ ਮਨ 'ਚ ਆਵੇਗਾ ਕਿ ਬਰਫ਼ ਬਣਦੀ ਹੈ ਅਤੇ ਬਾਰਿਸ਼ ਡਿੱਗਦੀ ਹੈ, ਉਹ ਕਿਵੇਂ? ਵਾਤਾਵਰਨ 'ਚ ਮੌਜੂਦ ਓਜ਼ੋਨ ਦੀਆਂ ਗਰਮ ਪਰਤਾਂ ਦੇ ਵਿਚਕਾਰ ਤੋਂ ਜਦੋਂ ਬਰਫ਼ਬਾਰੀ ਦੇ ਕਣ ਨਿਕਲਦੇ ਹਨ ਤਾਂ ਬਰਫ਼ ਪਿਘਲ ਜਾਂਦੀ ਹੈ ਅਤੇ ਬਾਰਿਸ਼ ਦੇ ਪਾਣੀ 'ਚ ਬਦਲ ਜਾਂਦੀ ਹੈ, ਜਦਕਿ ਉੱਚੇ ਪਹਾੜਾਂ 'ਚ ਤਾਪਮਾਨ ਪਹਿਲਾਂ ਤੋਂ ਹੀ ਸਿਫ਼ਰ ਡਿੱਗਰੀ ਤੋਂ ਕਾਫ਼ੀ ਘੱਟ ਹੁੰਦਾ ਹੈ, ਇਸ ਲਈ ਉੱਥੇ ਬਰਫ਼ਬਾਰੀ ਹੁੰਦੀ ਹੈ। •



**ਫ਼ਾਇਦਾ**
ਪਹਾੜਾਂ 'ਤੇ ਡਿੱਗੀ ਇਹ ਬਰਫ਼ ਸੂਰਜ ਦੀ ਤਪਸ਼ ਨਾਲ ਪਿਘਲ ਕੇ ਨਦੀਆਂ 'ਚ ਪਾਣੀ ਦੀ ਪੂਰਤੀ ਕਰਦੀ ਹੈ, ਜਿਸ ਨੂੰ ਖੇਤੀਬਾੜੀ, ਬਿਜਲੀ ਬਣਾਉਣ ਅਤੇ ਹੋਰ ਕੰਮਾਂ ਲਈ ਵਰਤਿਆ ਜਾਂਦਾ ਹੈ...

## ਬਹੁਤ ਕੁਝ ਸਿਖਾਉਂਦੀ ਹੈ ਬਾਲ-ਸਭਾ

ਰਮੇਸ਼ ਬੱਗਾ ਚੋਹਲਾ

ਬਾਲ ਸਭਾ ਵਿਚ ਸਕੂਲ ਦੇ ਅਧਿਆਪਕਾਂ ਦੀ ਨਾ ਸਿਰਫ਼ ਸਰਗਰਮ ਭਾਗੇਦਾਰੀ ਹੀ ਹੁੰਦੀ ਸੀ ਸਗੋਂ ਕੁੱਝ ਰਚਨਾਤਮਿਕ ਅਤੇ ਕਲਾਤਮਿਕ ਸੋਚ ਵਾਲੇ ਅਧਿਆਪਕਾਂ ਵੱਲੋਂ ਵਿਸ਼ੇਸ਼ ਰੁਚੀਆਂ ਰੱਖਣ ਵਾਲੇ ਵਿਦਿਆਰਥੀਆਂ ਦਾ ਮਾਰਗਦਰਸ਼ਨ ਵੀ ਕੀਤਾ ਜਾਂਦਾ ਸੀ।

ਸਕੂਲ ਵਿਚ ਨਿਯਮਿਤ ਰੂਪ ਵਿਚ ਲਗਾਈ ਜਾਣ ਵਾਲੀ ਬਾਲ-ਸਭਾ ਜਿੱਥੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਮਨਪ੍ਰਚਾਵੇ ਦਾ ਸਬੱਬ ਬਣਦੀ ਸੀ ਉੱਥੇ ਵਿਦਿਆਰਥੀਆਂ ਦੀ ਸਿਰਜਣਾਤਮਿਕ ਅਤੇ ਕਲਾਤਮਿਕ ਪਹੁੰਚ ਨੂੰ ਉਭਾਰਨ, ਨਿਖ਼ਾਰਨ ਅਤੇ ਸੰਵਾਰਣ ਵਿਚ ਵੀ ਵਿਸ਼ੇਸ਼ ਸਹਾਈ ਹੁੰਦੀ ਸੀ। ਇਸ ਸਭਾ ਰਾਹੀਂ ਵਿਲੱਖਣ ਪ੍ਰਤਿਭਾ ਵਾਲੇ ਵਿਦਿਅਰਥੀਆਂ ਨੂੰ ਇਕ ਅਜਿਹਾ ਮੰਚ ਪ੍ਰਦਾਨ ਕੀਤਾ ਜਾਂਦਾ ਸੀ ਜਿਹੜਾ ਉਨ੍ਹਾਂ ਦੇ ਆਤਮ-ਵਿਸ਼ਵਾਸ ਵਿਚ ਵਾਧਾ ਕਰਕੇ ਉਨ੍ਹਾਂ ਦੁਆਰਾ ਮਿੱਥੀ ਹੋਈ ਮੰਜ਼ਿਲ ਦੇ ਨਜ਼ਦੀਕ ਲੈ ਜਾਂਦਾ ਸੀ।

ਜੇ ਰਸਮੀ ਸਿੱਖਿਆ ਦੇ ਉਦੇਸ਼ ਦੀ ਗੱਲ ਕੀਤੀ ਜਾਵੇ ਤਾਂ ਉਸ ਦਾ ਉਦੇਸ਼ ਸਿਰਫ਼ ਡਾਕਟਰ, ਇੰਜੀਨੀਅਰ, ਵਕੀਲ ਜਾਂ ਅਧਿਆਪਕ ਪੈਦਾ ਕਰਨਾ ਹੀ ਨਹੀਂ ਸਗੋਂ ਅਜਿਹੇ ਕਲਾਕਾਰ, ਸਾਹਿਤਕਾਰ ਅਤੇ ਬੁਲਾਰੇ ਪੈਦਾ ਕਰਨਾ ਵੀ ਹੈ ਜੋ ਆਪਣੀ ਅਗਾਂਹਵਧੂ ਸੋਚਣੀ, ਲੇਖਣੀ ਅਤੇ ਬੋਲਣੀ ਨਾਲ ਸਾਹਿਤ, ਸਭਿਆਚਾਰ ਅਤੇ ਸਮਾਜ ਨੂੰ ਅਮੀਰ ਬਣਾ ਸਕਣ। ਕਾਫ਼ੀ ਹੱਦ ਤਕ ਇਹ ਅਮੀਰੀ ਵੀ ਸਕੂਲ ਦੀ ਬਾਲ-ਸਭਾ ਦੀ ਹੀ ਦੇਣ ਰਹੀ ਹੈ। ਜਦੋਂ ਕਦੇ ਸਥਾਪਿਤ/ਕਾਮਯਾਬ ਕਲਾਕਾਰਾਂ ਵਿਸ਼ੇਸ਼ ਕਰ ਕੇ ਗਾਇਕਾਂ ਜਾਂ ਅਭਿਨੇਤਾਵਾਂ ਨਾਲ ਮੁਲਾਕਾਤ ਕੀਤੀ ਜਾਂਦੀ ਹੈ ਤਾਂ ਉਹ ਵੀ ਆਪਣੀ ਸਥਾਪਤੀ/ਕਾਮਯਾਬੀ ਦਾ ਬਹੁਤਾ ਸਿਹਰਾ ਪੜ੍ਹਾਈ ਦੌਰਾਨ ਸਕੂਲ ਵਿਚ ਲੱਗਣ ਵਾਲੀ ਬਾਲ-ਸਭਾ ਨੂੰ ਹੀ ਦਿੰਦੇ ਹਨ।

- ਸਕੂਲ ਦੁਆਰਾ ਨਿਯਮਿਤ ਰੂਪ ਵਿਚ ਕੀਤੀ ਜਾਣ ਵਾਲੀ ਬਾਲ-ਸਭਾ ਜਿੱਥੇ ਵਿਦਿਆਰਥੀ ਨੂੰ ਆਪਣਿਆਂ ਵਿਚ ਆਪਣੀ ਗੱਲ ਕਹਿ ਕੇ ਮਾਣ ਮਹਿਸੂਸ ਕਰਵਾਉਂਦੀ ਸੀ ਉੱਥੇ ਉਨ੍ਹਾਂ ਨੂੰ ਸਮੇਂ ਦਾ ਹਾਣੀ ਬਣਾ ਕੇ ਬੇਗ਼ਾਨਿਆਂ (ਬਾਹਰਲੇ ਵਿਸ਼ਾਲ ਇਕੱਠਾਂ) ਦੇ ਸਨਮੁੱਖ ਹੋਣ ਦੇ ਸਮਰੱਥ ਵੀ ਬਣਾਉਂਦੀ ਸੀ।
- ਇਸ ਸਭਾ ਵਿਚ ਹੀ ਪਹਿਲਾਂ ਸਕੂਲ ਦੇ ਗੁਣਵਾਨ ਬੱਚਿਆਂ ਨੂੰ ਤਰਾਸ਼ਿਆ ਜਾਂਦਾ ਸੀ ਅਤੇ ਇਸ ਤਲਾਸ਼ੀ ਤੋਂ ਬਾਅਦ ਯੋਗ ਅਧਿਆਪਕਾਂ ਦੁਆਰਾ ਤਰਾਸ਼ਿਆ ਜਾਂਦਾ ਸੀ। ਇਸ ਤਰ੍ਹਾਂ ਸਕੂਲ-ਸਭਾਵਾਂ ਵਿੱਚੋਂ ਤਲਾਸ਼ੇ ਅਤੇ ਅਧਿਆਪਕਾਂ ਦੁਆਰੇ ਤਰਾਸ਼ੇ ਵਿਦਿਆਰਥੀ ਜ਼ਿੰਦਗੀ ਵਿਚ ਕਈ ਵੱਡ-ਅਕਾਰੀਆਂ ਅਤੇ ਨਿਆਰੀਆਂ ਪ੍ਰਾਪਤੀ ਦੇ ਹੱਕਦਾਰ ਬਣ ਜਾਂਦੇ ਸਨ।
- ਸਕੂਲ ਦੀ ਬਾਲ-ਸਭਾ ਦਾ ਇਕ ਹਾਸਲ ਇਹ ਵੀ ਰਿਹਾ ਹੈ ਕਿ ਇਹ ਵਿਦਿਆਰਥੀਆਂ ਵਿਚਲੀ ਹਫ਼ਤਾ ਭਰ (ਜੋ ਅਕਸਰ ਬੋਝਲ ਅਤੇ ਔਖਿਆਲੇ ਪਾਠਕ੍ਰਮ ਕਰਕੇ ਪੈਦਾ ਹੁੰਦੀ ਹੈ) ਦੀ ਉਕਤਾਹਟ ਨੂੰ ਕੁਝ ਸਮੇਂ ਲਈ ਰੋਚਕ ਅਤੇ ਹੁਸੀਨ ਪਲਾਂ ਵਿਚ ਬਦਲ ਦਿੰਦੀ ਸੀ।
- ਸਭਾ ਵਿਚ ਹਾਜ਼ਰੀ ਭਰਕੇ ਸਕੂਲ ਦੇ ਵਿਦਿਆਰਥੀ ਆਪਣੇ ਆਪ ਨੂੰ ਤਰੋਤਾਜ਼ਾ ਮਹਿਸੂਸ ਕਰਦੇ ਸਨ। ਇਹ ਤਾਜ਼ਗੀ ਉਨ੍ਹਾਂ ਨੂੰ ਅਗਲੇ ਹਫ਼ਤੇ ਲੱਗਣ ਵਾਲੀਆਂ ਜਮਾਤਾਂ ਵਿਚ ਗਿਆਨ-ਵਿਗਿਆਨ ਦੀਆਂ ਗੱਲਾਂ ਨੂੰ ਸੁਣਨ ਅਤੇ ਸਮਝਣ ਲਈ ਊਰਜਾ ਪ੍ਰਦਾਨ ਕਰਦੀ ਸੀ। ਇਸ ਊਰਜਾ ਦੀ ਬਾਦੌਲਤ ਹੀ ਉਹ ਵਿਦਿਆ ਨੂੰ ਵਿਚਾਰਨ ਅਤੇ ਪਰਉਪਕਾਰਨ ਲਈ ਹਮੇਸ਼ਾ ਤਿਆਰ ਰਹਿੰਦੇ ਸਨ।
- ਸਕੂਲ ਦੀ ਬਾਲ-ਸਭਾ ਵਿਦਿਆਰਥੀ ਵਰਗ ਨੂੰ ਇਕ ਅਪਣੱਤਮਈ ਮਾਹੌਲ ਦਿੰਦੀ ਸੀ ਜਿਹੜਾ ਉਨ੍ਹਾਂ ਦੇ ਬਿਆਨਾਤਮਿਕ ਅਤੇ ਪ੍ਰਦਰਸ਼ਨਾਤਮਿਕ ਪੱਖ ਨੂੰ ਮਜ਼ਬੂਤ ਕਰਦਾ ਸੀ। ਇਹ ਪੱਖ ਜਿੱਥੇ ਉਨ੍ਹਾਂ ਦੇ ਸਤਿਕਾਰ ਵਿਚ ਵਾਧਾ ਕਰਦਾ ਸੀ ਉੱਥੇ ਉਨ੍ਹਾਂ ਦੀ ਪਛਾਣ ਵੀ ਬਣਾਉਂਦਾ ਸੀ।
- ਬਾਲ ਸਭਾ ਦੌਰਾਨ ਬਣੀ ਇਸ ਵੱਖਰੀ ਪਛਾਣ ਸਦਕਾ ਹੀ ਉਹ ਸਕੂਲ ਵੱਲੋਂ ਦਿੱਤੀਆਂ ਜਾਂਦੀਆਂ ਕਈ ਰਿਆਇਤਾਂ/ਸਹੂਲਤਾਂ ਦੇ ਭਾਗੀਦਾਰ ਵੀ ਬਣ ਜਾਂਦੇ ਸਨ।
- ਪੰਜਾਬ ਸਕੂਲ ਸਿੱਖਿਆ ਬੋਰਡ ਦੁਆਰਾ ਕਰਵਾਏ ਜਾਂਦੇ ਵਿਦਿਅਕ ਮੁਕਾਬਲਿਆਂ ਵਿਚ ਹਿੱਸਾ ਲੈਣ ਵਾਲੇ ਵਿਦਿਆਰਥੀ ਵੀ ਆਮ ਤੌਰ 'ਤੇ ਸਕੂਲ ਵਿਚ ਲਗਾਤਾਰਤਾ ਨਾਲ ਲਗਾਈ ਜਾਣ ਵਾਲੀ ਬਾਲ- ਸਭਾ ਦੀ ਹੀ ਪੈਦਾਵਾਰ ਹੁੰਦੇ ਸਨ ਜੋ ਇਨ੍ਹਾਂ ਮੁਕਾਬਲਿਆਂ ਵਿਚ ਆਪਣੀਆਂ ਬੇਹਤਰੀਨ ਪੇਸ਼ਕਾਰੀਆਂ ਲਈ ਮਾਨ-ਸਨਮਾਨ ਹਾਸਲ ਕਰਕੇ ਆਪਣਾ ਅਤੇ ਆਪਣੇ ਸਕੂਲ ਦਾ ਨਾਂ ਰੋਸ਼ਨ ਕਰਦੇ ਸਨ।
- ਇਸ ਸਭਾ ਵਿੱਚੋਂ ਲੱਗੀ ਹੋਈ ਜਾਗ ਹੀ ਵਿਦਿਆਰਥੀਆਂ ਨੂੰ ਮਹਾਂਵਿਦਿਆਲਿਆਂ ਅਤੇ ਵਿਸ਼ਵ-ਵਿਦਿਆਲਿਆਂ ਦੇ ਯੁਵਕ-ਮੇਲਿਆਂ ਵਿਚ ਸ਼ਲਾਘਾਯੋਗ ਭੂਮਿਕਾ ਅਦਾ ਕਰਨ ਦੇ ਕਾਬਿਲ ਬਣਾ ਦਿੰਦੀ ਸੀ ਅਤੇ ਉਹ ਟਰਾਫੀਆਂ, ਸ਼ੀਲਡਾਂ ਅਤੇ ਗੋਲਡ ਮੈਡਲਾਂ ਨਾਲ ਨਿਵਾਜ਼ੇ ਜਾਂਦੇ ਸਨ।
- ਅਜੋਕੇ ਸਮੇਂ ਸਕੂਲਾਂ (ਵਿਸ਼ੇਸ਼ ਕਰਕੇ ਸਰਕਾਰੀ) ਵਿਚ ਬਾਲ-ਸਭਾ ਦਾ ਰਿਵਾਜ ਬਿਲਕੁੱਲ ਖ਼ਤਮ ਹੋ ਕੇ ਰਹਿ ਗਿਆ ਹੈ। ਹੁਣ ਸਕੂਲ ਦੀ ਸਮਾਂ-ਸਾਰਣੀ ਵਿਚ ਇਸ ਸਭਾ ਦੀ ਕੋਈ ਵਿਸ਼ੇਸ਼ ਵਿਵਸਥਾ ਨਹੀਂ ਕੀਤੀ ਜਾਂਦੀ।
- ਅਧਿਆਪਕ ਗ਼ੈਰ-ਵਿਦਿਅਕ ਕੰਮਾਂ ਦੇ ਬੋਝ ਥੱਲੇ ਦੱਬੇ ਹੋਏ ਹਨ ਅਤੇ ਵਿਦਿਆਰਥੀ ਨਵੀਂ ਟੈਕਨਾਲੌਜੀ ਦਾ ਸ਼ਿਕਾਰ ਹੋ ਕੇ ਰਹਿ ਗਏ ਹਨ। ਇਸ ਤਰ੍ਹਾਂ ਦੇ ਅਣਸੁਖਾਵੇਂ ਅਤੇ ਘੁੱਟਵੇਂ ਮਾਹੌਲ ਵਿਚ ਭਲਾ ਕੋਈ ਸਕੂਲ ਕਲਾਕਾਰ, ਨਾਟਕਕਾਰ ਅਤੇ ਸਾਹਿਤਕਾਰ ਕਿਵੇਂ ਪੈਦਾ ਕਰ ਸਕਦਾ ਹੈ?

• 94631-32719




**ਕੋਈ ਸਮਾਂ ਸੀ ਜਦੋਂ ਸਰਕਾਰੀ ਸਕੂਲਾਂ ਵਿਚ ਪੜ੍ਹਨ-ਪੜ੍ਹਾਉਣ ਤੋਂ ਇਲਾਵਾ ਵਿਦਿਆਰਥੀਆਂ ਦੇ ਮਨੋਰੰਜਨ ਦਾ ਵੀ ਸਮਾਂ ਨਿਰਧਾਰਿਤ ਹੋਇਆ ਕਰਦਾ ਸੀ। ਹਫ਼ਤੇ ਦੇ ਆਖ਼ਰੀ ਦਿਨ ਕੁੱਝ ਪੀਰੀਅਡ ਰਾਖਵੇਂ ਰੱਖ ਕੇ ਸਕੂਲ ਦੇ ਸਮੂਹ ਵਿਦਿਆਰਥੀਆਂ ਨੂੰ ਕਿਸੇ ਹਾਲ ਜਾਂ ਪੰਡਾਲ ਵਿਚ ਇਕੱਠੇ ਕਰ ਲਿਆ ਜਾਂਦਾ ਸੀ। ਇਸ ਇਕੱਠ ਨੂੰ ਬਾਲ-ਸਭਾ ਦਾ ਨਾਂ ਦਿੱਤਾ ਜਾਂਦਾ ਸੀ ਜਿਸ ਵਿਚ ਬੱਚਿਆਂ ਨੂੰ ਆਪਾ ਪ੍ਰਗਟਾਉਣ/ਚਮਕਾਉਣ ਦੇ ਮੌਕੇ ਪ੍ਰਾਪਤ ਹੁੰਦੇ ਸਨ....**



## ਬਾਲ ਕੈਨਵਸ





ਨਾਂ : ਚਮਕੌਰ ਸਿੰਘ
ਜਮਾਤ : ਪੰਜਵੀਂ
ਪਤਾ : ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਸੰਗਰੂਰ।





ਨਾਂ : ਮਨਦੀਪ ਕੌਰ
ਜਮਾਤ : ਪੰਜਵੀਂ
ਪਤਾ : ਗੁਰੂ ਅਮਰਦਾਸ ਆਦਰਸ਼ ਇੰਸਟੀਟਿਊਟ, ਫਤਹਿਬਾਦ।



ਨਾਂ : ਲਵਪ੍ਰੀਤ ਸਿੰਘ ਮਾਧਰੂ
ਜਮਾਤ : ਛੇਵੀਂ
ਪਤਾ : ਗੁਰੂ ਨਾਨਕ ਇੰਟਰਨੈਸ਼ਨਲ ਸਕੂਲ, ਲੁਧਿਆਣਾ।






ਨਾਂ : ਸ਼ਿਵਮ
ਜਮਾਤ : ਚੌਥੀ
ਪਤਾ : ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਲੌਂਗੋਵਾਲ।



ਨਾਂ : ਹਰਿੰਦਰ
ਜਮਾਤ : ਸੱਤਵੀਂ
ਪਤਾ : ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਸਮਾਓਂ।

# ਜਿੱਥੇ ਹੋਵੇ ਪਿਆਰ ਨਾ ਕਰੀਏ ਵਪਾਰ



## ਸੇਵਿੰਗ ਅਕਾਊਂਟ ਨੂੰ ਬੰਦ ਕਰਾਉਣ ਬਾਰੇ ਜ਼ਰੂਰੀ ਗੱਲਾਂ

ਬੈਂਕ ਭਾਰਤੀ ਰਿਜ਼ਰਵ ਬੈਂਕ (ਆਰਬੀਆਈ) ਦੇ ਨਿਰਧਾਰਿਤ ਨਿਯਮਾਂ ਅਨੁਸਾਰ ਕੰਮ ਕਰਦੇ ਹਨ ਤਾਂ ਕਿ ਆਮ ਲੋਕਾਂ ਨੂੰ ਆਸਾਨੀ ਨਾਲ ਸਾਰੀਆਂ ਬੈਂਕਿੰਗ ਸੁਵਿਧਾਵਾਂ ਮਿਲ ਜਾਣ। ਇਸ ਤੋਂ ਇਲਾਵਾ ਸਵਤੰਤਰ ਵਿੱਤੀ ਸੰਸਥਾਨ ਹੋਣ ਦੇ ਨਾਤੇ ਬੈਂਕਾਂ ਨੂੰ ਆਪਣੇ ਬਹੀ ਖ਼ਾਤੇ ’ਚ ਇਕ ਪਾਜ਼ੀਟਿਵ ਲਾਭ ਮਾਰਜ਼ਨ ਵੀ ਰੱਖਣਾ ਪੈਂਦਾ ਹੈ। ਇਸ ਲਈ ਬੈਂਕ ਆਪਣੇ ਰੈਗੂਲਰ ਅਤੇ ਕਾਰਪੋਰੇਟ ਯੂਜ਼ਰਜ਼ ਨੂੰ ਦਿੱਤੀਆਂ ਜਾਣ ਵਾਲੀਆਂ ਸੇਵਾਵਾਂ ’ਤੇ ਉਪਭੋਗਤਾ ਤੋਂ ਤਰ੍ਹਾਂ-ਤਰ੍ਹਾਂ ਦੀ ਫ਼ੀਸ ਜਾਂ ਚਾਰਜ ਲੈਂਦੇ ਹਨ। ਬੈਂਕਾਂ ਨੇ ਆਪਣੇ ਨੁਕਸਾਨ ਘੱਟ ਕਰਨ ਲਈ ਐਵਰੇਜ ਬੈਲੇਂਸ ਸੀਮਾ ਨੂੰ ਵਧਾ ਦਿੱਤਾ ਹੈ। ਸਰਕਾਰੀ ਬੈਂਕਾਂ ਦੇ ਨਾਲ ਨਾਲ ਪ੍ਰਾਈਵੇਟ ਬੈਂਕ ਵੀ ਘੱਟ ਤੋਂ ਘੱਟ ਮਹੀਨਾਵਾਰ ਬੈਲੇਂਸ ਜਾਂ ਐਵਰੇਜ ਕਵਾਲਿਟੀ ਬੈਲੇਂਸ ਦਾ ਪਾਲਣ ਕਰਨ ਲਈ ਕਹਿੰਦੇ ਹਨ। ਐਮਏਬੀ ਦੀ ਸ਼ਰਤ ਪੂਰੀ ਨਾ ਕਰਨ ’ਤੇ ਜੁਰਮਾਨਾ ਅਤੇ ਜ਼ਿਆਦਾ ਚਾਰਜ ਲਗ ਸਕਦੇ ਹਨ। ਕੀ ਲੋਕਾਂ ਨੂੰ ਪਤਾ ਨਹੀਂ ਲਗਦਾ ਕਿ ਸੇਵਿੰਗ ਬੈਂਕ ਅਕਾਊਂਟ ਨੂੰ ਬੰਦ ਕਰਾਉਣ ’ਤੇ ਵੀ ਚਾਰਜ ਲਗ ਸਕਦੇ ਹਨ।

ਆਰਬੀਆਈ ਦਾ ਨਿਯਮ ਅਤੇ ਸੇਵਿੰਗ ਬੈਂਕ ਅਕਾਊਂਟ ਨੂੰ ਬੰਦ ਕਰਾਉਣ ਦੀ ਪ੍ਰਕਿਰਿਆ ਆਰਬੀਆਈ ਨੇ ਅਕਾਊਂਟ ਬੰਦ ਕਰਾਉਣ ’ਤੇ ਲੱਗਣ ਵਾਲੇ ਚਾਰਜ ਬਾਰੇ ਕੋਈ ਨਿਸ਼ਚਿਤ ਦਿਸ਼ਾ ਨਿਰਦੇਸ਼ ਨਹੀਂ ਦਿੱਤੇ ਹਨ। ਬੈਂਕ ਆਪਣੇ ਫਾਈਨੈਂਸ਼ੀਅਲ ਪਜ਼ੀਸ਼ਨ ਦੇ ਆਧਾਰ ’ਤੇ ਅਕਾਊਂਟ ਬੰਦ ਕਰਨ ’ਤੇ ਚਾਰਜ ਲੈਣ ਲਈ ਆਜ਼ਾਦ ਹੈ। ਇਸ ਲਈ ਕੁਝ ਬੈਂਕ ਹੋਰ ਬੈਂਕਾਂ ਦੀ ਤੁਲਨਾ ’ਚ ਅਕਾਊਂਟ ਬੰਦ ਕਰਨ ’ਤੇ ਥੋੜ੍ਹਾ ਜ਼ਿਆਦਾ ਚਾਰਜ ਲੈ ਸਕਦੇ ਹਨ ਜਦਕਿ ਕੁਝ ਬੈਂਕ ਅਜਿਹੇ ਕਿਸੇ ਸੇਵਿੰਗ ਬੈਂਕ ਅਕਾਊਂਟ ਨੂੰ ਬੰਦ ਕਰਨ ’ਤੇ ਕੋਈ ਚਾਰਜ ਨਾ ਲੈਣ ਦਾ ਸਾਧਨ ਵੀ ਚੁਣ ਸਕਦੇ ਹਨ।



### ਖ਼ਾਤਾ ਬੰਦ ਕਰਨ ’ਤੇ ਚਾਰਜ ਕਿਉਂ?

*ਕੁਝ ਬੈਂਕ ਅਕਾਊਂਟ ਖੋਲ੍ਹਣ ਦੌਰਾਨ ਦਿੱਤੀ ਜਾਣ ਵਾਲੀ ਤਰ੍ਹਾਂ ਤਰ੍ਹਾਂ ਦੀਆਂ ਸੇਵਾਵਾਂ ’ਤੇ ਹੋਣ ਵਾਲੇ ਖ਼ਰਚ ਨੂੰ ਵਸੂਲ ਕਰਨ ਲਈ ਉਸ ਅਕਾਊਂਟ ਨੂੰ ਬੰਦ ਕਰਾਉਂਦੇ ਸਮੇਂ ਚਾਰਜ ਲੈਂਦੇ ਹਨ। ਇਸ ’ਚ ਚੈੱਕਬੁੱਕ, ਡੈਬਿਟ ਕਾਰਡ ਆਦਿ ਜਾਰੀ ਕਰਨ ਦਾ ਖ਼ਰਚ ਸ਼ਾਮਲ ਹੋ ਸਕਦਾ ਹੈ। ਸੇਵਿੰਗ ਬੈਂਕ ਅਕਾਊਂਟ ਖੋਲਦੇ ਸਮੇਂ ਉਸ ਅਕਾਊਂਟ ਨਾਲ ਜੁੜੀਆਂ ਸਾਰੀਆਂ ਪ੍ਰਕਿਰਿਆਵਾਂ ਅਤੇ ਚਾਰਜਾਂ ਬਾਰੇ ਜਾਨਣਾ ਜ਼ਰੂਰੀ ਹੈ। ਵੱਖ-ਵੱਖ ਬੈਂਕ ਅਕਾਊਂਟ ਬੰਦ ਕਰਾਉਣ ’ਤੇ ਵੱਖ ਵੱਖ ਚਾਰਜ ਲੈਂਦੇ ਹਨ। ਉਦਾਹਰਨ ਦੇ ਤੌਰ ’ਤੇ ਭਾਰਤੀ ਸਟੇਟ ਬੈਂਕ ਨੇ ਹੁਣੇ ਹੀ ਇਕ ਸਾਲ ਤੋਂ ਜ਼ਿਆਦਾ ਪੁਰਾਣੇ ਅਕਾਊਂਟ ਬੰਦ ਕਰਾਉਣ ’ਤੇ ਲੱਗਣ ਵਾਲੇ ਚਾਰਜ ਨੂੰ ਹਟਾ ਲਿਆ ਹੈ। ਇਸ ਤੋਂ ਇਲਾਵਾ ਐੱਸਬੀਆਈ ਅਕਾਊਂਟ ਖੋਲ੍ਹਣ ਦੇ 14 ਦਿਨ ਅੰਦਰ ਕਿਸੇ ਕਾਰਨ ਨਾਲ ਅਕਾਊਂਟ ਬੰਦ ਕਰਾਉਣ ’ਤੇ ਕੋਈ ਚਾਰਜ ਨਹੀਂ ਲੈਂਦਾ ਹੈ ਪਰ ਜੇ ਅਕਾਊਂਟ 15 ਦਿਨਾਂ ਤੋਂ ਲੈ ਕੇ ਇਕ ਸਾਲ ਤਕ ਪੁਰਾਣਾ ਹੈ ਤਾਂ ਉਸ ਨੂੰ ਬੰਦ ਕਰਾਉਣ ’ਤੇ 500 ਰੁਪਏ ਚਾਰਜ ਅਤੇ ਜੀਐੱਸਟੀ ਟੈਕਸ ਦੇਣਾ ਪੈ ਸਕਦਾ ਹੈ। ਇਨ੍ਹਾਂ ਸਾਰੇ ਚਾਰਜਾਂ ਬਾਰੇ ਅਕਾਊਂਟ ਖੁਲਵਾ ਕੇ ਇਸ ਤਰ੍ਹਾਂ ਦੇ ਚਾਰਜ ਤੋਂ ਬਚਿਆ ਜਾ ਸਕਦਾ ਹੈ।*

### ਇਕ ਤੋਂ ਜ਼ਿਆਦਾ ਬੈਂਕ ਖ਼ਾਤੇ ਬੰਦ ਕਰਾਓ-

ਕਈ ਲੋਕਾਂ ਕੋਲ ਇਕ ਤੋਂ ਜ਼ਿਆਦਾ ਬੈਂਕ ਅਕਾਊਂਟ ਹੁੰਦੇ ਹਨ। ਅਕਾਊਂਟ ਨਾ ਚਲਾਉਣ ’ਤੇ ਜਾਂ ਪ੍ਰਾਪਤ ਫੰਡ ਨਾ ਰੱਖਣ ’ਤੇ ਐਮਏਬੀ ਚਾਰਜ ’ਚ ਵਾਧਾ ਹੋ ਸਕਦਾ ਹੈ ਜਿਸ ਨਾਲ ਅੱਗੇ ਚੱਲ ਕੇ ਵਿਅਕਤੀ ਦੇ ਕ੍ਰੈਡਿਟ ਸਕੋਰ ’ਤੇ ਅਸਰ ਪੈ ਸਕਦਾ ਹੈ।

ਇਕ ਤੋਂ ਜ਼ਿਆਦਾ ਬੈਂਕ ਅਕਾਊਂਟ ’ਚ ਰੱਖੇ ਜਾਣ ਵਾਲੇ ਪਾਰਕਿੰਗ ਫੰਡ ’ਤੇ ਸਿਰਫ਼ 4 ਫ਼ੀਸਦੀ ਵਿਆਜ ਮਿਲਦਾ ਹੈ ਜੋ ਮਹਿੰਗਾਈ ਦਰ ਨੂੰ ਹਮੇਸ਼ਾ ਮਾਤ ਦੇਣ ’ਚ ਕਾਮਯਾਬ ਨਹੀਂ ਵੀ ਹੋ ਸਕਦਾ। ਇਸ ਲਈ ਜ਼ਿਆਦਾਤਰ ਜ਼ਰੂਰੀ ਸੇਵਿੰਗ ਬੈਂਕ ਅਕਾਊਂਟ ਨੂੰ ਬੰਦ ਕਰਵਾ ਕੇ ਉਸ ਪੈਸੇ ਨੂੰ ਵੱਖ ਵੱਖ ਨਿਵੇਸ਼ ਸਾਧਨਾਂ ’ਚ ਨਿਵੇਸ਼ ਕੀਤਾ ਜਾ ਸਕਦਾ ਹੈ ਤਾਂ ਕਿ ਸੇਵਿੰਗ ਬੈਂਕ ਖਾਤੇ ਦੀ ਤੁਲਨਾ ’ਚ ਜ਼ਿਆਦਾ ਰਿਟਰਨ ਮਿਲ ਸਕੇ।

### ਖ਼ਾਤਾ ਬੰਦ ਕਰਨ ਦੀ ਪ੍ਰਕਿਰਿਆ

- ਜ਼ਰੂਰੀ ਬੈਂਕ ਖ਼ਾਤੇ ’ਚ ਰੱਖੇ ਪੈਸੇ ਨੂੰ ਕਿਸੇ ਹੋਰ ਅਕਾਊਂਟ ’ਚ ਟ੍ਰਾਂਸਫਰ ਕਰ ਲਓ ਜਾਂ ਪੈਸੇ ਕਢਵਾ ਲਓ।
- ਬੈਂਕ ਬ੍ਰਾਂਚ ’ਚ ਜਾਓ ਅਤੇ ਅਕਾਊਂਟ ਕਲੋਜ਼ਰ ਫਾਰਮ ਭਰ ਕੇ ਅਕਾਊਂਟ ਬੰਦ ਕਰਨ ਦੀ ਅਰਜ਼ੀ ਦਿਓ। ਇਸ ਫਾਰਮ ਨੂੰ ਆਨਲਾਈਨ ਵੀ ਭਰਿਆ ਜਾ ਸਕਦਾ ਹੈ।
- ਬੈਂਕ ਉਸ ਖ਼ਾਤੇ ਨਾਲ ਜੁੜੇ ਬਕਾਇਆ ਚਾਰਜ ਦੀ ਜਾਂਚ ਕਰੇਗਾ। ਜੇ ਕੋਈ ਚਾਰਜ ਬਕਾਇਆ ਨਹੀਂ ਹੈ ਤਾਂ ਬੈਂਕ, ਸੇਵਿੰਗ ਬੈਂਕ ਅਕਾਊਂਟ ਨੂੰ ਬੰਦ ਕਰਨ ਦੀ ਮਨਜ਼ੂਰੀ ਦੇਣ ਤੋਂ ਪਹਿਲਾਂ ਅਕਾਊਂਟ ਹੋਲਡਰ ਨੂੰ ਜਾਂ ਤਾਂ ਉਸ ਖ਼ਾਤੇ ਨਾਲ ਜੁੜੇ ਡੈਬਿਟ ਕਾਰਡ ਅਤੇ ਚੈੱਕਬੁੱਕ ਨੂੰ ਜਮ੍ਹਾਂ ਕਰਨ ਲਈ ਕਹੇਗਾ ਜਾਂ ਉਸ ਨੂੰ ਖ਼ਤਮ ਕਰਨ ਲਈ ਕਹੇਗਾ। •

## ਕੀ ਹਨ ਬੱਚਤ ਸਕੀਮਾਂ?

ਲੋਕਾਂ ਤੋਂ ਜਦੋਂ ਪਬਲਿਕ ਪ੍ਰਾਵੀਡੈਂਟ ਫੰਡ (ਪੀਪੀਐੱਫ) ਬਾਰੇ ’ਚ ਪੁਛਿਆ ਜਾਵੇ ਤਾਂ ਸਭ ਤੋਂ ਪਹਿਲਾਂ ਉਨ੍ਹਾਂ ਦਾ ਧਿਆਨ ਆਪਣੇ ਆਫ਼ਿਸ ਵਾਲੇ ਪੀਐੱਫ ਖ਼ਾਤੇ ’ਤੇ ਜਾਵੇਗਾ ਜਿਸ ’ਚ ਤੁਹਾਡੀ ਤਨਖ਼ਾਹ ’ਚੋਂ ਕੁਝ ਪੈਸੇ ਕੱਟ ਕੇ ਇਕ ਹੀ ਖ਼ਾਤੇ ’ਚ ਜਮ੍ਹਾਂ ਕਰ ਦਿੱਤੇ ਜਾਂਦੇ ਹਨ। ਪਰ ਪੀਪੀਐੱਫ ਇਸ ਤੋਂ ਵੱਖਰਾ ਖ਼ਾਤਾ ਹੈ, ਜਿਸ ’ਚ ਖ਼ਾਤਾ ਖੋਲ੍ਹ ਕੇ ਤੁਸੀਂ ਸੇਵਿੰਗ ਦੇ ਨਾਲ-ਨਾਲ ਇਨਕਮ ਟੈਕਸ ’ਚ ਛੋਟ ਵੀ ਲੈ ਸਕਦੇ ਹੋ ਪਰ ਪੀਐੱਫ ਅਤੇ ਪੀਪੀਐੱਫ ਦੋਵਾਂ ਦੇ ਆਪਣੇ ਆਪਣੇ ਨਿਯਮ ਹਨ। ਅਜਿਹੇ ’ਚ ਨਿਯਮਾਂ ਅਤੇ ਅੰਤਰ ਨੂੰ ਸਮਝ ਕੇ ਹੀ ਪੀਪੀਐੱਫ ’ਚ ਨਿਵੇਸ਼ ਕਰੋ।

### ਈਪੀਐੱਫ ਜਾਂ ਪੀਪੀਐੱਫ

ਖ਼ਾਤਾ ਉਹ ਹੁੰਦਾ ਹੈ ਜੋ ਨੌਕਰੀ ਪੇਸ਼ਾ ਲੋਕਾਂ ਲਈ ਹੁੰਦਾ ਹੈ। ਇਸ ’ਚ ਤੁਹਾਡਾ ਕਰਮਚਾਰੀ ਤੁਹਾਡੀ ਬੇਸਿਕ ਸੈਲਰੀ ’ਚੋਂ ਨਿਸ਼ਚਿਤ ਆਮਦਨ ਕੱਟ ਕੇ ਪੀਐੱਫ ਖ਼ਾਤੇ ’ਚ ਜਮ੍ਹਾਂ ਕਰਾ ਦਿੰਦਾ ਹੈ। ਇਹ ਰਕਮ ਸਰਕਾਰ ਦੁਆਰਾ ਨਿਰਧਾਰਿਤ ਹੁੰਦੀ ਹੈ ਅਤੇ ਇਸ ਤੈਅ ਰਕਮ ’ਚ ਕਰਮਚਾਰੀ ਆਪਣੇ ਵੱਲੋਂ 12 ਫ਼ੀਸਦੀ ਹਿੱਸਾ ਜਮ੍ਹਾਂ ਕਰਾਉਂਦਾ ਹੈ। ਵਿਅਕਤੀ ਦੀ ਫ਼ੀਸਦੀ ਹਿੱਸੇ ਜਮ੍ਹਾਂ ਰਕਮ ’ਚੋਂ 8.33 ਫ਼ੀਸਦੀ ਕਰਮਚਾਰੀ ਪੈਨਸ਼ਨ ਯੋਜਨਾ ’ਚ ਜਾਂਦਾ ਹੈ। ਇਸ ’ਚ ਤੁਹਾਡੇ ਨਿਵੇਸ਼ ’ਚ 8.65 ਫ਼ੀਸਦੀ ਵਿਆਜ ਮਿਲਦਾ ਹੈ। ਈਪੀਐੱਫ ਦਾ ਪੈਸਾ ਤੁਸੀਂ ਆਪਣੀ ਮੌਜੂਦਾ ਨੌਕਰੀ ਛੱਡਣ ਤੋਂ ਬਾਅਦ ਕਦੇ ਵੀ ਕਢਵਾ ਸਕਦੇ ਹੋ ਜਾਂ ਫਿਰ ਉਸ ਨੂੰ ਆਪਣੀ ਨਵੀਂ ਨੌਕਰੀ ’ਚ ਜੋੜ ਸਕਦੇ ਹੋ। ਇਸ ਲਈ ਹੁਣ ਹਰ ਖ਼ਾਤਾ ਧਾਰਕ ਨੂੰ ਯੂਏਐੱਨ ਨੰਬਰ ਮਿਲਦਾ ਹੈ।

### ਪੀਪੀਐੱਫ

ਪਬਲਿਕ ਪ੍ਰਾਵੀਡੈਂਟ ਫੰਡ ਕੇਂਦਰ ਸਰਕਾਰ ਦੁਆਰਾ ਚਲਾਈ ਇਕ ਸਕੀਮ ਹੈ। ਇਹ ਸਕੀਮ ਬੈਂਕ ਅਤੇ ਪੋਸਟ ਆਫਿਸ ਦੁਆਰਾ ਚਲਾਈ ਜਾਂਦੀ ਹੈ। ਜੇ ਤੁਸੀਂ ਫ੍ਰੀਲਾਂਸਰ ਜਾਂ ਕਾਂਟਰੈਕਟ ’ਤੇ ਕੰਮ ਕਰਦੇ ਹੋ ਜਾਂ ਆਪਣਾ ਕੰਮ ਆਪ ਕਰਦੇ ਹੋ ਤਾਂ ਵੀ ਪੀਪੀਐੱਫ ਖ਼ਾਤਾ ਖੁਲ੍ਹਵਾ ਸਕਦੇ ਹੋ। ਇਸ ’ਚ ਤੁਹਾਡੇ ਨਿਵੇਸ਼ ’ਤੇ 7.8 ਫ਼ੀਸਦੀ ਵਿਆਜ ਮਿਲਦਾ ਹੈ। ਪੀਪੀਐੱਫ ਦਾ ਪੈਸਾ ਆਮਤੌਰ ’ਚ 15 ਸਾਲ ਦੀ ਮਚਿਓਰਿਟੀ ਤੋਂ ਬਾਅਦ ਹੀ ਕਢਵਾਇਆ ਜਾ ਸਕਦਾ ਹੈ। ਹਾਲਾਂਕਿ ਖ਼ਾਤਾ ਖੋਲਣ ਦੇ ਪੰਜ ਸਾਲ ਬਾਅਦ ਤੁਸੀਂ ਕੁਲ ਜਮ੍ਹਾਂ ਰਕਮ ’ਚੋਂ ਕੁਝ ਹਿੱਸਾ ਕਢਵਾ ਸਕਦੇ ਹੋ। ਪੀਪੀਐੱਫ ਖ਼ਾਤਾ ਖੁਲਵਾਉਣ ਲਈ ਇਹ ਜ਼ਰੂਰੀ ਨਹੀਂ ਹੈ ਕਿ ਤੁਹਾਡਾ ਬੈਂਕ ’ਚ ਪਹਿਲਾਂ ਤੋਂ ਖ਼ਾਤਾ ਹੋਵੇ। ਤੁਸੀਂ ਕਿਸੇ ਵੀ ਰਾਸ਼ਟਰੀ ਬੈਂਕ ਦੀ ਸ਼ਾਖ਼ਾ ’ਚ ਜਾ ਕੇ ਜਾਂ ਪੋਸਟ ਆਫਿਸ ’ਚ ਆਪਣਾ ਪੀਪੀਐੱਫ ਖ਼ਾਤਾ ਖੁਲਵਾ ਸਕਦੇ ਹੋ। ਇਸ ’ਚ ਤੁਸੀਂ ਹਰ ਸਾਲ ਘੱਟ ਤੋਂ ਘੱਟ 500 ਰੁਪਏ ਅਤੇ ਜ਼ਿਆਦਾਤਰ 1,50,000 ਰੁਪਏ ਜਮ੍ਹਾਂ ਕਰ ਸਕਦੇ ਹੋ।




### ਟੈਕਸ ਤੋਂ ਵੀ ਬਚਾਉਂਦਾ ਹੈ

ਈਪੀਐੱਫ ਦੀ ਤਰ੍ਹਾਂ ਪੀਪੀਐੱਫ ਦਾ ਸਭ ਤੋਂ ਵੱਡਾ ਫ਼ਾਇਦਾ ਉਸਦਾ ਈਈਈ ਭਾਵ exampt exampt exampt ਸਕੀਮ ’ਤੇ ਚੱਲਣਾ ਹੈ। ਇਸ ਤੋਂ ਭਾਵ ਕਿ ਇਸ ’ਚ ਜਮ੍ਹਾਂ ਹੋਣ ਵਾਲੀ ਰਕਮ, ਇਸ ’ਤੇ ਮਿਲਣ ਵਾਲੇ ਵਿਆਜ ਅਤੇ ਮਚਿਓਰਿਟੀ ’ਤੇ ਮਿਲਣ ਵਾਲੀ ਰਕਮ ਤਿੰਨਾਂ ’ਤੇ ਪੂਰੀ ਤਰ੍ਹਾਂ ਟੈਕਸ ’ਤੇ ਛੋਟ ਮਿਲਦੀ ਹੈ।

### ਜ਼ਬਤ ਨਹੀਂ ਹੋ ਸਕਦਾ ਪੀਪੀਐੱਫ

ਪੀਪੀਐੱਫ ’ਚ ਜਮ੍ਹਾਂ ਰਾਸ਼ੀ ਨੂੰ ਕਿਸੇ ਵੀ ਸਥਿਤੀ ’ਚ ਕੋਰਟ ਜਾਂ ਸਰਕਾਰ ਵੱਲੋਂ ਜ਼ਬਤ ਨਹੀਂ ਕੀਤਾ ਜਾ ਸਕਦਾ ਹੈ। ਉਦਾਹਰਨ ਲਈ ਮੰਨ ਲਓ ਜੇ ਕਿਸੇ ਅਪਰਾਧੀ ਮਾਮਲੇ ’ਚ ਕੋਰਟ ਤੋਂ ਤੁਹਾਡੇ ਖ਼ਿਲਾਫ਼ ਕੁਕਰੀ ਦਾ ਆਦੇਸ਼ ਜਾਰੀ ਹੋ ਜਾਵੇ ਤਾਂ ਤੁਹਾਡੇ ਨਾਂ ’ਤੇ ਜੋ ਜਾਇਦਾਦ ਹੈ ਉਹ ਜ਼ਬਤ ਕਰ ਲਈ ਜਾਵੇਗੀ।

ਪੀਪੀਐੱਫ ’ਚ ਜਮ੍ਹਾਂ ਰਾਸ਼ੀ ਨੂੰ ਜ਼ਬਤ ਨਹੀਂ ਕੀਤਾ ਜਾਵੇਗਾ। ਇਸ ਤਰ੍ਹਾਂ ਦੀਆਂ ਬਚਤ ਸਕੀਮਾਂ ਸਾਡੀਆਂ ਵਿੱਤੀ ਜ਼ਰੂਰਤਾਂ ਪੂਰੀਆਂ ਕਰਨ ’ਚ ਕਾਰਗਰ ਸਾਬਿਤ ਹੁੰਦੀਆਂ ਹਨ। •

# ਪਹਿਲਾ ਇਕਰਾਰਨਾਮਾ ਤੇ ਆਖ਼ਰੀ ਵਸੀਅਤਨਾਮਾ



ਰਾਜਵੰਤ ਸਿੰਘ ਮੋਹਾਲੀ
ਮੋਬਾਈਲ 98142 64545

### ਇਕਰਾਰਨਾਮਾ ਕੀ ਹੈ?

ਇਕਰਾਰਨਾਮਾ ਦੋਵਾਂ ਧਿਰਾਂ ਵਿਚ ਹੋਏ ਸੌਦੇ ਦੀਆਂ ਸ਼ਰਤਾਂ ਦੀ ਸਹਿਮਤੀ ਦਾ ਕਾਨੂੰਨੀ ਦਸਤਾਵੇਜ਼ ਹੈ। ਇਸ ਦਸਤਾਵੇਜ਼ ਵਿਚ ਸੌਦੇ ਸਬੰਧਤ ਪੂਰੀਆਂ ਸ਼ਰਤਾਂ ਲਿਖੀਆਂ ਜਾਂਦੀਆਂ ਹਨ ਅਤੇ ਦੋਵੇਂ ਧਿਰਾਂ ਇਸ ਨੂੰ ਮੰਨਣ ਲਈ ਕਾਨੂੰਨੀ ਤੌਰ ’ਤੇ ਪਾਬੰਦ ਹੁੰਦੀਆਂ ਹਨ। ਜ਼ਮੀਨ ਕਿਸੇ ਵੀ ਭਾਅ ਵਿਕੀ ਹੈ, ਬਤੌਰ ਸਾਈ ਜਾਂ ਬਿਆਨੇ ਦੇ ਕਿੰਨੀ ਰਕਮ ਵਿਕਰੇਤਾ ਵੱਲੋਂ ਵਸੂਲ ਪਾਈ ਗਈ ਹੈ, ਕਬਜ਼ਾ ਜ਼ਮੀਨ ਕਦੋਂ ਦਿੱਤੀ ਜਾਣੀ ਚਾਹੀਦੀ ਹੈ ਅਤੇ ਮਿਆਦ ਰਜਿਸਟਰੀ ਕਦੋਂ ਤਕ ਦੀ ਹੈ ਆਦਿ ਜ਼ਰੂਰੀ ਸ਼ਰਤਾਂ ਲਿਖ ਕੇ ਇਕਰਾਰਨਾਮਾ ਤਸਦੀਕ ਕੀਤਾ ਜਾਂਦਾ ਹੈ ਤੇ ਬਤੌਰ ਗਵਾਹੀ ਦੋ ਗਵਾਹਾਂ ਦੇ ਦਸਤਖ਼ਤ ਕਰਵਾ ਲਏ ਜਾਂਦੇ ਹਨ। ਸਾਧਾਰਨ ਤੌਰ ’ਤੇ ਕਹੀਏ ਇਸ ਦਸਤਾਵੇਜ਼ ਵਿਚ ਸੌਦੇ ਸਬੰਧੀ ਕੀਤੇ ਇਕਰਾਰਾਂ ਦਾ ਖ਼ੁਲਾਸਾ ਹੁੰਦਾ ਹੈ।

ਇਕਰਾਰਨਾਮਾ ਇਕ ਦਸਤਾਵੇਜ਼ ਹੈ ਜਿਸ ’ਚ ਦੋਵਾਂ ਧਿਰਾਂ ਖ਼ਰੀਦਦਾਰ ਅਤੇ ਵਿਕਰੇਤਾ ਵੱਲੋਂ ਸਹਿਮਤ ਹੋਈਆਂ ਸ਼ਰਤਾਂ ਉੱਤੇ ਕਾਇਮ ਰਹਿਣ ਲਈ ਅਸ਼ਟਾਮ ’ਤੇ ਇਕ ਯਾਦਦਾਸ਼ਤ ਪੱਤਰ ਲਿਖਿਆ ਜਾਂਦਾ ਹੈ। ਇਸ ਦਸਤਾਵੇਜ਼ ਵਿਚ ਵਿਕਰੇਤਾ ਅਤੇ ਖ਼ਰੀਦਦਾਰ ਦੋਵਾਂ ਦੀਆਂ ਜ਼ਿੰਮੇਵਾਰੀਆਂ ਨੂੰ ਲਿਖਿਆ ਜਾਂਦਾ ਹੈ ਅਤੇ ਕਿਸੇ ਧਿਰ ਵੱਲੋਂ ਇਸ ਨੂੰ ਨਾ ਮੰਨਣ ਦੀ ਸੂਰਤ ’ਚ ਕਾਨੂੰਨ ਦਾ ਸਹਾਰਾ ਵੀ ਲਿਆ ਜਾ ਸਕਦਾ ਹੈ। ਇਹ ਦਸਤਾਵੇਜ਼ ਦੋਵਾਂ ਧਿਰਾਂ ਨੂੰ ਤਹਿ ਹੋਈਆਂ ਸਾਰੀਆਂ ਸ਼ਰਤਾਂ ਮੰਨਣ ਲਈ ਪਾਬੰਦ ਕਰਦਾ ਹੈ।

### ਇਕਰਾਰਨਾਮੇ ’ਚ ਆਮ ਤੌਰ ’ਤੇ ਲਿਖੀਆਂ ਜਾਣ ਵਾਲੀਆਂ ਸ਼ਰਤਾਂ

- ਦੋਵਾਂ ਧਿਰਾਂ ਵੱਲੋਂ ਖ਼ਰੀਦਣ ਲਈ ਅਤੇ ਵੇਚਣ ਲਈ ਸਹਿਮਤੀ।
- ਪ੍ਰਾਪਰਟੀ ਬਾਰੇ ਵਿਸਥਾਰ ਸਹਿਤ ਜਾਣਕਾਰੀ।
- ਸਹੀ ਅਤੇ ਝਗੜਾ ਰਹਿਤ ਟਾਈਟਲ।
- ਰਕਮ ਪੇਸ਼ਗੀ ਦੀ ਵਿਸਥਾਰ ਸਹਿਤ ਜਾਣਕਾਰੀ।
- ਅਸਲ ਕਾਗ਼ਜ਼ਾਂ ਦਾ ਪੂਰੀ ਰਕਮ ਦੀ ਵਸੂਲੀ ਤੋਂ ਬਾਅਦ ਖ਼ਰੀਦਦਾਰ ਨੂੰ ਦੇਣਾ।
- ਜੇ ਪ੍ਰਾਪਰਟੀ ਦਾ ਟਾਈਟਲ ਸਹੀ ਹੋਵੇ ਤਾਂ ਸੇਲ ਡੀਡ ਨੂੰ ਲਿਖਾਉਣਾ ਅਤੇ ਤਸਦੀਕ ਕਰਾਉਣਾ।
- ਪ੍ਰਾਪਰਟੀ ਦਾ ਕਬਜ਼ਾ ਦੇਣ ਦਾ ਸਮਾਂ।
- ਬਿਆਨੇ ਦੇ ਤੌਰ ’ਤੇ ਲਈ ਰਕਮ ਪੇਸ਼ਗੀ ਵਾਪਸ ਕਰਨ ਦੀ ਸੂਰਤ ਜੇ ਟਾਈਟਲ ’ਚ ਕੋਈ ਨੁਕਸ ਹੋਵੇ।
- ਕਿਸੇ ਧਿਰ ਵੱਲੋਂ ਆਪਣਾ ਰੋਲ ਪੂਰਾ ਨਾ ਕਰਨ ਤੇ ਅਦਾਲਤੀ ਕਾਰਵਾਈ।
- ਰਕਮ ਬਿਆਨਾ ਡੁੱਬਣ ਦੀ ਸ਼ਰਤ ਜੇ ਖ਼ਰੀਦਦਾਰ ਪੈਸੇ ਨਾ ਦੇ ਸਕੇ।
- ਕੋਈ ਹੋਰ ਕਾਰਵਾਈ ਜੇ ਸਰਕਾਰ ਵੱਲੋਂ ਕੋਈ ਨੋਟਿਸ ਆਇਆ ਹੋਵੇ।
- ਟੈਕਸ ਸਬੰਧਤ ਕੋਈ ਸ਼ਰਤ ਜੇ ਲਾਗੂ ਹੁੰਦੀ ਹੋਵੇ।
- ਪ੍ਰਾਪਰਟੀ ਦੀ ਲੋਕੇਸ਼ਨ ਬਾਰੇ ਲਿਖਿਆ ਜਾਣਾ।
- ਰਕਮ ਬਿਆਨਾ ਲੈਣ ਲਈ ਸਹਿਮਤੀ।



- ਇਸ ਤੋਂ ਬਿਨਾਂ ਕੋਈ ਹੋਰ ਵੀ ਸ਼ਰਤ ਜੇ ਲਾਗੂ ਹੁੰਦੀ ਹੋਵੇ।

ਇਕਰਾਰਨਾਮਾ ਦੋਵਾਂ ਧਿਰਾਂ ਅਤੇ ਜਤਾਈ ਹੋਈ ਇੱਛਾ ਨੂੰ ਦਿਖਾਉਂਦਾ ਹੈ ਕਿ ਇਸ ਪ੍ਰਾਪਰਟੀ ਨੂੰ ਖ਼ਰੀਦਣ ਅਤੇ ਵੇਚਣ ਲਈ ਦੋਵੇਂ ਧਿਰਾਂ ਤਿਆਰ ਹਨ। ਇਕਰਾਰਨਾਮੇ ਨੂੰ ਬੈਅਨਾਮਾ ਨਹੀਂ ਕਿਹਾ ਜਾ ਸਕਦਾ ਕਿਉਂਕਿ ਇਹ ਦਸਤਾਵੇਜ਼ ਕਿਸੇ ਤਰ੍ਹਾਂ ਦੇ ਵੀ ਹੱਕ ਤਬਦੀਲ ਕਰਨ ਦੀ ਸਮਰੱਥਾ ਨਹੀਂ ਰੱਖਦਾ।

### ਬੈਅਨਾਮਾ ਕੀ ਹੈ?

ਇਕ ਬੈਅਨਾਮਾ ਅਸਲ ’ਚ ਉਹ ਦਸਤਾਵੇਜ਼ ਹੈ ਜੋ ਇਕ ਧਿਰ ਤੋਂ ਦੂਜੀ ਧਿਰ ਵੱਲ ਪ੍ਰਾਪਰਟੀ ਦੇ ਹੱਕਾਂ ਨੂੰ ਤਬਦੀਲ ਕਰ ਸਕਦਾ ਹੈ। ਇਹ ਇਕ ਉਹ ਦਸਤਾਵੇਜ਼ ਹੈ ਜੋ ਇਕਰਾਰਨਾਮੇ ਦੀਆਂ ਸ਼ਰਤਾਂ ਨੂੰ ਜਾਰੀ ਰੱਖਦੇ ਹੋਏ ਲਿਖਿਆ ਅਤੇ ਤਸਦੀਕ ਕਰਵਾਇਆ ਜਾਂਦਾ ਹੈ।

**ਬੈਅਨਾਮੇ ਵਿਚ ਲਿਖੇ ਜਾਣ ਵਾਲੇ ਜ਼ਰੂਰੀ ਨੁਕਤੇ -**

- ਪ੍ਰਾਪਰਟੀ ਦੀ ਤਫ਼ਸੀਲ ਅਤੇ ਮਾਲਕੀਅਤ ਬਾਰੇ ਜਾਣਕਾਰੀ।
- ਖ਼ਰੀਦਦਾਰ ਵੱਲੋਂ ਪ੍ਰਾਪਰਟੀ ਦੇ ਟਾਈਟਲ ਅਤੇ ਮਾਲਕ ਸਹੀ ਹੋਣ ਦਾ ਪ੍ਰਮਾਣ।
- ਇਕਰਾਰਨਾਮੇ ਦਾ ਵੇਰਵਾ ਕੀਮਤ ਸਮੇਤ ਲਿਖਿਆ ਜਾਵੇ।
- ਹਰ ਤਰ੍ਹਾਂ ਦੇ ਹੱਕ ਕਲੇਮ ਦਾਅਵੇ ਜੋ ਵੀ ਹੋਣ ਵਿਕਰੇਤਾ ਵੱਲੋਂ ਖ਼ਰੀਦਦਾਰ ਦੇ ਹੱਕ ਵਿਚ ਛੱਡਣੇ।
- ਖ਼ਰੀਦਦਾਰ ਨੂੰ ਪ੍ਰਾਪਰਟੀ ਦੇ ਹੱਕਾਂ ਨੂੰ ਮਾਨਣ ਬਾਰੇ ਲਿਖਤ।
- ਵਿਕਰੇਤਾ ਵੱਲੋਂ ਬੈਅਨਾਮੇ ਵਿਚ ਪਾਈ ਗੜਬੜੀ ਦੇ ਹਰਜਾਨੇ ਵਜੋਂ ਲਿਖਤੀ ਸਬੂਤ ਕਿ ਖ਼ਰੀਦਦਾਰ ਨੁਕਸਾਨ ਦੀ ਸੂਰਤ ’ਚ ਉਸ ਦੀ ਹੋਰ ਜਾਇਦਾਦ ਤੋਂ ਆਪਣੇ ਨੁਕਸਾਨ ਦੀ ਭਰਪਾਈ ਕਰ ਸਕਦਾ ਹੈ।
- ਆਪਣੇ ਵਾਂਗੂ ਖ਼ਰੀਦਦਾਰ ਨੂੰ ਮਾਲਕ ਬਣਾਉਣਾ ਤਾਂ ਕਿ ਉਹ ਅੱਗੇ ਵੀ ਕਿਸੇ ਹੋਰ ਨੂੰ ਪ੍ਰਾਪਰਟੀ ਵੇਚ ਜਾਂ ਵਰਤ ਸਕੇ।
- ਇਸ ਦਾ ਮੁੱਖ ਨਿਚੋੜ ਹੈ ਕਿ ਇਕਰਾਰਨਾਮੇ ਵਿਚ ਲਿਖੀਆਂ ਸ਼ਰਤਾਂ ਮੁਤਾਬਿਕ ਖ਼ਰੀਦਦਾਰ ਨੂੰ ਪੂਰਨ ਤੌਰ ’ਤੇ ਪ੍ਰਾਪਰਟੀ ਦਾ ਮਾਲਕ ਬਣਾਉਣਾ ਹੁੰਦਾ ਹੈ।
- ਪ੍ਰਾਪਰਟੀ ਬੈਅਨਾਮਾ ਵਿਚ ਕੀਮਤ ਤੋਂ ਬਿਨਾਂ ਵੀ ਹੋਣ ਵਾਲੇ ਖ਼ਰਚੇ ਖ਼ਰੀਦਦਾਰ ਝੱਲਦਾ ਹੈ।

### ਇਕਰਾਰਨਾਮੇ ਅਤੇ ਬੈਅਨਾਮੇ ’ਚ ਫਰਕ

- ਬੈਅਨਾਮੇ ਮੁਤਾਬਿਕ ਪ੍ਰਾਪਰਟੀ ਦੀ ਮਾਲਕੀਅਤ ਤੁਰੰਤ ਤਬਦੀਲ ਹੋ ਜਾਂਦੀ ਹੈ ਜਦੋਂ ਕਿ ਇਕਰਾਰਨਾਮੇ ਮੁਤਾਬਿਕ ਇਹ ਬੈਅਨਾਮਾ ਤਸਦੀਕ ਕਰਾਉਣ ਤੋਂ ਬਾਅਦ ਤਬਦੀਲ ਹੁੰਦਾ ਹੈ।
- ਇਹ ਜ਼ਰੂਰੀ ਨਹੀਂ ਹੈ ਕਿ ਇਕਰਾਰਨਾਮਾ ਲਿਖਿਆ ਜਾਵੇ। ਕਈ ਵਾਰ ਖ਼ਰੀਦਦਾਰ ਮਾਲਕ ਜ਼ਮੀਨ ਤੋਂ ਸਿੱਧਾ ਬੈਅਨਾਮਾ ਵੀ ਕਰਵਾ ਲੈਂਦਾ ਹੈ। ਕਿਸੇ ਵੀ ਜ਼ਮੀਨ ਦੀ ਵਿਕਰੀ ਸਬੰਧ ਬੈਅਨਾਮਾ ਲਿਖਿਆ ਜਾਣਾ ਜ਼ਰੂਰੀ ਹੈ। ਇਕਰਾਰਨਾਮੇ ਤੋਂ ਬਾਅਦ ਬੈਅਨਾਮਾ ਨਹੀਂ ਸਗੋਂ ਇੰਤਕਾਲ ਮਨਜ਼ੂਰ ਕਰਵਾਉਣਾ ਜ਼ਰੂਰੀ ਹੁੰਦਾ ਹੈ।
- ਬੈਅਨਾਮੇ ਵਿਚ ਨੁਕਸਾਨ ਹੋਣ ਦੀ ਸੂਰਤ ’ਚ ਕੁਲ ਕੀਮਤ ਅਤੇ ਨੁਕਸਾਨ ਦੋਵੇਂ ਲਏ ਜਾਂਦੇ ਹਨ ਜਦੋਂ ਕਿ ਇਕਰਾਰਨਾਮੇ ਦੀ ਸੂਰਤ ’ਚ ਸਿਰਫ਼ ਲਿਆ ਪੈਸਾ ਅਤੇ ਹੋਇਆ ਨੁਕਸਾਨ ਦਿੱਤਾ ਜਾਂਦਾ ਹੈ।
- ਬੈਅਨਾਮਾ ਜ਼ਰੂਰੀ ਤੌਰ ’ਤੇ ਰਜਿਸਟਰ ਹੋਣ ਵਾਲਾ ਦਸਤਾਵੇਜ਼ ਹੈ ਜਦੋਂ ਕਿ ਇਕਰਾਰਨਾਮੇ ਵਿਚ ਅਜਿਹੀ ਕੋਈ ਸ਼ਰਤ ਨਹੀਂ ਹੁੰਦੀ। ਤੁਸੀ ਇਕਰਾਰਨਾਮਾ ਚਾਹੋ ਤਾਂ ਰਜਿਸਟਰ ਕਰਵਾ ਸਕਦੇ ਹੋ ਅਤੇ ਚਾਹੇ ਨਾ ਕਰਵਾਓ। •



# ਜਦੋਂ ਮਨਜ਼ੂਰ ਨਾ ਹੋਵੇ ਤੁਹਾਡਾ ਕ੍ਰੈਡਿਟ ਕਾਰਡ



***ਇਕ ਕ੍ਰੈਡਿਟ ਕਾਰਡ ’ਤੇ ਲੈਣ-ਦੇਣ ਨੂੰ ਕਈ ਕਾਰਨਾਂ ਕਾਰਨ ਬਲੌਕ ਕੀਤਾ ਜਾ ਸਕਦਾ ਹੈ। ਇਕ ਐਕਟਿਵ ਕਾਰਡ ਯੂਜ਼ਰ ਬਣੋ ਅਤੇ ਇਸ ਤਰ੍ਹਾਂ ਦੀਆਂ ਮੁਸ਼ਕਲਾਂ ਤੋਂ ਬਚਣ ਲਈ ਕਾਰਡ ਦੀ ਸਹੀ ਵਰਤੋਂ ਅਤੇ ਮੁਰੰਮਤ ਵੱਲ ਜ਼ਰੂਰ ਧਿਆਨ ਦਿਓ...***

ਕ੍ਰੈਡਿਟ ਕਾਰਡ ਹੁਣ ਸਾਡੀ ਸਾਰਿਆਂ ਦੀ ਜ਼ਰੂਰਤ ਬਣ ਗਿਆ ਹੈ ਕਿਉਂਕਿ ਇਹ ਸਾਨੂੰ ਆਰਥਿਕ ਆਜ਼ਾਦੀ ਦਿੰਦਾ ਹੈ। ਸਾਡੀ ਖ਼ਰਚ ਕਰਨ ਦੀ ਸਮਰੱਥਾ, ਸਾਡੀ ਮਹੀਨਾਵਰ ਆਮਦਨੀ ’ਤੇ ਆਧਾਰਤ ਹੁੰਦਾ ਹੈ ਅਤੇ ਕ੍ਰੈਡਿਟ ਕਾਰਡ ਤੋਂ ਸਾਨੂੰ ਕੁਝ ਸਮੇਂ ਲਈ ਆਪਣੀ ਸਮਰੱਥਾ ਤੋਂ ਜਿਆਦਾ ਖ਼ਰਚ ਕਰਨ ਦਾ ਮੌਕਾ ਮਿਲਦਾ ਹੈ। ਜਦੋਂ ਅਸੀਂ ਅਚਾਨਕ ਸ਼ਾਪਿੰਗ, ਟਿਕਟ ਬੁਕਿੰਗ, ਖਾਣ-ਪਾਣੀ ਆਦਿ ਲਈ ਤੁਰੰਤ ਪੈਸਿਆਂ ਦੀ ਜ਼ਰੂਰਤ ਪੈਂਦੀ ਹੈ ਤਾਂ ਉਸ ਸਮੇਂ ਕ੍ਰੈਡਿਟ ਕਾਰਡ ਕਾਫ਼ੀ ਮਦਦਗਾਰ ਸਾਬਿਤ ਹੁੰਦਾ ਹੈ ਪਰ ਇਸ ਮਹੱਤਵਪੂਰਨ ਯੰਤਰ ਕਾਰਨ ਸਾਨੂੰ ਕੁਝ ਪਰੇਸ਼ਾਨੀਆਂ ਅਤੇ ਸ਼ਰਮਨਾਕ ਪਲਾਂ ਦੀ ਸਾਹਮਣਾ ਕਰਨਾ ਪੈ ਸਕਦਾ ਹੈ। ਜਦੋਂ ਕਿਸੇ ਲੈਣ-ਦੇਣ ਦੌਰਾਨ ਕਾਰਡ ਨੂੰ ਨਾ-ਮਨਜ਼ੂਰ ਕੀਤਾ ਜਾਂਦਾ ਹੈ। ਉਦਾਹਰਨ- ਤੁਸੀਂ ਆਪਣੇ ਪਰਿਵਾਰ ਨਾਲ ਰਾਤ ਦਾ ਖਾਣਾ ਖਾ ਰਹੇ ਹੋ ਅਤੇ ਉੱਥੇ ਕ੍ਰੈਡਿਟ ਕਾਰਡ ਨਾਲ ਪੇਮੈਂਟ ਕਰਨ ’ਤੇ ਉਸ ਨੂੰ ਨਾ-ਮਨਜ਼ੂਰ ਕਰ ਦੇਣ ’ਤੇ ਉਨ੍ਹਾਂ ਪਲਾਂ ਦੀ ਮਜ਼ਾ ਕਿਰਕਿਰਾ ਹੋ ਜਾਂਦਾ ਹੈ।

ਤੁਸੀਂ ਆਪਣੇ ਕਿਸੇ ਦੋਸਤ ਦੇ ਜਨਮਦਿਨ ’ਤੇ ਸਰਪਰਾਈਜ਼ ਤੋਹਫ਼ਾ ਦੇਣ ਲਈ ਆਨਲਾਈਨ ਫੁੱਲਾਂ ਦੀ ਬੁਕਿੰਗ ਕਰ ਰਹੇ ਹੋ ਅਤੇ ਉਸ ਸਮੇਂ ਤੁਹਾਡਾ ਕ੍ਰੈਡਿਟ ਕਾਰਡ ਬਲੌਕ ਹੋ ਜਾਂਦਾ ਹੈ। ਇਸ ਸਮਾਰਟ ਕ੍ਰੈਡਿਟ ਕਾਰਡ ਉਪਯੋਗਕਰਤਾ ਬਣਨ ਲਈ ਤੁਹਾਨੂੰ ਇਕ ਕ੍ਰੈਡਿਟ ਕਾਰਡ ਤੋਂ ਹੋਣ ਵਾਲੇ ਭੁਗਤਾਨ ਨੂੰ ਨਾ-ਮਨਜ਼ੂਰ ਕੀਤੇ ਜਾਣ ਦੇ ਕਾਰਨਾਂ ਬਾਰੇ ਪਤਾ ਹੋਣਾ ਚਾਹੀਦਾ ਹੈ।

### ਤਕਨੀਕੀ ਖ਼ਰਾਬੀ

ਕਦੇ ਕਦੇ ਕ੍ਰੈਡਿਟ ਕਾਰਡ ਨੂੰ ਅਸਥਾਈ ਤੌਰ ’ਤੇ ਕੁਝ ਸਮੇਂ ਲਈ ਬਲੌਕ ਕੀਤਾ ਜਾਂਦਾ ਹੈ ਕਿਉਂਕਿ ਹੋ ਸਕਦਾ ਹੈ ਕਿ ਬੈਂਕ ਦੀ ਸਾਈਟ ’ਚ ਤਕਨੀਕੀ ਅਪਗ੍ਰੇਡੇਸ਼ਨ ਦਾ ਕੰਮ ਚਲ ਰਿਹਾ ਹੋਵੇ ਜਾਂ ਤੁਹਾਡੇ ਪੀਓਐੱਸ ਮਸ਼ੀਨ ’ਚ ਕੋਈ ਤਕਨੀਕੀ ਖ਼ਰਾਬੀ ਆ ਗਈ ਹੋਵੇ। ਇਸ ਤਰ੍ਹਾਂ ਦੇ ਮਾਮਲੇ ’ਚ ਕਈ ਆਨਲਾਈਨ ਪੋਰਟਲਾਂ ’ਚ ਵੀ ਕ੍ਰੈਡਿਟ ਕਾਰਡ ਭੁਗਤਾਨ ਨੂੰ ਅਸਵੀਕਾਰ ਕੀਤਾ ਜਾਣਾ ਇਕ ਆਮ ਗੱਲ ਹੈ। ਕਿਸੇ ਤਕਨੀਕੀ ਗੜਬੜੀ ਦੌਰਾਨ ਕ੍ਰੈਡਿਟ ਕਾਰਡ ਦੀ ਨਾ-ਮਨਜ਼ੂਰੀ ਦਾ ਪਤਾ ਲਗਾਉਣਾ ਮੁਸ਼ਕਲ ਹੋਵੇਗਾ। ਜੇ ਖ਼ਰਾਬੀ ਕਾਰਡ ਜਾਰੀ ਕਰਨ ਵਾਲੇ ਬੈਂਕ ਦੇ ਸਰਵਰ ’ਚ ਹੋਈ ਜਾਂ ਮਰਚੈਂਟ ਦੇ ਬਾਰੇ ’ਚ। ਆਮਤੌਰ ’ਤੇ ਇਸ ਤਰ੍ਹਾਂ ਦੀ ਕਿਸੇ ਤਕਨੀਕੀ ਖ਼ਰਾਬੀ ਨੂੰ ਬਹੁਤ ਘੱਟ ਸਮੇਂ ’ਚ ਆਪਣੇ ਆਪ ਠੀਕ ਕਰ ਦਿੱਤਾ ਜਾਂਦਾ ਹੈ। ਕਾਰਡ ਨੂੰ ਕਿਸੇ ਤਕਨੀਕੀ ਖ਼ਰਾਬੀ ਕਾਰਨ ਬਲੌਕ ਕੀਤਾ ਗਿਆ ਹੈ ਜਾਂ ਕਿਸੇ ਹੋਰ ਕਾਰਨ ਨਾਲ, ਇਸ ਦਾ ਪਤਾ ਲਗਾਉਣ ਦਾ ਇਕ ਚੰਗਾ ਤਰੀਕਾ ਹੈ ਇਸ ਗੱਲ ਦੀ ਜਾਂਚ ਕਰ ਕੇ ਦੇਖੋ ਕਿ ਕੀ ਹੋਰ ਕਾਰਡ ਲੈਣ ਦੇਣ ਤੋਂ ਨਾ-ਮਨਜ਼ੂਰ ਕੀਤਾ ਜਾ ਰਿਹਾ ਹੈ।

### ਅਚਾਨਕ ਵਿਦੇਸ਼ੀ ਉਪਯੋਗ

*ਦੁਨੀਆ ’ਚ ਕ੍ਰੈਡਿਟ ਕਾਰਡ ਸਬੰਧੀ ਧੋਖਾਧੜੀ ਦੀ ਸੰਖਿਆ ’ਚ ਵਾਧਾ ਹੋਣ ਕਾਰਨ ਹੁਣ ਬੈਂਕ ਤੁਹਾਡੇ ਸਾਰੇ ਕ੍ਰੈਡਿਟ ਕਾਰਡ ਲੈਣ ਦੇਣ ’ਤੇ ਨਜ਼ਰ ਰੱਖਦੇ ਹਨ ਅਤੇ ਜ਼ਿਆਦਾ ਸੁਰੱਖਿਆ ਦੇ ਰਹੇ ਹਨ। ਫਰਜ਼ਨ ਤੋਂ ਬਚਣ ਲਈ ਕੁਝ ਵਿਅਕਤੀ ਪਹਿਲਾਂ ਤੋਂ ਕ੍ਰੈਡਿਟ ਕਾਰਡ ਸਬੰਧੀ ਜਾਣਕਾਰੀ ਇਕੱਠੀ ਕਰ ਉਸ ਦਾ ਇਸਤੇਮਾਲ ਇਕ ਵੱਖ ਦੇਸ਼ ਤੋਂ ਆਨਲਾਈਨ ’ਤੇ ਤਰ੍ਹਾਂ-ਤਰ੍ਹਾਂ ਦੀ ਖ਼ਰੀਦਦਾਰੀ ਕਰਨ ਲਈ ਕਰਦੇ ਸੀ। ਇਸ ਤੋਂ ਬਚਣ ਲਈ ਬੈਂਕ ਅੱਜਕੱਲ੍ਹ ਕਾਰਡ ਦੇ ਵਿਦੇਸ਼ੀ ਵਰਤੋਂ ਨੂੰ ਬਲੌਕ ਕਰ ਦਿੰਦੇ ਹਨ। ਅਜਿਹੀ ਸਥਿਤੀ ’ਚ ਕ੍ਰੈਡਿਟ ਕਾਰਡ ਕੰਪਨੀ ਨੂੰ ਆਪਣੀ ਵਿਦੇਸ਼ੀ ਯਾਤਰਾ ਬਾਰੇ ਪਹਿਲਾਂ ਹੀ ਸੂਚਿਤ ਕਰਨਾ ਚੰਗਾ ਹੁੰਦਾ ਹੈ।*

### ਖ਼ਰੀਦਦਾਰੀ

ਜੇ ਤੁਹਾਡੇ ਕ੍ਰੈਡਿਟ ਕਾਰਡ ਤੋਂ ਅਚਾਨਕ ਕੋਈ ਖ਼ਰੀਦਦਾਰੀ ਹੁੰਦੀ ਹੈ ਜੋ ਸ਼ਾਇਦ ਤੁਹਾਡੇ ਪਿਛਲੇ ਬਾਇੰਗ ਹਿਸਟਰੀ ਨਾਲ ਨਹੀਂ ਮਿਲਦੀ ਤਾਂ ਇਸ ਕਾਰਨ ਨਾਲ ਵੀ ਬੈਂਕ ਅਹਿਤਿਆਤ ਦੇ ਤੌਰ ’ਤੇ ਤੁਹਾਡੇ ਕਾਰਡ ਨੂੰ ਬਲੌਕ ਕਰ ਸਕਦਾ ਹੈ। ਖ਼ਰੀਦਦਾਰੀ ਦਾ ਮਤਲਬ ਆਮਤੌਰ ’ਤੇ ਕੋਈ ਬਹੁਤ ਵੱਡਾ ਕ੍ਰੈਡਿਟ ਕਾਰਡ ਲੈਣਦੇਣ ਜਾਂ ਖ਼ਰੀਦਦਾਰੀ ਹੈ ਜੋ ਐਵਰੇਜ ਬਾਇੰਗ ਹਿਸਟਰੀ ਤੋਂ ਕਾਫ਼ੀ ਜ਼ਿਆਦਾ ਹੋਵੇ। ਇਸ ਤਰ੍ਹਾਂ ਦਾ ਕਾਰਡ ਬਲੌਕ ਇਕ ਜ਼ਿੰਮੇਵਾਰੀ ਦੇ ਤੌਰ ਅਤੇ ਕਾਰਡ ਸਬੰਧੀ ਧੋਖਾਧੜੀ ਤੋਂ ਬਚਣ ਲਈ ਕੀਤਾ ਜਾਂਦਾ ਹੈ।

### ਗ਼ਲਤ ਜਾਣਕਾਰੀ

ਵਾਰ-ਵਾਰ ਗ਼ਲਤ ਜਾਣਕਾਰੀ ਦੇਣ ’ਤੇ ਜਿਵੇਂ ਗ਼ਲਤ ਪਿਨ ਜਾਂ ਸੀਵੀਵੀ ਨੰਬਰ ਪਾਉਣ ਨਾਲ ਵੀ ਤੁਹਾਡਾ ਕਾਰਡ ਬਲੌਕ ਹੋ ਸਕਦਾ ਹੈ। ਕਾਰਡ ਨੂੰ ਅਨਚਾਹੇ ਬਲੌਕ ਤੋਂ ਬਚਣ ਲਈ ਆਪਣੇ ਕਾਰਡ ਦੇ ਪਿਨ ਅਤੇ ਸੀਵੀਵੀ ਨੰਬਰ ਨੂੰ ਯਾਦ ਰੱਖਣ ਦੀ ਕੋਸ਼ਿਸ਼ ਕਰੋ। ਕੁਝ ਕ੍ਰੈਡਿਟ ਕਾਰਡ ਖ਼ਰਾਬ ਹੋ ਜਾਣ ਕਾਰਨ ਉਨ੍ਹਾਂ ਦਾ ਨੰਬਰ ਮਿਟ ਸਕਦਾ ਹੈ। ਇਸ ਲਈ ਪੁਰਾਣੇ ਹੋ ਜਾਣੇ ਅਤੇ ਖ਼ਰਾਬ ਹੋ ਜਾਣ ’ਤੇ ਆਪਣੇ ਕ੍ਰੈਡਿਟ ਨੂੰ ਜ਼ਰੂਰ ਤਬਦੀਲ ਕਰੋ। •

### ਅਪਡੇਟ ਨਿਯਮਾਂ ਤੇ ਸ਼ਰਤਾਂ ਦੀ ਗ਼ੈਰ-ਮਨਜ਼ੂਰੀ

*ਬੈਂਕ ਕਿਸੇ ਵੀ ਸਮੇਂ ਇਕ ਕ੍ਰੈਡਿਟ ਕਾਰਡ ਦੀ ਵਰਤੋਂ ਦੇ ਨਿਯਮਾਂ ਤੇ ਸ਼ਰਤਾਂ ’ਚ ਤਬਦੀਲੀ ਕਰ ਸਕਦਾ ਹੈ। ਆਮਤੌਰ ’ਤੇ ਬੈਂਕ ਸਾਰੇ ਕਾਰਡ ਧਾਰਕਾਂ ਨੂੰ ਨਿਯਮਾਂ ਤੇ ਸ਼ਰਤਾਂ ’ਚ ਹੋਣ ਵਾਲੇ ਕਿਸੇ ਨਵੀਂ ਤਬਦੀਲੀ ਬਾਰੇ ਈਮੇਲ ਅਤੇ ਮੈਸੇਜ਼ ਦੇ ਮਾਧਿਅਮ ਨਾਲ ਸੂਚਿਤ ਕਰਦੇ ਹਨ। ਜੇ ਤੁਸੀਂ ਆਪਣੇ ਬੈਂਕ ਤੋਂ ਮਿਲਣ ਵਾਲੇ ਸਾਰੇ ਈਮੇਲ ਅਤੇ ਮੈਸੇਜ ਨੂੰ ਲਗਾਤਾਰ ਨਜ਼ਰ-ਅੰਦਾਜ਼ ਕਰ ਰਹੇ ਹਨ ਅਤੇ ਅਪਡੇਟੇਡ ਨਿਯਮਾਂ ਤੇ ਸ਼ਰਤਾਂ ਦੇ ਸਬੰਧ ’ਚ ਆਪਣੀ ਸਹਿਮਤੀ ਨਹੀਂ ਦਿੰਦੇ ਤਾਂ ਤੁਹਾਡਾ ਕਾਰਡ ਬਲੌਕ ਕੀਤਾ ਜਾ ਸਕਦਾ ਹੈ। ਇਸ ਤੋਂ ਬਚਣ ਲਈ ਸਭ ਤੋਂ ਚੰਗਾ ਇਹ ਹੋਵੇਗਾ ਕਿ ਤੁਸੀਂ ਆਪਣੇ ਬੈਂਕ ਦੁਆਰਾ ਭੇਜੇ ਜਾਣ ਵਾਲੇ ਈਮੇਲ ਅਤੇ ਸੰਦੇਸ਼ ਨੂੰ ਪੜ੍ਹ ਕੇ ਆਪਣੇ ਆਪ ਨੂੰ ਹਮੇਸ਼ਾ ਅਪਡੇਟ ਰੱਖੋ।*



# ਮਿਊਚਲ ਫੰਡ ਦਾ ਨਵਾਂ ਵਰਗੀਕਰਨ

***ਮੋਟੇ ਤੌਰ ’ਤੇ ਮਿਊਚਲ ਫੰਡ ਨੂੰ ਹੁਣ ਇਕੁਇਟੀ, ਡੇਟ, ਹਾਈਬ੍ਰਿਡ, ਸਲਿਊਸ਼ਨ ਓਰੀਐਂਟਿਡ ਅਤੇ ਹੋਰ ਸ਼੍ਰੇਣੀਆਂ ’ਚ ਵੰਡਿਆ ਜਾਵੇਗਾ। ਇਨ੍ਹਾਂ ’ਚ ਉੱਪ ਸ਼੍ਰੇਣੀਆਂ ਮਲਟੀ ਕੈਪ, ਲਾਰਜ ਐਂਡ ਮਿਡ ਕੈਪ ਤੇ ਸਮਾਲ ਕੈਪ ਵਰਗੀਆਂ ਉਪ ਸ਼੍ਰੇਣੀਆਂ ਹੋਣਗੀਆਂ...***

ਫੰਡ ਹਾਊਸ ਇਕ ਹੀ ਕੈਟੇਗਰੀ ’ਚ ਕਈ ਸਕੀਮਾਂ ਲਾਂਚ ਕਰ ਰਹੇ ਹਨ। ਇਸ ਨਾਲ ਨਿਵੇਸ਼ਕਾਂ ਲਈ ਸਕੀਮ ਚੁਣਨ ’ਚ ਵਹਿਮ ਦੀ ਸਥਿਤੀ ਬਣ ਜਾਂਦੀ ਹੈ। ਹਾਲਾਂਕਿ ਇੰਡੈਕਸ ਫੰਡ, ਫੰਡ ਆਫ਼ ਫੰਡਜ਼ ਅਤੇ ਸੈਕਟਰ ਜਾਂ ਥੀਮੈਟਿਕ ਫੰਡ ਦੇ ਮਾਮਲੇ ’ਚ ਛੋਟ ਦਿੱਤੀ ਗਈ ਹੈ। ਇਕ ਕੈਟੇਗਰੀ ’ਚ ਕਈ ਪ੍ਰਾਡਕਟ ਰੱਖਣ ਵਾਲੇ ਮਿਊਚਲ ਫੰਡ ਨੂੰ ਅਜਿਹੇ ਪ੍ਰਾਡਕਟ ਨੂੰ ਜਾਂ ਤਾਂ ਇਕੱਠਾ ਕਰਨਾ ਹੋਵੇਗਾ ਜਾਂ ਹਟਾਉਣਾ ਹੋਵੇਗਾ।

### ਨਿਵੇਸ਼ਕਾਂ ਨੂੰ ਹੋਵੇਗੀ ਆਸਾਨੀ

ਮੋਟੇ ਤੌਰ ’ਤੇ ਮਿਊਚਲ ਫੰਡ ਨੂੰ ਹੁਣ ਇਕੁਇਟੀ, ਡੇਟ, ਹਾਈਬ੍ਰਿਡ, ਸਲਿਊਸ਼ਨ ਓਰੀਏਂਟੇਡ ਅਤੇ ਹੋਰ ਸ੍ਰੇਣੀਆਂ ’ਚ ਵੰਡਿਆ ਜਾਵੇਗਾ। ਇਕੁਇਟੀ ਸਕੀਮਾਂ ’ਚ ਦਸ ਉੱਪ ਸ੍ਰੇਣੀਆਂ ਹੋਣਗੀਆਂ। ਇਸ ’ਚ ਮਲਟੀ ਕੈਪ, ਲਾਰਜ ਕੈਪ, ਮਿਡ ਕੈਪ, ਲਾਰਜ ਐਂਡ ਮਿਡ ਕੈਪ ਅਤੇ ਸਮਾਲ ਕੈਪ ਵਰਗੀਆਂ ਉਪ ਸ੍ਰੇਣੀਆਂ ਹੋਣਗੀਆਂ। ਬਾਜ਼ਾਰੀ ਕੀਮਤ ਦੇ ਲਿਹਾਜ ਨਾਲ ਟਾਪ 100 ਕੰਪਨੀਆਂ ਦੇ ਸ਼ੇਅਰਾਂ ਨੂੰ ਲਾਰਜ ਕੈਪ ਮੰਨਿਆ ਜਾਵੇਗਾ। 101 ਤੋਂ 250 ਤਕ ਦੀ ਸਥਿਤੀ ਵਾਲੀ ਕੰਪਨੀਆਂ ਨੂੰ ਮਿਡ ਕੈਪ ਅਤੇ ਮਾਰਾਕਿਟ ਕੈਪ ਦੇ ਲਿਹਾਜ ਨਾਲ 250 ਵੀਂ ਸਥਿਤੀ ਤੋਂ ਹੇਠਾਂ ਦੀਆਂ ਕੰਪਨੀਆਂ ਨੂੰ ਸਮਾਲ ਕੈਪ ਮੰਨਿਆ ਜਾਵੇਗਾ। ਡੇਟ ਅਤੇ ਹਾਈਬ੍ਰਿਡ ਸਕੀਮਾਂ ਨੂੰ ਵੀ ਇਸ ਸ੍ਰੇਣੀਆਂ ’ਚ ਵੰਡਿਆ ਜਾਵੇਗਾ। ਹੁਣ ਖ਼ਾਸ ਤੌਰ ’ਤੇ ਡੇਟ ਅਤੇ ਹਾਈਬ੍ਰਿਡ ਸਕੀਮਾਂ ’ਚ ਦਿਲਚਸਪੀ ਰੱਖਣ ਵਾਲੇ ਹੁਣ ਉੱਚਿਤ ਸਕੀਮਾਂ ਚੁਣਨ ’ਚ ਆਸਾਨੀ ਹੋਵੇਗੀ। ਉਦਾਹਰਨ ਲਈ ਡਿਊਰੇਸ਼ਨ ਫੰਡ ਜਿਨ੍ਹਾਂ ਤਰੀਕਿਆਂ ’ਚ ਨਿਵੇਸ਼ ਕਰਦੇ ਹਨ, ਉਨ੍ਹਾਂ ਦੀ ਮਚਿਊਰਿਟੀ ਪ੍ਰੋਫਾਇਲ ਦੇ ਆਧਾਰ ’ਤੇ ਉਨ੍ਹਾਂ ਨੂੰ ਚਾਰ ਉਪ ਸ੍ਰੇਣੀਆਂ ’ਚ ਵੰਡਿਆ ਜਾਂਦਾ ਹੈ। ‘ਇਨਕਮ ਫੰਡਜ਼’ ਕੈਟੇਗਰੀ ’ਚ ਆਉਣ ਵਾਲੇ ਡੇਟ ਫੰਡ ਨੂੰ ਹੁਣ ਉਨ੍ਹਾਂ ਦੀਆਂ ਖ਼ੂਬੀਆਂ ਮੁਤਾਬਕ ਡਾਇਨੇਮਿਕ ਬਾਂਡ ਫੰਡ, ਕ੍ਰੈਡਿਟ ਰਿਸਕ ਫੰਡ, ਕਾਰਪੋਰੇਟ ਬਾਂਡ ਫੰਡ ਅਤੇ ਬੈਂਕਿੰਗ ਐਂਡ ਪੀਐੱਸਯੂ ਫੰਡ ਕਿਹਾ ਜਾਂਦਾ ਹੈ।

ਇਸ ਤਰ੍ਹਾਂ ਇਕੁਇਟੀ ’ਚ ਨਿਵੇਸ਼ ਦੀ ਮਾਤਰਾ ਦੇ ਆਧਾਰ ’ਤੇ ਹਾਈਬ੍ਰਿਡ ਫੰਡ ਨੂੰ ਅਗ੍ਰੈਸਿਵ ਹਾਈਬ੍ਰਿਡ, ਕੰਜ਼ਰਵੇਟਿਵ ਹਾਈਬ੍ਰਿਡ ਅਤੇ ਬੈਲੇਂਸਡ ਹਾਈਬ੍ਰਿਡ ਦੇ ਰੂਪ ’ਚ ਵੰਡਣ ਵਾਲੇ ਨਿਵੇਸ਼ਕਾਂ ਨੂੰ ਆਪਣੀ ਪਸੰਦ ਦੇ ਹਾਈਬ੍ਰਿਡ ਫੰਡ ਨੂੰ ਚੁਣਨ ’ਚ ਆਸਾਨੀ ਹੋਵੇਗੀ।

ਮਾਹਰਾਂ ਅਨੁਸਾਰ ਹੁਣ ਸਕੀਮ ਦਾ ਵਰਗੀਕਰਨ ਸਾਫ਼ ਤੌਰ ’ਤੇ ਫੰਡ ਦੀ ਸਟ੍ਰੈਜੇਜੀ ਨਾਲ ਜੁੜ ਗਿਆ ਹੈ। ਇਸ ਨਾਲ ਨਿਵੇਸ਼ਕਾਂ ਨੂੰ ਸਪੱਸ਼ਟ ਪਤਾ ਹੋਵੇਗਾ ਕਿ ਉਹ ਆਪਣਾ ਪੈਸਾ ਕਿੱਥੇ ਲਗਾ ਰਿਹਾ ਹੈ। ਨਾਂ ਦੇ ਬਜਾਇ ਫੰਡ ਕੈਟੇਗਰੀ ਨਾਲ ਸਕੀਮ ਦਾ ਪਤਾ ਚੱਲੇਗਾ। ਫੰਡ ਹਾਊਸੇਜ਼ ਨੂੰ ਇਕ ਗੱਲ ਦੀ ਇਜਾਜ਼ਤ ਨਹੀਂ ਹੋਵੇਗੀ ਕਿ ਉਹ ਆਪਣੀਆਂ ਸਕੀਮਾਂ ਦਾ ਨਾਂ ਇਸ ਤਰ੍ਹਾਂ ਨਾਲ ਕਰੋ, ਜਿਸ ਨਾਲ ਸਿਰਫ਼ ਉਨ੍ਹਾਂ ਦੇ ਰਿਟਰਨ ਵਾਲੇ ਪਹਿਲੂ ਹੀ ਹਾਈਲਾਈਟ ਹੋਣ।




### ਦੁਵਿਧਾ ਘਟਾਵੇਗਾ

### ਫੰਡ ਮੈਂਡੇਟ ਦਾ ਪਾਲਣ

ਸਕੀਮਾਂ ਦਾ ਇਸ ਤਰ੍ਹਾਂ ਵਰਗੀਕਰਣ ਹੋਣ ਨਾਲ ਫੰਡ ਹਾਊਸੇਜ਼ ਨਿਵੇਸ਼ ਦੀ ਸਟਾਈਲ ਜਾਂ ਫੋਕਸ ’ਚ ਤਬਦੀਲੀ ਨਹੀਂ ਕਰ ਸਕਣਗੇ, ਜਿਵੇਂ ਪਹਿਲਾਂ ਕਰਦੇ ਸੀ। ਉਦਾਹਰਨ ਲਈ ਮਿਡ ਕੈਪ ਫੰਡ ਬਾਜ਼ਾਰ ਦੀਆਂ ਸਥਿਤੀਆਂ ਨੂੰ ਦੇਖਦੇ ਹੋਏ ਲਾਰਜ ਕੈਪ ਸੈਗਮੈਂਟ ’ਚ ਚਲੇ ਜਾਂਦੇ ਸੀ, ਜਿਸ ਨਾਲ ਰਿਸਕ ਪ੍ਰੋਫਾਈਲ ਬਹੁਤ ਬਦਲਿਆ ਜਾਂਦਾ ਸੀ। ਹੁਣ ਫੰਡ ਨੂੰ ਨਿਵੇਸ਼ ਦੇ ਮਾਮਲੇ ’ਚ ਫੋਕਸ ਬਣਾ ਕੇ ਰੱਖਣਾ ਹੋਵੇਗਾ। ਇਸ ਲਈ ਤੁਹਾਨੂੰ ਪਹਿਲਾਂ ਤੋਂ ਹੀ ਸਮਝਦਾਰੀ ਨਾਲ ਨਿਵੇਸ਼ ਕਰਨ ਦੀ ਸੁਵਿਧਾ ਨੂੰ ਅਪਨਾਉਣਾ ਚਾਹੀਦਾ ਹੈ।

### ਤੁਲਨਾ ’ਚ ਸਹੂਲੀਅਤ

ਸਪੱਸ਼ਟ ਵਰਗੀਕਰਨ ਹੋਣ ਨਾਲ ਇਕ ਕੈਟੇਗਰੀ ਦੇ ਫੰਡ ਦੀ ਬਿਹਤਰ ਢੰਗ ਨਾਲ ਤੁਲਨਾ ਕੀਤੀ ਜਾ ਸਕੇਗੀ। ਜਿੱਥੇ ਪਹਿਲਾਂ ਦੀ ਲਾਰਜ ਕੈਪ ਫੰਡ ਕੈਟੇਗਰੀ ’ਚ ਲਾਰਜ ਕੈਪ ਫੋਕਸ ਵਾਲੀਆਂ ਸਕੀਮਾਂ ਤੋਂ ਇਲਾਵਾ ਮਿਡ ਕੈਪ ਐਕਸਪੋਜ਼ਰ ਵਾਲੀਆਂ ਸਕੀਮਾਂ ਵੀ ਹੁੰਦੀਆਂ ਸੀ, ਉੱਥੇ ਹੁਣ ਇੰਨੇ ਵਰਕ ਵਾਲੀਆਂ ਸਕੀਮਾਂ ਨੂੰ ਇਕੱਠਾ ਨਹੀਂ ਰੱਖਿਆ ਜਾ ਸਕਦਾ।

### ਵੱਧ ਸਕਦਾ ਹੈ ਫੰਡ ਕਾਰਪਸ

ਫੰਡ ਹਾਊਸੇਜ਼ ਨੂੰ ਇਕ ਕੈਟੇਗਰੀ ਦੀ ਇਕ ਵਰਗੀਆਂ ਸਕੀਮਾਂ ਨੂੰ ਇਕੱਠਾ ਕਰਨਾ ਹੋਵੇਗਾ, ਇਸ ਦੇ ਨਾਲ ਹੀ ਫੰਡ ਦੇ ਆਕਾਰ ’ਚ ਵੱਡਾ ਵਾਧਾ ਹੋ ਸਕੇਗਾ। ਇਸ ਨਾਲ ਸਕੀਮ ਦੇ ਪ੍ਰਦਰਸ਼ਨ ’ਤੇ ਮੁਸ਼ਕਲਾਂ ਆ ਸਕਦੀਆਂ ਹਨ। ਕਈ ਸਕੀਮਾਂ ਵਾਲੇ ਕੁਝ ਵੱਡੀਆਂ ਤਬਦੀਲੀਆਂ ਨੂੰ ਮਰਜ਼ਰ ਦਾ ਰਸਤਾ ਚੁਣਨਾ ਪਵੇਗਾ। ਇਸ ਨਾਲ ਸਕੀਮਾਂ ਦੇ ਕਾਰਪਸ ’ਚ ਅਚਾਨਕ ਵਾਧਾ ਹੋ ਸਕਦਾ ਹੈ। •

# ਅਤਿਵਾਦ ਪੀੜਤ ਵਿਦਿਆਰਥੀਆਂ ਲਈ ਐਮ.ਬੀ.ਬੀ.ਐਸ. ਦੀਆਂ ਚਾਰ ਸੀਟਾਂ ਰਾਖਵੀਆਂ- ਡਿਪਟੀ ਕਮਿਸ਼ਨਰ

**ਮਲੇਰਕੋਟਲਾ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਵੱਲੋਂ ਵਿਦਿਅਕ ਸੈਸ਼ਨ 2024-25 ਦੌਰਾਨ ਵੱਖ-ਵੱਖ ਮੈਡੀਕਲ ਕਾਲਜਾਂ/ਸੰਸਥਾਵਾਂ ਵਿੱਚ ਕੇਂਦਰੀ ਪੂਲ ਰਾਹੀਂ ਐਮ.ਬੀ.ਬੀ.ਐਸ. ਦੀਆਂ 4 ਸੀਟਾਂ ਅਤਿਵਾਦ ਪ੍ਰਭਾਵਿਤ ਆਮ ਨਾਗਰਿਕਾਂ ਦੀ ਸ਼੍ਰੇਣੀ ਵਿੱਚੋਂ ਭਰਨ ਲਈ ਨਿਰਧਾਰਤ ਕੀਤੀਆਂ ਗਈਆਂ ਹਨ, ਜੋ ਅਤਿਵਾਦ ਕਾਰਨ ਫ਼ੌਤ/ਦਿਵਿਆਂਗ ਹੋ ਚੁੱਕੇ ਨਾਗਰਿਕਾਂ ਦੇ ਜੀਵਨ ਸਾਥੀ ਜਾਂ ਬੱਚੇ ਹਨ।

ਇਸ ਸਬੰਧੀ ਵਿਸਤਾਰ ਪੂਰਵਕ ਜਾਣਕਾਰੀ ਦਿੰਦਿਆ ਉਨ੍ਹਾਂ ਦੱਸਿਆ ਕਿ ਏ.ਐਨ. ਮਗਧ ਮੈਡੀਕਲ ਕਾਲਜ, ਗਯਾ (ਬਿਹਾਰ) ਅਤੇ ਗ੍ਰਾਂਟ ਮੈਡੀਕਲ ਕਾਲਜ, ਮੁੰਬਈ (ਮਹਾਰਾਸ਼ਟਰ) ਵਿੱਚ ਇੱਕ-ਇੱਕ ਸੀਟ ਜਦਕਿ ਪੰਡਤ ਜਵਾਹਰ ਲਾਲ ਨਹਿਰੂ ਮੈਡੀਕਲ ਕਾਲਜ, ਰਾਏਪੁਰ (ਛੱਤੀਸਗੜ੍ਹ) ਵਿੱਚ ਇਸ ਵਰਗ ਲਈ ਦੋ ਸੀਟਾਂ ਰਾਖਵੀਆਂ ਰੱਖੀਆਂ ਗਈਆਂ ਹਨ।

ਚਾਹਵਾਨ ਵਿਦਿਆਰਥੀ ਅਤਿਵਾਦ ਦਾ ਸ਼ਿਕਾਰ ਜਾਂ ਅਤਿਵਾਦ ਦੌਰਾਨ ਅਪੰਗ ਹੋਏ ਵਿਅਕਤੀ ਦਾ ਜੀਵਨ ਸਾਥੀ ਜਾਂ ਬੱਚੇ ਹੋਣੇ ਚਾਹੀਦੇ ਹਨ। ਪੰਜਾਬ ਦੇ ਯੋਗ ਵਿਦਿਆਰਥੀ ਵੀ ਇਨ੍ਹਾਂ ਸੀਟਾਂ ਲਈ ਅਪਲਾਈ ਕਰਕੇ ਲਾਭ ਲੈ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਸੀਟਾਂ ਲਈ ਯੋਗਤਾ ਦੇ ਮਾਪਦੰਡਾਂ ਤਹਿਤ ਉਮੀਦਵਾਰ ਭਾਰਤੀ ਨਾਗਰਿਕ ਹੋਣਾ ਚਾਹੀਦਾ ਹੈ ਅਤੇ ਉਸ ਦੀ ਉਮਰ ਦਾਖ਼ਲੇ ਸਮੇਂ 17 ਸਾਲ ਹੋਵੇ ਜਾਂ ਉਹ ਅੰਡਰਗਰੈਜੂਏਟ ਮੈਡੀਕਲ ਕੋਰਸ ਵਿੱਚ ਦਾਖ਼ਲੇ ਦੇ ਪਹਿਲੇ ਸਾਲ ਵਿੱਚ 31 ਦਸੰਬਰ ਨੂੰ ਜਾਂ ਇਸ ਤੋਂ ਪਹਿਲਾਂ ਇਹ ਉਮਰ ਪੂਰੀ ਕਰਦਾ ਹੋਵੇ।

ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਵੱਲੋਂ ਜਾਰੀ ਨੋਟੀਫਿਕੇਸ਼ਨ ਅਤੇ ਫਾਰਮ ਮੰਤਰਾਲੇ ਦੀ ਵੈੱਬਸਾਈਟ (https://mha.gov.in) ਤੋਂ ਡਾਊਨਲੋਡ ਕਰਕੇ ਹੋਰ ਜਾਣਕਾਰੀ ਅਤੇ ਸ਼ਰਤਾਂ ਵੇਖੀਆਂ ਜਾ ਸਕਦੀਆਂ ਹਨ।

# ਪਰਾਲੀ ਪ੍ਰਬੰਧਨ ਸਬੰਧੀ ਜਾਗਰੂਕਤਾ ਕੈਂਪ ਲਗਾਇਆ

**ਬਠਿੰਡਾ 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਡਾ. ਮੱਖਣ ਸਿੰਘ ਭੁੱਲਰ, ਨਿਰਦੇਸ਼ਕ ਪਸਾਰ ਸਿੱਖਿਆ, ਲੁਧਿਆਣਾ ਤੇ ਡਾ. ਗੁਰਦੀਪ ਸਿੰਘ ਸਿੱਧੂ, ਡਿਪਟੀ ਡਾਇਰੈਕਟਰ, ਕ੍ਰਿਸ਼ੀ ਵਿਗਿਆਨ ਕੇਂਦਰ ਦੀ ਰਹਿਨੁਮਾਈ ਹੇਠ ਪਰਾਲੀ ਪ੍ਰਬੰਧਨ ਸੰਬੰਧੀ ਪਿੰਡ ਬਾਹੋ ਯਾਤਰੀ ਬਲਾਕ ਬਠਿੰਡਾ ਵਿਖੇ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਪਰਾਲੀ ਦੇ ਸੁਚੱਜੇ ਪ੍ਰਬੰਧ ਲਈ ਖੇਤੀ ਮਸ਼ੀਨਰੀ ਦੀ ਸਹੀ ਵਰਤੋਂ ਕਰਨਾ ਸੀ।

ਇਸ ਮੌਕੇ ਡਾ. ਪ੍ਰਿਤਪਾਲ ਸਿੰਘ, (ਜ਼ਿਲਾ ਪਸਾਰ ਮਾਹਿਰ), ਫਾਰਮ ਸਲਾਹਕਾਰ ਸੇਵਾ ਕੇਂਦਰ ਨੇ ਕਿਸਾਨਾਂ ਨੂੰ ਜਾਣਕਾਰੀ ਦਿੰਦਿਆ ਕਿਹਾ ਕਿ ਪਰਾਲੀ ਨੂੰ ਲਗਾਤਾਰ 3-4 ਸਾਲ ਖੇਤ ਵਿੱਚ ਮਿਲਾਉਣ ਨਾਲ ਜ਼ਮੀਨ ਵਿਚ ਮੱਲੜ ਦੀ ਮਾਤਰਾ ਵੱਧ ਜਾਂਦੀ ਹੈ ਅਤੇ ਖੇਤ ਦੀ ਉਪਜਾਊ ਸ਼ਕਤੀ ਵਿੱਚ ਅਥਾਹ ਵਾਧਾ ਹੁੰਦਾ ਹੈ।

ਇਸ ਦੌਰਾਨ ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਮੁਹੱਈਆ ਕਰਵਾਈ ਜਾਣ ਵਾਲੀ ਮਸ਼ੀਨਰੀ ਦੀ ਵਰਤੋਂ ਕਰਕੇ ਪਰਾਲੀ ਦਾ ਪ੍ਰਬੰਧ ਕਰ ਸਕਦੇ ਹਨ ਅਤੇ ਅਜਿਹਾ ਕਰਨ ਨਾਲ ਉਹ ਵਾਤਾਵਰਨ ਨੂੰ ਸਾਫ-ਸੁਥਰਾ ਰੱਖਣ ਵਿੱਚ ਆਪਣਾ ਯੋਗਦਾਨ ਪਾ ਸਕਦੇ ਹਨ।

ਇਸ ਮੌਕੇ ਸਹਾਇਕ ਪ੍ਰੋਫੈਸਰ, ਫਲ ਵਿਗਿਆਨ ਡਾ. ਸਰਵਪ੍ਰਿਆ ਸਿੰਘ ਨੇ ਘਰੇਲੂ ਬਗੀਚੀ ਦੀ ਮਹੱਤਤਾ ਤੇ ਫਲਦਾਰ ਬੂਟਿਆਂ ਦੀ ਕਾਸ਼ਤ ਸਬੰਧੀ ਕਿਸਾਨਾਂ ਨੂੰ ਪ੍ਰੇਰਿਤ ਕੀਤਾ ਤਾਂ ਜੋ ਉਹ ਘਰੇਲੂ ਲੋੜ ਮੁਤਾਬਿਕ ਆਪਣੀਆਂ ਸਬਜ਼ੀਆਂ ਆਪ ਪੈਦਾ ਕਰ ਸਕਣ। ਸਹਾਇਕ ਪ੍ਰੋਫੈਸਰ, ਭੂਮੀ ਵਿਗਿਆਨ ਡਾ. ਤੇਜਬੀਰ ਸਿੰਘ ਬੁੱਟਰ ਨੇ ਕਿਸਾਨਾਂ ਨਾਲ ਪਰਾਲੀ ਪ੍ਰਬੰਧ ਅਤੇ ਖਾਦਾਂ ਦੀ ਸਹੀ ਵਰਤੋਂ ਸੰਬੰਧੀ ਵੀ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਕਿਸਾਨਾਂ ਨੂੰ ਸਬਜ਼ੀਆਂ ਦੀ ਕਿੱਟਾਂ ਤੇ ਕਿਤਾਬਾਂ ਮੁਹੱਈਆ ਕਰਵਾਈਆਂ ਗਈਆਂ।

ਇਸ ਪਿੰਡ ਪੱਧਰੀ ਕੈਂਪ ਵਿੱਚ ਲਗਭਗ 65 ਦੇ ਕਰੀਬ ਅਗਾਂਹਵਧੂ ਕਿਸਾਨਾਂ ਨੇ ਭਾਗ ਲਿਆ।

# ਡਿਪਟੀ ਕਮਿਸ਼ਨਰ ਨੇ ਸਮਾਗਮਾਂ ਦੌਰਾਨ ਕੀਤੇ ਜਾਣ ਵਾਲੇ ਪ੍ਰਬੰਧਾਂ ਨੂੰ ਲੈ ਕੇ ਸਮੂਹ ਜ਼ਿਲ੍ਹਾ ਅਧਿਕਾਰੀਆਂ ਨਾਲ ਕੀਤੀ ਵਿਸ਼ੇਸ ਮੀਟਿੰਗ



**ਤਰਨ ਤਾਰਨ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਗੁਰੂ ਰਾਮਦਾਸ ਜੀ ਦੇ 450 ਸਾਲਾਂ ਗੁਰਿਆਈ ਤੇ ਸ੍ਰੀ ਗੁਰੂ ਅਮਰਦਾਸ ਜੀ ਦੇ 450 ਸਾਲਾਂ ਜੋਤੀ-ਜੋਤਿ ਦਿਵਸ ਸਬੰਧੀ ਗੁਰੂਦੁਆਰਾ ਬਾਊਲੀ ਸਾਹਿਬ ਸ੍ਰੀ ਗੋਇੰਦਵਾਲ ਸਾਹਿਬ ਵਿਖੇ 15, 16, 17 ਅਤੇ 18 ਸਤੰਬਰ ਨੂੰ ਕਰਵਾਏ ਜਾ ਰਹੇ ਸ਼ਤਾਬਦੀ ਸਮਾਗਮਾਂ ਦੇ ਮੱਦੇਨਜ਼ਰ ਸੰਗਤਾਂ ਦੀ ਭਾਰੀ ਆਮਦ ਨੂੰ ਦੇਖਦਿਆਂ ਜ਼ਿਲ੍ਹਾ ਪ੍ਰਸ਼ਾਸਨ ਤਰਨ ਤਾਰਨ ਵੱਲੋਂ ਲੋੜੀਂਦੇ ਪ੍ਰਬੰਧ ਕੀਤੇ ਜਾ ਰਹੇ ਤਾਂ ਜੋ ਸੰਗਤਾਂ ਨੂੰ ਆਉਣ-ਜਾਣ ਵਿੱਚ ਕੋਈ ਦਿੱਕਤ ਨਾ ਆਵੇ।

ਇਹ ਜਾਣਕਾਰੀ ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਸੰਦੀਪ ਕੁਮਾਰ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤਰਨ ਤਾਰਨ ਵਿਖੇ ਇਹਨਾਂ ਸਮਾਗਮਾਂ ਦੌਰਾਨ ਕੀਤੇ ਜਾਣ ਵਾਲੇ ਪ੍ਰਬੰਧਾਂ ਨੂੰ ਲੈ ਕੇ ਸਮੂਹ ਜ਼ਿਲ੍ਹਾ ਅਧਿਕਾਰੀਆਂ ਨਾਲ ਕੀਤੀ ਵਿਸ਼ੇਸ ਮੀਟਿੰਗ ਦੌਰਾਨ ਦਿੱਤੀ। ਇਸ ਦੌਰਾਨ ਐੱਸ.ਐੱਸ.ਪੀ. ਤਰਨ ਤਾਰਨ ਸ੍ਰੀ ਗੌਰਵ ਤੂਰਾ, ਵਧੀਕ ਡਿਪਟੀ ਕਮਿਸ਼ਨਰ ਜਨਰਲ ਸ੍ਰੀ ਗੁਰਪ੍ਰੀਤ ਸਿੰਘ ਥਿੰਦ, ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ੍ਰੀ ਵਰਿੰਦਰਪਾਲ ਸਿੰਘ ਬਾਜਵਾ, ਐੱਸ. ਡੀ. ਐੱਮ. ਤਰਨ ਤਾਰਨ ਸ੍ਰੀ ਸਿਮਰਨਦੀਪ ਸਿੰਘ, ਐੱਸ. ਡੀ. ਐੱਮ. ਖਡੂਰ ਸਾਹਿਬ ਸ੍ਰੀ ਸਚਿਨ ਪਾਠਕ ਅਤੇ ਐੱਸ. ਪੀ, ਹੈੱਡਕੁਆਟਰ ਸ਼੍ਰੀਮਤੀ ਪਰਵਿੰਦਰ ਕੌਰ ਤੋਂ ਇਲਾਵਾ ਸਮੂਹ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਪੀ. ਡਬਲਯੂ. ਡੀ. ਵਿਭਾਗ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਗੁਰੂਦੁਆਰਾ ਬਾਉਲੀ ਸਾਹਿਬ ਸ੍ਰੀ ਗੋਇੰਦਵਾਲ ਸਾਹਿਬ ਨੂੰ ਆਉਣ-ਜਾਣ ਵਾਲੀਆਂ ਸੜਕਾਂ ਤੇ ਰਸਤਿਆਂ ਵਿੱਚ ਪਏ ਟੋਇਆ ਨੂੰ ਤੁਰੰਤ ਭਰਿਆ ਜਾਵੇ ਤਾਂ ਜੋ ਵਾਹਨਾਂ ਨੂੰ ਕੋਈ ਦਿੱਕਤ ਨਾ ਆਵੇ। ਉਹਨਾਂ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਨੂੰ ਹਦਾਇਤ ਕੀਤੀ ਕਿ ਸ੍ਰੀ ਗੋਇੰਦਵਾਲ ਸਾਹਿਬ ਸ਼ਹਿਰ ਦੀ ਸਾਫ਼-ਸਫ਼ਾਈ ਦਾ ਵਿਸ਼ੇਸ ਧਿਆਨ ਰੱਖਿਆ ਜਾਵੇ।

ਡਿਪਟੀ ਕਮਿਸ਼ਨਰ ਨੇ ਸਬੰਧਿਤ ਵਿਭਾਗਾਂ ਨੂੰ ਆਦੇਸ਼ ਦਿੱਤੇ ਕਿ ਸੰਗਤਾਂ ਦੀ ਭਾਰੀ ਆਮਦ ਨੂੰ ਵੇਖਦਿਆਂ ਵਾਹਨਾਂ ਨੂੰ ਖੜ੍ਹਾ ਕਰਨ ਲਈ ਪਾਰਕਿੰਗ ਦਾ ਲੋੜੀਂਦਾ ਪ੍ਰਬੰਧ ਕੀਤਾ ਜਾਵੇ ਅਤੇ ਸੰਗਤਾਂ ਦੀ ਸਹੂਲਤ ਲਈ ਆਰਜ਼ੀ ਪੈਖਾਨਿਆਂ ਦਾ ਢੁਕਵਾਂ ਪ੍ਰਬੰਧ ਕੀਤਾ ਜਾਵੇ। ਉਨਾਂ ਸਬੰਧਿਤ ਅਧਿਕਾਰੀਆਂ ਨੂੰ ਕਿਹਾ ਕਿ ਇਹਨਾਂ ਸਮਾਗਮਾਂ ਦੌਰਾਨ ਬਿਜਲੀ ਦੀ ਨਿਰਵਿਘਨ ਸਪਲਾਈ ਤੇ ਲਾਇਟਾਂ ਦਾ ਲੋੜੀਂਦਾ ਪ੍ਰਬੰਧ ਕੀਤਾ ਜਾਵੇ ।

# ਜਲਦ ਤੋਂ ਜਲਦ ਸੜਕ ਬਣਾਉਣ ਦਾ ਕੰਮ ਕੀਤਾ ਜਾਵੇ ਪੂਰਾ, ਅਧਿਕਾਰੀਆਂ ਨੂੰ ਦਿੱਤੇ ਆਦੇਸ਼



**ਫਾਜ਼ਿਲਕਾ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲਗਾਤਾਰ ਸ਼ਹਿਰ ਦੇ ਵਿਕਾਸ ਲਈ ਕਾਰਜਸ਼ੀਲ ਹੈ। ਸ਼ਹਿਰਾਂ ਦੇ ਵਿਕਾਸ ਵਿਚ ਵਾਧਾ ਕਰਦਿਆਂ ਗਲੀਆਂ—ਨਾਲੀਆਂ ਨੂੰ ਪੱਕਾ ਕੀਤਾ ਜਾ ਰਿਹਾ ਹੈ ਤੇ ਆਵਾਜਾਈ ਨੂੰ ਸੁਖਾਲਾ ਬਣਾਇਆ ਜਾ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਫਾਜ਼ਿਲਕਾ ਦੇ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਫਾਜ਼ਿਲਕਾ—ਅਬੋਹਰ ਰੋਡ ਤੋਂ ਵਿਜੈ ਕਲੋਨੀ ਨੂੰ ਜਾਂਦੀ ਸੜਕ ਦਾ ਨਿਰੀਖਣ ਕੀਤਾ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਵੀਂ ਬਣ ਰਹੀ ਸੜਕ ਦਾ ਕੰਮ ਜਲਦ ਤੋਂ ਜਲਦ ਮੁਕੰਮਲ ਕੀਤਾ ਜਾਵੇ।ਇਸ ਦੌਰਾਨ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ ਰਾਕੇਸ਼ ਕੁਮਾਰ ਪੋਪਲੀ ਮੌਜੂਦ ਸਨ।

ਵਿਧਾਇਕ ਫਾਜ਼ਿਲਕਾ ਸ੍ਰੀ ਸਵਨਾ ਨੇ ਕਿਹਾ ਕਿ ਸ਼ਹਿਰਾਂ ਅੰਦਰ ਵੱਧ ਤੋਂ ਵੱਧ ਵਿਕਾਸ ਕਾਰਜਾਂ ਦਾ ਕੰਮ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸੜਕਾਂ ਬਣਾਉਣ ਦੇ ਕੰਮਾਂ ਦੇ ਟੈਂਡਰ ਲਗਾਏ ਜਾ ਰਹੇ ਹਨ ਤੇ ਜਲਦ ਤੋਂ ਜਲਦ ਟੈਂਡਰ ਪ੍ਰਕਿਰਿਆ ਕਰਨ ਉਪਰੰਤ ਠੇਕੇਦਾਰ ਨੂੰ ਕੰਮ ਅਲਾਟ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਵਿਜੈ ਕਲੋਨੀ ਦੇ ਬਾਹਰ ਵਾਲੀ ਸੜਕ ਦਾ ਕੰਮ ਵੀ ਪ੍ਰਗਤੀ ਅਧੀਨ ਜੋ ਕਿ ਜਲਦ ਤੋਂ ਜਲਦ ਮੁਕੰਮਲ ਕਰ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਨਾਲ ਆਵਾਜਾਈ ਸੁਖਾਵੇ ਢੰਗ ਨਾਲ ਹੋ ਸਕੇਗੀ। ਉਨ੍ਹਾਂ ਕਿਹਾ ਕਿ ਪਿਛਲੀ ਸਰਕਾਰ ਸਮੇਂ ਸੜਕ ਦਾ ਬੁਰਾ ਹਾਲ ਸੀ ਪਰ ਮੌਜੂਦਾ ਸਰਕਾਰ ਦੇ ਸੱਤਾ ਵਿਚ ਆਉਣ ਸਾਰ ਹੀ ਸੜਕ ਬਣਾਉਣ ਦਾ ਕੰਮ ਸ਼ੁਰੂ ਕੀਤਾ ਗਿਆ ਸੀ।

ਉਨ੍ਹਾ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੜਕ ਬਣਾਉਣ ਵਿਚ ਢਿਲ ਮਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਸਬੰਧਤ ਠੇਕੇਦਾਰ ਨੂੰ ਹਦਾਇਤ ਕਰਦਿਆਂ ਕਿਹਾ ਕਿ ਸੜਕ ਬਣਾਉਣ ਦਾ ਮਟੀਰੀਅਲ ਉਚ ਗੁਣਵਤਾ ਦਾ ਹੋਵੇ, ਉਨਤਾਈ ਪਾਈ ਜਾਣ *ਤੇ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਸ ਮੌਕੇ ਉਨ੍ਹਾਂ ਨੇੜੇ ਬਣੇ ਵਾਟਰ ਵਰਕਸ ਦਾ ਦੌਰਾ ਵੀ ਕੀਤਾ ਅਤੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਨੂੰ ਪੀਣ ਵਾਲੇ ਪਾਣੀ ਮੁਹੱਈਆ ਕਰਵਾਉਣ ਦੇ ਸਬੰਧ ਵਿਚ ਕੋਈ ਅਣਗਹਿਲੀ ਨਾ ਵਰਤੀ ਜਾਵੇ।

ਇਸ ਮੌਕੇ ਈਓ ਨਗਰ ਕੌਸਲ ਸ੍ਰੀ ਜਗਸੀਰ ਸਿੰਘ, ਬਿਜਲੀ ਬੋਰਡ ਕਾਰਜਕਾਰੀ ਇੰਜੀਨੀਅਰ ਸ੍ਰੀ ਰਜਿੰਦਰ ਕੁਮਾਰ, ਜੇ.ਈ ਨਗਰ ਕੌਂਸਲ ਸ੍ਰੀ ਜਗਜੀਤ ਸਿੰਘ, ਬਲਾਕ ਪ੍ਰਧਾਨ ਸ੍ਰੀ ਰਾਜ ਅਹੂਜਾ ਆਦਿ ਹਾਜਰ ਸਨ।

## ਜ਼ਿਲ੍ਹਾ ਪ੍ਰਸ਼ਾਸਨ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਵਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਜਾਗਰੂਕਤਾ ਮੁਹਿੰਮ ਵਿੱਚ ਦੇਵੇਗਾ ਹਰ ਸੰਭਵ ਸਹਿਯੋਗ: ਏ ਡੀ ਸੀ ਜਰਨਲ ਮੈਡਮ ਕੰਚਨ




**ਪਟਿਆਲਾ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਜ਼ਿਲ੍ਹੇ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਪਾਵਰ ਹਾਊਸ ਯੂਥ ਕਲੱਬ, ਯੂਥ ਫੈਡਰੇਸ਼ਨ ਆਫ ਇੰਡੀਆ ਜੋ ਕਿ ਲੰਮੇ ਸਮੇਂ ਤੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਤਹਿਤ ਪਬਲਿਕ ਨੂੰ ਜਾਗਰੂਕ ਕਰ ਰਹੀਆਂ ਹਨ ਦੇ ਮੁੱਖੀਆਂ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸਾ ਮੁਕਤ ਭਾਰਤ ਅਭਿਆਨ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸਾ ਮੁਕਤ ਭਾਰਤ ਅਭਿਆਨ ਵਲੋਂ ਐਡੀਸ਼ਨਲ ਡਿਪਟੀ ਕਮਿਸ਼ਨਰ ਜਰਨਲ ਮੈਡਮ ਕੰਚਨ ਨਾਲ ਮੁਲਾਕਾਤ ਕੀਤੀ ਅਤੇ ਉਹਨਾਂ ਦੇ ਵਿਸਥਾਰਪੂਰਵਕ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮਾਂ ਬਾਰੇ ਜਾਣਕਾਰੀ ਦਿੱਤੀ।

ਇਸ ਮੌਕੇ ਐਡਸਿਨਲ ਡਿਪਟੀ ਕਮਿਸ਼ਨਰ ਜਰਨਲ ਮੈਡਮ ਕੰਚਨ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਨਸ਼ਿਆਂ ਵਿਰੁੱਧ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਵੱਲੋਂ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਹਰ ਸੰਭਵ ਸਹਿਯੋਗ ਕਰੇਗਾ ਅਤੇ ਉਨ੍ਹਾਂ ਵਲੋਂ ਵੱਡੇ ਪੱਧਰ ਤੇ ਪਟਿਆਲਾ ਜ਼ਿਲ੍ਹੇ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਉਲੀਕੇ ਜਾਣਗੇ ਤਾਂ ਜੋ ਨੌਜਵਾਨਾ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਜਾ ਸਕੇ,

ਉਨ੍ਹਾਂ ਸਟੇਟ ਐਵਾਰਡੀ ਪਰਮਿੰਦਰ ਭਲਵਾਨ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ, ਸਟੇਟ ਐਵਾਰਡੀ ਰੁਪਿੰਦਰ ਕੌਰ, ਰੁਦਰਪ੍ਰਤਾਪ ਸਿੰਘ ਅਤੇ ਇਹਨਾਂ ਦੀ ਟੀਮ ਵਲੋਂ ਪਟਿਆਲਾ ਜ਼ਿਲ੍ਹੇ ਵਿੱਚ ਨਸ਼ਿਆਂ ਵਿਰੁੱਧ ਕੀਤੇ ਕੰਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਹੋਰਨਾਂ ਸੰਸਥਾਵਾਂ ਨੂੰ ਵੀ ਨਸ਼ਿਆਂ ਵਿਰੁੱਧ ਲਾਮਬੰਦ ਹੋ ਕੇ ਅੱਗੇ ਆਉਣਾ ਚਾਹੀਦਾ ਹੈ, ਉਹਨਾਂ ਕਿਹਾ ਕਿ ਉਹੋ ਸਮਾਜ ਸੇਵੀ ਕਾਰਜਾਂ ਲਈ ਹਰ ਸੰਭਵ ਮਦਦ ਲਈ ਤਿਆਰ ਹਨ।

ਇਸ ਮੌਕੇ ਐਡੀਸ਼ਨਲ ਡਿਪਟੀ ਕਮਿਸ਼ਨਰ ਜਰਨਲ ਮੈਡਮ ਕੰਚਨ ਨੂੰ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਲਈ ਵੰਡੀਆਂ ਜਾ ਰਹੀਆਂ ਕਿਤਾਬਾ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਵਲੋਂ ਭੇਟ ਕੀਤੀਆਂ ਗਈਆਂ।

# ਇਨੈਲੋ-ਬਸਪਾ ਗੱਠਜੋੜ ਦੇ ਦਿਲਬਾਗ ਸਿੰਘ ਵੱਲੋਂ ਕਾਗਜ਼ ਦਾਖ਼ਲ



**ਯਮੁਨਾਨਗਰ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਯਮੁਨਾਨਗਰ ਵਿਧਾਨ ਸਭਾ ਹਲਕੇ ਤੋਂ ਇੰਡੀਅਨ ਨੈਸ਼ਨਲ ਲੋਕ ਦਲ ਦੇ ਸਾਬਕਾ ਵਿਧਾਇਕ ਅਤੇ ਇਨੈਲੋ-ਬਸਪਾ ਗੱਠਜੋੜ ਦੇ ਉਮੀਦਵਾਰ ਦਿਲਬਾਗ ਸਿੰਘ ਨੇ ਅੱਜ ਜ਼ਿਲ੍ਹਾ ਸਕੱਤਰੇਤ ਵਿੱਚ ਜਾ ਕੇ ਨਾਮਜ਼ਦਗੀ ਪੱਤਰ ਦਾਖ਼ਲ ਕੀਤਾ । ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਹਰਿਆਣਾ ਤੇ ਯਮੁਨਾਨਗਰ ਵਿੱਚ ਮਹਿੰਗਾਈ, ਭ੍ਰਿਸ਼ਟਾਚਾਰ, ਨਸ਼ੇ, ਬੇਰੁਜ਼ਗਾਰੀ ਮੁੱਖ ਮੁੱਦੇ ਹਨ। ਇਨ੍ਹਾਂ ਨੂੰ ਲੈ ਕੇ ਹੀ ਲਗਾਤਾਰ 10 ਸਾਲਾਂ ਤੋਂ ਭਾਜਪਾ ਦੀ ਸਰਕਾਰ ਨੇ ਲੋਕਾਂ ਨਾਲ ਝੂਠੇ ਵਾਅਦੇ ਕਰਕੇ ਰਾਜ ਕੀਤਾ ਹੈ। ਇਸ ਤੋਂ ਪਹਿਲਾਂ ਕਾਂਗਰਸ ਨੇ 10 ਸਾਲ ਰਾਜ ਕੀਤਾ, ਲੋਕ ਅਜੇ ਵੀ ਕਾਂਗਰਸ ਦੇ ਰਾਜ ਨੂੰ ਨਹੀਂ ਭੁੱਲੇ। ਦਿਲਬਾਗ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਲੋਕਾਂ ਦਾ ਪੂਰਾ ਸਮਰਥਨ ਮਿਲ ਰਿਹਾ ਹੈ ਅਤੇ ਲੋਕ ਉਨ੍ਹਾਂ ਨੂੰ ਪਿਆਰ ਅਤੇ ਸਤਿਕਾਰ ਦੇ ਰਹੇ ਹਨ ਜਿਸ ਕਰਕੇ ਉਨ੍ਹਾਂ ਨੂੰ ਆਪਣੀ ਜਿੱਤ 'ਤੇ ਭਰੋਸਾ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਇਨੈਲੋ-ਬਸਪਾ ਗੱਠਜੋੜ ਦੀ ਸਰਕਾਰ ਬਣੇਗੀ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾਵੇਗਾ। ਇਸ ਮੌਕੇ ਇਨੈਲੋ ਦੇ ਕੌਮੀ ਬੁਲਾਰੇ ਅਸ਼ਵਨੀ ਦੱਤਾ ਨੇ ਦਾਅਵਾ ਕੀਤਾ ਕਿ ਵਿੱਚ ਕਿਸੇ ਵੀ ਪਾਰਟੀ ਨੂੰ ਬਹੁਮਤ ਨਹੀਂ ਮਿਲ ਰਿਹਾ, ਇੰਡੀਅਨ ਨੈਸ਼ਨਲ ਲੋਕ ਦਲ ਗੱਠਜੋੜ ਸਭ ਤੋਂ ਵੱਡਾ ਹੈ ਅਤੇ ਗੱਠਜੋੜ ਮੁੜ ਸੱਤਾ ਪ੍ਰਾਪਤ ਕਰਕੇ ਸਰਕਾਰ ਬਣਾਏਗਾ। ਉਨ੍ਹਾਂ ਕਿਹਾ ਕਿ ਚੌਧਰੀ ਦੇਵੀ ਲਾਲ ਤੇ ਚੌਧਰੀ ਓਮ ਪ੍ਰਕਾਸ਼ ਚੌਟਾਲਾ ਦੇ ਕਾਰਜਕਾਲ ਦੌਰਾਨ ਦਿੱਤੀਆਂ ਸਹੂਲਤਾਂ ਨੂੰ ਮੁੜ ਚਾਲੂ ਕੀਤਾ ਜਾਵੇਗਾ, ਪੈਨਸ਼ਨ ਵਧਾਈ ਜਾਵੇਗੀ, ਮਹਿੰਗਾਈ ਭੱਤੇ ਦੀ ਤਰਜ਼ 'ਤੇ ਹੋਰ ਸਕੀਮਾਂ ਸ਼ੁਰੂ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਦੋਵਾਂ ਪਾਰਟੀਆਂ ਦੇ ਸਾਂਝੇ ਮੈਨੀਫੈਸਟੋ ਨੂੰ ਪੂਰੀ ਤਰ੍ਹਾਂ ਲਾਗੂ ਕੀਤਾ ਜਾਵੇਗਾ ਜਿਸ ਵਿੱਚ ਸਮਾਜ ਦੇ ਸਾਰੇ ਵਰਗਾਂ ਨੂੰ ਧਿਆਨ ਵਿੱਚ ਰੱਖਿਆ ਗਿਆ ਹੈ ।

# ਮੁੱਖ ਮੰਤਰੀ ਸੈਣੀ ਨੇ ਚੋਣ ਪ੍ਰਚਾਰ ਭਖਾਇਆ



**ਸ਼ਾਹਬਾਦ ਮਾਰਕੰਡਾ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਹੈ ਕਿ ਲਾਡਵਾ ਹਲਕੇ ਦੇ ਲੋਕਾਂ ਨਾਲ ਉਨ੍ਹਾਂ ਦਾ ਬਹੁਤ ਮੋਹ ਹੈ। ਉਨ੍ਹਾਂ ਨੂੰ ਵਿਧਾਨ ਸਭਾ ਚੋਣਾਂ ਵਿੱਚ ਲਾਡਵਾ ਤੋਂ ਸਰਦਾਰੀ ਦਾ ਵੱਡਾ ਅਸ਼ੀਰਵਾਦ ਮਿਲਣ ਵਾਲਾ ਹੈ। ਉਨ੍ਹਾਂ ਕਿਹਾ ਕਿ ਉਹ ਲਾਡਵਾ ਦੇ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡਣਗੇ ਤੇ ਲਾਡਵਾ ਨੂੰ ਵਿਕਾਸ ਪੱਖੋਂ ਮੋਹਰੀ ਖੇਤਰ ਬਣਾਇਆ ਜਾਵੇਗਾ। ਉਨਾਂ ਕਿਹਾ ਕਿ ਭਾਜਪਾ ਵਰਕਰਾਂ ਨੇ ਵਿਧਾਨ ਸਭਾ ਚੋਣਾਂ ਵਿੱਚ ਆਪਣੇ ਆਪ ਨੂੰ ਉਮੀਦਵਾਰ ਸਮਝਦਿਆਂ ਵਿਧਾਨ ਸਭਾ ਚੋਣ ਨੂੰ ਆਪਣੀ ਚੋਣ ਸਮਝਦਿਆਂ ਚੋਣ ਪ੍ਰਚਾਰ ਸ਼ੁਰੂ ਕਰ ਦਿੱਤਾ ਹੈ। ਉਨਾਂ ਦਾਅਵਾ ਕੀਤਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਯੋਗ ਅਗਵਾਈ ਹੇਠ ਹਰਿਆਣਾ ਵਿੱਚ ਤੀਜੀ ਵਾਰ ਭਾਜਪਾ ਦੀ ਪੂਰਨ ਬਹੁਮੱਤ ਨਾਲ ਸਰਕਾਰ ਬਣਨ ਜਾ ਰਹੀ ਹੈ। ਉਹ ਅੱਜ ਬਾਬੈਨ ਇਲਾਕੇ ਵਿੱਚ ਆਪਣੀ ਚੋਣ ਮੁਹਿੰਮ ਤਹਿਤ ਬਾਬੈਨ, ਰਾਮ ਸਰਨ ਮਾਜਰਾ, ਖੈਰੀ, ਗੁੱਡਾ, ਛਪਰਾ, ਡੀਗ ਵਿੱਚ ਚੋਣ ਰੈਲੀਆਂ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਪਿੰਡਾਂ ਦੇ ਲੋਕਾਂ ਨੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਫੁੱਲਾਂ ਦੇ ਹਾਰ ਪਾ ਕੇ ਅਤੇ ਗੁਲਦਸਤੇ ਦੇ ਕੇ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਦਾ ਅਸ਼ੀਰਵਾਦ ਭਾਜਪਾ ਨਾਲ ਹੈ ਤੇ ਪਿਛਲੇ 10 ਸਾਲਾਂ ਵਿੱਚ ਡਬਲ ਇੰਜਣ ਦੀ ਸਰਕਾਰ ਨੇ ਜੋ ਕੰਮ ਕੀਤੇ ਹਨ ਉਨ੍ਹਾਂ ਦੀ ਚਰਚਾ ਹਰ ਵਿਅਕਤੀ ਕਰ ਰਿਹਾ ਹੈ।

ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕ ਫਿਰ ਤੋਂ ਤੀਜੀ ਵਾਰ ਭਾਜਪਾ ਸਰਕਾਰ ਬਣਾਉਣ ਦਾ ਮਨ ਬਣਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਆਪਣੇ ਸੁਆਰਥਾਂ ਲਈ ਕਿਸੇ ਨੂੰ ਕਦੇ ਵੀ ਨਹੀਂ ਬਖਸ਼ਦੀ। ਕਾਂਗਰਸ ਪਾਰਟੀ ਕਿਸਾਨਾਂ, ਪਹਿਲਵਾਨਾਂ, ਫੌਜੀਆਂ, ਮਹਿਲਾਵਾਂ ਤੇ ਗਰੀਬਾਂ ਦੇ ਨਾਂ 'ਤੇ ਰਾਜਨੀਤੀ ਕਰਦੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਦਾ ਡੀਐਨਏ ਕਰਾਉਣ 'ਤੇ ਉਸ ਦੇ ਅੰਦਰੋਂ ਇਹੀ ਨਿਕਲ ਕੇ ਆਵੇਗਾ ਕਿ ਕਾਂਗਰਸ ਨੇ ਮਹਿਲਾਵਾਂ, ,ਗਰੀਬਾਂ ਤੇ ਨੌਜਵਾਨਾਂ ਦਾ ਸ਼ੋਸ਼ਣ ਕੀਤਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਦੇ ਰਾਜ ਵਿੱਚ ਲੋਕਾਂ ਨੇ ਕਾਫ਼ੀ ਸੰਤਾਪ ਭੋਗਿਆ ਹੈ। ਇਸ ਲਈ ਉਹ ਕਾਂਗਰਸ ਨੂੰ ਮੁੜ ਮੌਕਾ ਨਹੀਂ ਦੇਣਗੇ। ਉਨ੍ਹਾਂ ਇਸ ਮੌਕੇ ਲੋਕਾਂ ?ਨੂੰ ਭਾਰਤੀ ਜਨਤਾ ਪਾਰਟੀ ਨੂੰ ਵੋਟਾਂ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਲਾਡਵਾ ਦੇ ਸਾਬਕਾ ਵਿਧਾਇਕ ਡਾ.ਪਵਨ ਸੈਣੀ, ਜ਼ਿਲ੍ਹਾ ਪ੍ਰਧਾਨ ਸੁਸ਼ੀਲ ਰਾਣਾ, ਧਰਮਬੀਰ ਮਿਰਜਾਪੁਰ, ਕੰਵਲਜੀਤ ਕੌਰ, ਸੈਣੀ ਸਮਾਜ ਸਭਾ ਦੇ ਪ੍ਰਧਾਨ ਗੁਰਨਾਮ ਸਿੰਘ ਗਜਲਾਣਾ, ਨਾਇਬ ਪਟਾਕ ਮਾਜਰਾ, ਜਸਵਿੰਦਰ ਜੱਸੀ, ਡਿੰਪਲ ਸੈਣੀ, ਕੌਸ਼ਲ ਸੈਣੀ, ਗੁਰਮੀਤ ਕਲਾਲ ਮਾਜਰਾ ਮੌਜੂਦ ਸਨ।ਪ੍ਰਧਾਨ ਮੰਤਰੀ ਨਰਿੰਦਰ ਮੋਦੀ 14 ਸਤੰਬਰ ਨੂੰ ਕੁਰੂਕਸ਼ੇਤਰ ਦੇ ਥੀਮ ਪਾਰਕ ਵਿਚ ਚੋਣ ਰੈਲੀ ਨੂੰ ਸੰਬੋਧਨ ਕਰਨਗੇ। ਇਸ ਰੈਲੀ ਨਾਲ ਭਾਰਤੀ ਜਨਤਾ ਪਾਰਟੀ ਦੀ ਜਿੱਤ ਯਾਤਰਾ ਤੇਜ਼ੀ ਨਾਲ ਅੱਗੇ ਵਧੇਗੀ ਤੇ ਸੂਬੇ ਵਿੱਚ ਤੀਜੀ ਵਾਰ ਭਾਜਪਾ ਦੀ ਸਰਕਾਰ ਬਣੇਗੀ। ਇਹ ਪ੍ਰਗਟਾਵਾ ਹਰਿਆਣਾ ਦੇ ਰਾਜ ਮੰਤਰੀ ਸੁਭਾਸ਼ ਸੁਧਾ ਨੇ ਕੀਤਾ। ਇਸ ਤੋਂ ਪਹਿਲਾਂ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਥਾਨੇਸਰ ਵਿਧਾਨ ਸਭਾ ਹਲਕੇ ਤੋਂ ਭਾਜਪਾ ਉਮੀਦਵਾਰ ਸੁਭਾਸ਼ ਸੁਧਾ ਦੇ ਚੋਣ ਦਫਤਰ ਦਾ ਉਦਘਾਟਨ ਕੀਤਾ। ਇਸ ਦੌਰਾਨ ਸੁਭਾਸ਼ ਸੁਧਾ ਨੇ ਵਰਕਰਾਂ ਨੂੰ ਕਿਹਾ ਕਿ ਥਾਨੇਸਰ ਵਿਧਾਨ ਸਭਾ ਵਿਚ ਭਾਰਤੀ ਜਨਤਾ ਪਾਰਟੀ ਦਾ ਹਰ ਵਰਕਰ ਇਕਜੁੱਟ ਹੋ ਕੇ ਪਿਛਲੇ 10 ਸਾਲਾਂ ਵਿਚ ਕੀਤੇ ਵਿਕਾਸ ਕਾਰਜਾਂ ਦੀ ਰਿਪੋਰਟ ਲੋਕਾਂ ਤਕ ਪਹੁੰਚਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪਿਛਲੇ 10 ਸਾਲਾਂ ਦਾ ਲੇਖਾ ਜੋਖਾ ਕੁਰੂਕਸ਼ੇਤਰ ਦੇ ਲੋਕਾਂ ਸਾਹਮਣੇ ਪੇਸ਼ ਕਰਨਗੇ ਤੇ ਆਉਣ ਵਾਲੇ ਸਾਲਾਂ ਦਾ ਨਕਸ਼ਾ ਵੀ ਸਭ ਦੇ ਸਾਹਮਣੇ ਪੇਸ਼ ਕਰਨਗੇ। ਉਨ੍ਹਾਂ ਕਿਹਾ ਕਿ ਭਾਜਪਾ ਦੂਰ ਅੰਦੇਸ਼ੀ ਸੋਚ ਵਾਲੀ ਪਾਰਟੀ ਹੈ ਤੇ ਆਮ ਲੋਕਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖ ਕੇ ਨੀਤੀਆਂ ਬਣਾਉਂਦੀ ਹੈ। ਉਨ੍ਹਾਂ ਕਿਹਾ ਕਿ ਇਸ ਰੈਲੀ ਨੂੰ ਲੈ ਕੇ ਪਾਰਟੀ ਵਰਕਰਾਂ ਵਿੱਚ ਉਤਸ਼ਾਹ ਹੈ ਤੇ ਹਰ ਵਰਕਰ ਆਪਣੀ ਡਿਊਟੀ ਵਿੱਚ ਰੁੱਝਿਆ ਹੋਇਆ ਹੈ। ਇਸ ਮੌਕੇ ਕਾਫ਼ੀ ਗਿਣਤੀ ਵਿੱਚ ਭਾਜਪਾ ਦੇ ਵਰਕਰ ਮੌਜੂਦ ਸਨ।

ਨਰਾਇਣਗੜ੍ਹ ਵਿਧਾਨ ਸਭਾ ਹਲਕੇ ਤੋਂ ਕਾਂਗਰਸ ਦੀ ਉਮੀਦਵਾਰ ਸ਼ੈਲੀ ਚੌਧਰੀ ਨੇ ਆਪਣਾ ਨਾਮਜ਼ਦਗੀ ਪੱਤਰ ਦਾਖਲ ਕੀਤਾ। ਉਨ੍ਹਾਂ ਦੇ ਪੁੱਤਰ ਬ੍ਰਿਜ ਮੋਹਨ ਨੇ ਉਨ੍ਹਾਂ ਦੇ ਕਵਰਿੰਗ ਉਮੀਦਵਾਰ ਵਜੋਂ ਨਾਮਜ਼ਦਗੀ ਪੱਤਰ ਦਾਖਲ ਕੀਤੇ। ਉਨ੍ਹਾਂ ਨਾਮਜ਼ਦਗੀ ਪੱਤਰ ਨਰਾਇਣਗੜ੍ਹ ਵਿਧਾਨ ਸਭਾ ਹਲਕੇ ਦੇ ਰਿਟਰਨਿੰਗ ਅਫ਼ਸਰ ਅਤੇ ਉਪ ਮੰਡਲ ਅਫ਼ਸਰ (ਨਾ) ਨਰਾਇਣਗੜ੍ਹ ਸ਼ਾਸ਼ਵਤ ਸਾਂਗਵਾਨ ਨੂੰ ਸੌਂਪੇ।

# ਕਾਂਗਰਸ ਨਾਲ ਗੱਠਜੋੜ ਨਾ ਹੋਣ ਮਗਰੋਂ 'ਆਪ' ਨੇ ਐਲਾਨੇ 20 ਉਮੀਦਵਾਰ




**ਚੰਡੀਗੜ੍ਹ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਵਿੱਚ ਵਿਧਾਨ ਸਭਾ ਚੋਣਾਂ ਲਈ ਆਪ ਅਤੇ ਕਾਂਗਰਸ ਵਿਚਕਾਰ ਗੱਠਜੋੜ ਲਈ ਚੱਲ ਰਹੀ ਗੱਲਬਾਤ ਸਿਰੇ ਨਹੀਂ ਚੜ੍ਹੀ। ਹੁਣ 'ਆਪ' ਅਤੇ ਕਾਂਗਰਸ ਵੱਲੋਂ ਵੱਖ-ਵੱਖਰੇ ਤੌਰ 'ਤੇ ਚੋਣਾਂ ਲੜੀਆਂ ਜਾਣਗੀਆਂ। ਇਸ ਗੱਲ ਦੀ ਪੁਸ਼ਟੀ 'ਆਪ' ਦੇ ਸੀਨੀਅਰ ਆਗੂ ਅਤੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਕੀਤੀ ਹੈ। ਉਨ੍ਹਾਂ ਕਿਹਾ ਕਿ 'ਆਪ' ਦਾ ਹਰ ਆਗੂ ਸੂਬੇ ਵਿੱਚ ਮਜ਼ਬੂਤੀ ਨਾਲ ਚੋਣ ਲੜੇਗਾ ਅਤੇ ਭਾਜਪਾ ਨੂੰ ਹਰਾਏਗਾ। ਉਨ੍ਹਾਂ ਕਿਹਾ ਕਿ 'ਆਪ' ਦਾ ਮੁੱਖ ਮਕਸਦ ਭਾਜਪਾ ਨੂੰ ਹਰਾਉਣਾ ਹੈ।ਪਾਰਟੀ ਨੇ ਹਰਿਆਣਾ ਵਿਧਾਨ ਸਭਾ ਚੋਣਾਂ ਲਈ ਅੱਜ 20 ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕਰ ਦਿੱਤੀ ਹੈ। ਇਹ ਸੂਚੀ 'ਆਪ' ਦੇ ਹਰਿਆਣਾ ਮਾਮਲਿਆਂ ਦੇ ਇੰਚਾਰਜ ਅਤੇ ਪਾਰਟੀ ਜਨਰਲ ਸਕੱਤਰ ਡਾਕਟਰ ਸੰਦੀਪ ਪਾਠਕ ਵੱਲੋਂ ਜਾਰੀ ਕੀਤੀ ਗਈ ਹੈ। ਇਸ ਵਿੱਚ ਵਿਧਾਨ ਸਭਾ ਹਲਕਾ ਕਲਾਇਤ ਤੋਂ ਅਨੁਰਾਗ ਢਾਂਡਾ, ਮਹਿਮ ਤੋਂ ਵਿਕਾਸ ਨਹਿਰਾ ਅਤੇ ਰੋਹਤਕ ਤੋਂ ਬਿਜੇਂਦਰ ਹੁੱਡਾ ਨੂੰ ਉਮੀਦਵਾਰ ਬਣਾਇਆ ਗਿਆ ਹੈ। ਇਸੇ ਤਰ੍ਹਾਂ ਨਰਾਇਣਗੜ੍ਹ ਤੋਂ ਗੁਰਪਾਲ ਸਿੰਘ, ਪੁੰਡਰੀ ਤੋਂ ਨਰਿੰਦਰ ਸ਼ਰਮਾ, ਘਰੌਂਦਾ ਤੋਂ ਜੈਪਾਲ ਸ਼ਰਮਾ, ਅਸੰਧ ਤੋਂ ਅਮਨਦੀਪ ਜੁੰਡਲਾ, ਸਮਾਲਖਾ ਤੋਂ ਬਿੱਟੂ ਪਹਿਲਵਾਨ, ਉਚਾਨਾ ਕਲਾਂ ਤੋਂ ਪਵਨ ਫੌਜੀ, ਡੱਬਵਾਲੀ ਤੋਂ ਕੁਲਦੀਪ ਗਦਰਾਨਾ, ਰਣੀਆ ਤੋਂ ਹੈਪੀ ਰਣੀਆ, ਭਿਵਾਨੀ ਤੋਂ ਇੰਦੂ ਸ਼ਰਮਾ, ਮਹਿਮ ਤੋਂ ਵਿਕਾਸ ਨਹਿਰਾ, ਰੋਹਤਕ ਤੋਂ ਬਜਿੰਦਰ ਹੁੱਡਾ, ਬਹਾਦਰਗੜ੍ਹ ਤੋਂ ਕੁਲਦੀਪ ਚਿਕਾਰਾ, ਬਾਦਲੀ ਤੋਂ ਰਣਬੀਰ ਗੁਲੀਆ, ਬੇਰੀ ਤੋਂ ਸੋਨੂ ਅਹਿਲਾਵਤ ਸ਼ੀਰਿਆ, ਮਹਿੰਦਰਗੜ੍ਹ ਤੋਂ ਮਨੀਸ਼ ਯਾਦਵ, ਨਾਰਨੌਲ ਤੋਂ ਰਵਿੰਦਰ, ਬਾਦਸ਼ਾਹਪੁਰ ਤੋਂ ਬੀਰ ਸਿੰਘ ਸਰਪੰਚ ਅਤੇ ਬੱਲਭਗੜ੍ਹ ਤੋਂ ਰਵਿੰਦਰ ਫੌਜਦਾਰ ਨੂੰ ਟਿਕਟ ਦਿੱਤੀ ਗਈ ਹੈ।'ਆਪ' ਹਰਿਆਣਾ ਦੇ ਪ੍ਰਧਾਨ ਡਾ. ਸੁਸ਼ੀਲ ਗੁਪਤਾ ਨੇ ਸਾਰੀਆਂ 90 ਸੀਟਾਂ 'ਤੇ ਚੋਣ ਲੜਨ ਦਾ ਐਲਾਨ ਕਰਦਿਆਂ ਕਿਹਾ ਕਿ ਸੂਬੇ ਵਿੱਚ ਭਾਜਪਾ ਦੀਆਂ ਜੜ੍ਹਾਂ ਉਖਾੜਨ ਲਈ ਪਾਰਟੀ ਪੂਰੇ ਜ਼ੋਰ-ਸ਼ੋਰ ਨਾਲ ਚੋਣ ਲੜੇਗੀ। ਉਨ੍ਹਾਂ ਕਿਹਾ ਕਿ ਛੇਤੀ ਹੀ ਦੂਜੀ ਸੂਚੀ ਵੀ ਜਾਰੀ ਕੀਤੀ ਜਾਵੇਗੀ। 'ਆਪ' ਵੱਲੋਂ ਦਿੱਲੀ ਅਤੇ ਪੰਜਾਬ ਵਿੱਚ ਕੀਤੇ ਗਏ ਕੰਮਾਂ ਨੂੰ ਆਧਾਰ ਬਣਾ ਕੇ ਹਰਿਆਣਾ ਦੇ ਲੋਕਾਂ 'ਚ ਪ੍ਰਚਾਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹਰਿਆਣਾ ਵਿੱਚ 'ਆਪ' ਲੋਕਾਂ ਲਈ ਸਭ ਤੋਂ ਮਜ਼ਬੂਤ ਬਦਲ ਸਾਬਤ ਹੋਵੇਗਾ ਅਤੇ ਭਾਜਪਾ ਦਾ ਸਫਾਇਆ ਕੀਤਾ ਜਾਵੇਗਾ।ਜ਼ਿਕਰਯੋਗ ਹੈ ਕਿ ਹਰਿਆਣਾ ਵਿੱਚ 'ਆਪ' ਅਤੇ ਕਾਂਗਰਸ ਵਿਚਕਾਰ ਪਿਛਲੇ ਇਕ ਹਫ਼ਤੇ ਤੋਂ ਗੱਠਜੋੜ ਲਈ ਗੱਲਬਾਤ ਚੱਲ ਰਹੀ ਸੀ। 'ਆਪ' ਨੇ ਹਰਿਆਣਾ ਲਈ 10 ਸੀਟਾਂ ਮੰਗੀਆਂ ਸਨ ਪਰ ਕਾਂਗਰਸ ਸਿਰਫ਼ 5 ਸੀਟਾਂ ਦੀ ਹੀ ਪੇਸ਼ਕਸ਼ ਕਰ ਰਹੀ ਸੀ। ਸੂਤਰਾਂ ਮੁਤਾਬਕ ਬੀਤੇ ਦਿਨੀਂ ਦੋਵਾਂ ਵਿਚਕਾਰ ਪੰਜ ਸੀਟਾਂ 'ਤੇ ਵੀ ਸਹਿਮਤੀ ਬਣ ਗਈ ਸੀ ਪਰ ਹਲਕਿਆਂ ਨੂੰ ਲੈ ਕੇ ਦੋਵਾਂ ਵਿਚਕਾਰ ਮੁੜ ਤੋਂ ਰੇੜਕਾ ਖੜ੍ਹਾ ਹੋ ਗਿਆ। ਉਂਜ ਕਾਂਗਰਸ ਪਾਰਟੀ ਵੱਲੋਂ 41 ਉਮੀਦਵਾਰਾਂ ਦਾ ਐਲਾਨ ਕੀਤਾ ਜਾ ਚੁੱਕਾ ਹੈ। 'ਆਪ' ਵੱਲੋਂ ਜਿਨ੍ਹਾਂ 20 ਸੀਟਾਂ 'ਤੇ ਉਮੀਦਵਾਰਾਂ ਦਾ ਐਲਾਨ ਕੀਤਾ ਗਿਆ ਹੈ, ਉਨ੍ਹਾਂ ਵਿੱਚੋਂ ਇਕ ਦਰਜਨ ਦੇ ਕਰੀਬ ਸੀਟਾਂ 'ਤੇ ਕਾਂਗਰਸ ਆਪਣੇ ਉਮੀਦਵਾਰ ਉਤਾਰ ਚੁੱਕੀ ਹੈ।

ਹਰਿਆਣਾ ਵਿੱਚ ਵਿਧਾਨ ਸਭਾ ਚੋਣਾਂ ਲਈ ਵੋਟਾਂ ਵਾਲੀ ਤਾਰੀਖ ਨੇੜੇ ਆਉਣ ਦੇ ਨਾਲ-ਨਾਲ ਸਾਰੀਆਂ ਸਿਆਸੀ ਪਾਰਟੀਆਂ ਵੱਲੋਂ ਸਰਗਰਮੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਉਧਰ, ਹਾਲੇ ਤੱਕ ਹਰਿਆਣਾ ਵਿੱਚ ਸਾਰੀਆਂ ਸਿਆਸੀ ਪਾਰਟੀਆਂ ਕੁੱਲ 90 ਵਿਧਾਨ ਸਭਾ ਸੀਟਾਂ ਲਈ ਉਮੀਦਵਾਰਾਂ ਦੀ ਚੋਣ ਨਹੀਂ ਕਰ ਸਕੀਆਂ। ਨਾਮਜ਼ਦਗੀ ਪੱਤਰ ਦਾਖ਼ਲ ਕਰਨ ਦੀ ਆਖਰੀ ਤਾਰੀਖ਼ 13 ਸਤੰਬਰ ਹੈ। ਇਸ ਲਈ ਅਜੇ ਤਿੰਨ ਦਿਨ ਨਾਮਜ਼ਦਗੀਆਂ ਭਰੀਆਂ ਜਾਣਗੀਆਂ। ਹਾਲੇ ਤੱਕ ਭਾਜਪਾ, ਕਾਂਗਰਸ 'ਆਪ', ਇਨੈਲੋ, ਜੇਜੇਪੀ ਸਾਰੀਆਂ ਸੀਟਾਂ 'ਤੇ ਉਮੀਦਵਾਰ ਨਹੀਂ ਉਤਾਰ ਸਕੀਆਂ। ਸਾਰੀਆਂ ਸਿਆਸੀ ਪਾਰਟੀਆਂ ਇਕ-ਦੂਜੇ ਵੱਲ ਝਾਕ ਰਹੀਆਂ ਹਨ। ਪ੍ਰਾਪਤ ਜਾਣਕਾਰੀ ਅਨੁਸਾਰ ਹੁਣ ਤੱਕ ਹਰਿਆਣਾ ਵਿੱਚ ਸੱਤਾਧਾਰੀ ਧਿਰ ਭਾਜਪਾ ਨੇ 67, ਕਾਂਗਰਸ ਨੇ 41 ਅਤੇ ਆਮ ਆਦਮੀ ਪਾਰਟੀ ਨੇ 20 ਉਮੀਦਵਾਰਾਂ ਦਾ ਹੀ ਐਲਾਨ ਕੀਤਾ ਹੈ। ਇਸ ਤੋਂ ਇਲਾਵਾ ਇਨੈਲੋ ਤੇ ਬਸਪਾ ਗੱਠਜੋੜ ਵੀ 20 ਕੁ ਉਮੀਦਵਾਰਾਂ ਦਾ ਹੀ ਐਲਾਨ ਕਰ ਸਕਿਆ ਹੈ। ਇਸੇ ਤਰ੍ਹਾਂ ਜਨ ਨਾਇਕ ਜਨਤਾ ਪਾਰਟੀ (ਜੇਜੇਪੀ) ਵੀ ਕੁਝ ਕੁ ਉਮੀਦਵਾਰਾਂ ਦੀ ਹੀ ਚੋਣ ਕਰ ਸਕੀ ਹੈ। ਇਸ ਸਮੇਂ ਸਾਰੀਆਂ ਸਿਆਸੀ ਪਾਰਟੀਆਂ ਉਮੀਦਵਾਰਾਂ ਦੀ ਚੋਣ ਨੂੰ ਲੈ ਕੇ ਸੋਚੀਂ ਪਈਆਂ ਹੋਈਆਂ ਹਨ। ਭਾਜਪਾ ਵੱਲੋਂ 67 ਉਮੀਦਵਾਰਾਂ ਦੀ ਪਹਿਲੀ ਸੂਚੀ ਦੇ ਐਲਾਨ ਦੇ ਨਾਲ ਹੀ ਪਾਰਟੀ ਵਿੱਚ ਬਗਾਵਤ ਸ਼ੁਰੂ ਹੋ ਗਈ ਹੈ। ਕਈ ਆਗੂਆਂ ਨੇ ਸੂਬੇ ਵਿੱਚ ਆਜ਼ਾਦ ਤੌਰ 'ਤੇ ਚੋਣ ਲੜਨ ਦਾ ਐਲਾਨ ਕਰ ਦਿੱਤਾ ਸੀ। ਇਸੇ ਕਰਕੇ ਭਾਜਪਾ ਬਾਕੀ 23 ਉਮੀਦਵਾਰਾਂ ਦੇ ਐਲਾਨ ਤੋਂ ਪਹਿਲਾਂ ਵਾਰ-ਵਾਰ ਮੰਥਨ ਕਰ ਰਹੀ ਹੈ। ਦੂਜੇ ਪਾਸੇ ਕਾਂਗਰਸ ਪਾਰਟੀ ਵਿੱਚ ਅੰਦਰੂਨੀ ਧੜੇਬੰਦੀ ਹੋਣ ਕਰਕੇ ਉਮੀਦਵਾਰਾਂ ਦੀ ਚੋਣ ਨਹੀਂ ਹੋ ਪਾ ਰਹੀ ਹੈ।

# 'ਆਪ' ਆਗੂ ਭਾਜਪਾ 'ਚ ਸ਼ਾਮਲ

**ਚੰਡੀਗੜ੍ਹ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਵਿਧਾਨ ਸਭਾ ਦੀਆਂ 90 ਸੀਟਾਂ 'ਤੇ ਉਮੀਦਵਾਰਾਂ ਦੇ ਨਾਮ 'ਚ ਦੇਰੀ ਹੋਣ 'ਤੇ ਪੰਚਕੂਲਾ 'ਚ 'ਆਪ' ਦਾ ਜ਼ਿਲ੍ਹਾ ਪ੍ਰਧਾਨ ਰਣਜੀਤ ਉੱਪਲ ਅੱਜ ਪਾਰਟੀ ਤੋਂ ਅਸਤੀਫ਼ਾ ਦੇ ਕੇ ਭਾਜਪਾ 'ਚ ਸ਼ਾਮਲ ਹੋ ਗਿਆ। ਉੱਪਲ ਨੇ ਕਿਹਾ ਕਿ ਉਹ ਭਾਜਪਾ 'ਚ ਇਸ ਕਰਕੇ ਸ਼ਾਮਲ ਹੋਇਆ ਹੈ ਕਿਉਂਕਿ ਪਾਰਟੀ ਉਮੀਦਵਾਰਾਂ ਦੇ ਨਾਮ ਐਲਾਨਣ ਦੀ ਬਜਾਏ ਕਾਂਗਰਸ ਨਾਲ ਸੀਟਾਂ ਦੀ ਵੰਡ ਕਰਨ 'ਚ ਰੁੱਝੀ ਹੋਈ ਹੈ। ਉੱਪਲ ਨੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਮੁਲਾਕਾਤ ਕੀਤੀ ਅਤੇ ਪਾਰਟੀ 'ਚ ਸ਼ਾਮਲ ਹੋ ਗਏ। ਉਨ੍ਹਾਂ ਨਾਲ ਰਾਜ ਸਭਾ ਮੈਂਬਰ ਕਾਰਤੀਕੇਯ ਸ਼ਰਮਾ ਵੀ ਮੌਜੂਦ ਸਨ, ਜਿਨ੍ਹਾਂ ਦੀ ਮਾਂ ਸ਼ਕਤੀ ਰਾਣੀ ਸ਼ਰਮਾ ਨੂੰ ਭਾਜਪਾ ਨੇ ਕਾਲਕਾ ਤੋਂ ਉਮੀਦਵਾਰਾ ਐਲਾਨਿਆ ਹੈ। ਉੱਪਲ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕਾਂਗਰਸ ਨੇ ਪਹਿਲਾਂ ਹੀ 41 ਉਮੀਦਵਾਰਾਂ ਦੇ ਨਾਮ ਤੈਅ ਕਰ ਦਿੱਤੇ ਹਨ, ਜਦਕਿ 'ਆਪ' ਅਜੇ ਵੀ ਉਸ ਨਾਲ ਗੱਠਜੋੜ ਹੋਣ ਦੀ ਉਡੀਕ ਕਰ ਰਹੀ ਹੈ। ਉਨ੍ਹਾਂ ਕਿਹਾ ਕਿ 'ਆਪ' ਪਹਿਲਾਂ ਕਾਂਗਰਸ ਨੂੰ ਭੰਡਦੀ ਆ ਰਹੀ ਸੀ ਪਰ ਹੁਣ ਉਹ ਉਸ ਨਾਲ ਗੱਠਜੋੜ ਕਰਨ ਲਈ ਰਾਜ਼ੀ ਦਿਖਾਈ ਦੇ ਰਹੀ ਹੈ।

# ਜ਼ਿਲ੍ਹਾ ਮੈਜਿਸਟਰੇਟ ਕੋਮਲ ਮਿੱਤਲ ਨੇ ਜ਼ਿਲ੍ਹੇ ਵਿਚ ਵੱਖ-ਵੱਖ ਪਾਬੰਦੀਆਂ ਦੇ ਹੁਕਮ ਕੀਤੇ ਜਾਰੀ



**ਹੁਸ਼ਿਆਰਪੁਰ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਮੈਜਿਸਟਰੇਟ-ਕਮ-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਵੱਲੋਂ ਭਾਰਤੀਯ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਵਿੱਚ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਗਏ ਹਨ। ਇਨ੍ਹਾਂ ਹੁਕਮਾਂ ਵਿਚ ਜ਼ਿਲ੍ਹਾ ਹੁਸ਼ਿਆਰਪੁਰ ਵਿਚ ਕੋਈ ਵੀ ਵਿਅਕਤੀ ਜਨਤਕ ਇਕੱਠਾਂ, ਧਾਰਮਿਕ ਸਥਾਨਾਂ, ਵਿਆਹ ਪਾਰਟੀਆਂ/ਸ਼ਾਦੀਆਂ, ਮੈਰਿਜ ਪੈਲਸਾਂ ਜਾਂ ਹੋਰ ਸਮਾਗਮਾਂ ਵਿਚ ਹਥਿਆਰ ਲੈ ਕੇ ਨਹੀਂ ਚਲੇਗਾ ਅਤੇ ਹਥਿਆਰਾਂ ਦੀ ਜਨਤਕ/ਸੋਸ਼ਲ ਮੀਡੀਆ ਰਾਹੀਂ ਪ੍ਰਦਰਸ਼ਨੀ 'ਤੇ ਪੂਰਨ ਪਾਬੰਦੀ ਹੋਵੇਗੀ ਅਤੇ ਨਾਲ ਹੀ ਹਥਿਆਰ ਜਾਂ ਹਿੰਸਾ ਦੀ ਵਡਿਆਈ ਕਰਨ ਵਾਲੇ ਗੀਤਾਂ ਨੂੰ ਵਜਾਉਣ 'ਤੇ ਵੀ ਪੂਰਨ ਪਾਬੰਦੀ ਹੋਵੇਗੀ। ਹੁਕਮਾਂ ਦੀ ਉਲੰਘਣਾ ਕਰਨ ਵਾਲੇ ਵਿਅਕਤੀ ਦੇ ਖਿਲਾਫ਼ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਸ ਤੋਂ ਇਲਾਵਾ ਮੈਰਿਜ ਪੈਲਸਾਂ ਦੇ ਮਾਲਕ ਇਹ ਯਕੀਨੀ ਬਣਾਉਣ ਕਿ ਕੋਈ ਵੀ ਵਿਅਕਤੀ ਮੈਰਿਜ ਪੈਲਸਾਂ ਵਿਚ ਫੰਕਸ਼ਨ ਸਮੇਂ ਹਥਿਆਰ ਦੀ ਵਰਤੋਂ ਨਹੀਂ ਕਰੇਗਾ।

ਇਸ ਤੋਂ ਇਲਾਵਾ ਜ਼ਿਲ੍ਹਾ ਮੈਜਿਸਟਰੇਟ ਵਲੋਂ ਜਾਰੀ ਕੀਤੇ ਹੁਕਮ ਤਹਿਤ ਜ਼ਿਲ੍ਹਾ ਹੁਸ਼ਿਆਰਪੁਰ ਦੇ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਕੋਈ ਵੀ ਵਿਅਕਤੀ ਜਾਂ ਪੰਚਾਇਤ ਜਾਂ ਨਗਰ ਕੌਂਸਲ ਜਾਂ ਨਗਰ ਪੰਚਾਇਤ ਸਬੰਧਤ ਉਪ-ਮੰਡਲ ਮੈਜਿਸਟਰੇਟ ਦੀ ਲਿਖਤੀ ਪੂਰਵ ਪ੍ਰਵਾਨਗੀ ਤੋਂ ਬਿਨ੍ਹਾਂ ਛੱਪੜ ਨਹੀਂ ਪੂਰੇਗਾ। ਜ਼ਿਲ੍ਹਾ ਮੈਜਿਸਟਰੇਟ ਵਲੋਂ ਜ਼ਿਲੇ ਦੀਆਂ ਹੱਦਾਂ ਅੰਦਰ ਬਿਨ੍ਹਾਂ ਉਪ ਮੰਡਲ ਮੈਜਿਸਟਰੇਟ ਦੀ ਪ੍ਰਵਾਨਗੀ ਦੇ ਕਿਸੇ ਕਿਸਮ ਦਾ ਜਲੂਸ ਕੱਢਣ, ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੇ ਇਕੱਤਰ ਹੋਣ, ਨਾਅਰੇਬਾਜ਼ੀ ਕਰਨ, ਲਾਠੀਆਂ, ਗੈਰ ਲਾਇਸੰਸੀ ਅਸਲਾ, ਤੇਜ਼ਧਾਰ ਟਕੂਏ ਨੂੰ ਚੁੱਕਣ ਆਦਿ 'ਤੇ ਪਾਬੰਦੀ ਲਗਾਈ ਗਈ ਹੈ। ਇਹ ਹੁਕਮ ਸਰਕਾਰੀ ਸਮਾਗਮਾਂ, ਕਾਨਫਰੰਸਾਂ ਅਤੇ ਮੀਟਿੰਗਾਂ ਆਦਿ 'ਤੇ ਲਾਗੂ ਨਹੀਂ ਹੋਵੇਗਾ। ਕਿਸੇ ਵੀ ਸਿਆਸੀ ਪਾਰਟੀ ਵਲੋਂ ਰੈਲੀ/ਜਲਸਾ ਕਰਨ ਲਈ ਸਬੰਧਤ ਐਸ.ਡੀ.ਐਮ ਪਾਸੋਂ ਲਿਖਤੀ ਪ੍ਰਵਾਨਗੀ ਵੀ ਜ਼ਰੂਰੀ ਹੈ। ਇਹ ਹੁਕਮ ਪੰਜਾਬ ਪੁਲਿਸ, ਹੋਮ ਗਾਰਡਜ਼, ਦੂਜੇ ਕਰਮਚਾਰੀਆਂ ਜੋ ਸਰਕਾਰੀ ਡਿਊਟੀ 'ਤੇ ਹੋਣ ਅਤੇ ਵਿਆਹ ਸ਼ਾਦੀਆਂ, ਮਾਤਮੀ ਸ਼ੋਕ ਸਮਾਗਮਾਂ ਜਾਂ ਸਰਕਾਰੀ ਫੰਕਸ਼ਨਾਂ/ਮੀਟਿੰਗਾਂ 'ਤੇ ਲਾਗੂ ਨਹੀਂ ਹੋਵੇਗਾ।

ਇਕ ਹੋਰ ਹੁਕਮ ਜਾਰੀ ਕਰਦਿਆਂ ਜ਼ਿਲ੍ਹਾ ਮੈਜਿਸਟਰੇਟ ਨੇ ਜ਼ਿਲ੍ਹੇ ਦੇ ਸਾਰੇ ਪਿੰਡਾਂ ਵਿਚ ਗਲੀਆਂ/ਰਸਤਿਆਂ ਵਿਚ ਨਾਜਾਇਜ਼ ਬੋਰ ਕਰਨ 'ਤੇ ਵੀ ਪਾਬੰਦੀ ਲਗਾ ਦਿੱਤੀ ਹੈ।ਜ਼ਿਲ੍ਹਾ ਮੈਜਿਸਟਰੇਟ ਕੋਮਲ ਮਿੱਤਲ ਨੇ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਸੀਮਨ ਦਾ ਅਣ-ਅਧਿਕਾਰਤ ਤੌਰ 'ਤੇ ਭੰਡਾਰਨ ਕਰਨ, ਟਰਾਂਸਪੋਰਟੇਸ਼ਨ ਕਰਨ, ਵਰਤਣ ਜਾਂ ਵੇਚਣ 'ਤੇ ਵੀ ਪਾਬੰਦੀ ਲਗਾਈ ਹੈ। ਇਹ ਪਾਬੰਦੀ ਪਸ਼ੂ ਪਾਲਣ ਵਿਭਾਗ, ਪੰਜਾਬ ਦੀਆਂ ਸਮੂਹ ਵੈਟਰਨਰੀ ਸੰਸਥਾਵਾਂ ਸਮੇਤ ਪਸ਼ੂ ਹਸਪਤਾਲ/ਡਿਸਪੈਂਸਰੀਆਂ ਅਤੇ ਪੋਲੀਕਲੀਨਿਕ, ਪਸ਼ੂ ਪਾਲਣ ਵਿਭਾਗ ਪੰਜਾਬ, ਮਿਲਕਫੈਡ ਅਤੇ ਕਾਲਜ ਆਫ਼ ਵੈਟਰਨਰੀ ਸਾਇੰਸ, ਗਡਵਾਸੂ ਲੁਧਿਆਣਾ ਵੱਲੋਂ ਚਲਾਏ ਜਾ ਰਹੇ ਆਰਟੀਫੀਸ਼ਲ ਇਨਸੈਮੀਨੇਸ਼ਨ ਸੈਂਟਰ, ਕੋਈ ਹੋਰ ਆਰਟੀਫੀਸ਼ਲ ਇਨਸੈਮੀਨੇਸ਼ਨ ਸੈਂਟਰ ਜੋ ਕਿ ਪਸ਼ੂ ਪਾਲਣ ਵਿਭਾਗ, ਪੰਜਾਬ ਵੱਲੋਂ ਪ੍ਰੋਸੈਸ ਅਤੇ ਸਪਲਾਈ ਜਾਂ ਇੰਪੋਰਟ ਕੀਤੇ ਗਏ ਬੋਵਾਇਨ ਸੀਮਨ ਨੂੰ ਵਰਤ ਰਹੇ ਹਨ, ਪ੍ਰੋਗਰੈਸਿਵ ਡੇਅਰੀ ਫਾਰਮਜ਼ ਐਸੋਸੀਏਸ਼ਨ, ਪੰਜਾਬ ਦੇ ਮੈਂਬਰ ਜਿਨ੍ਹਾਂ ਨੇ ਕੇਵਲ ਆਪਣੇ ਪਸ਼ੂਆਂ ਦੀ ਵਰਤੋਂ ਲਈ ਬੋਵਾਇਨ ਸੀਮਨ ਇੰਪੋਰਟ ਕੀਤਾ ਹੋਵੇ 'ਤੇ ਲਾਗੂ ਨਹੀਂ ਹੋਵੇਗੀ।

ਜ਼ਿਲ੍ਹਾ ਮੈਜਿਸਟਰੇਟ-ਕਮ-ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਨੇ ਭਾਰਤੀਯ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਤਹਿਤ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੁਕਮ ਜਾਰੀ ਕੀਤੇ ਹਨ ਕਿ ਕੋਈ ਵੀ ਵਿਅਕਤੀ / ਸਮਾਜਿਕ ਜਾਂ ਧਾਰਮਿਕ ਜਥੇਬੰਦੀ ਜਨਤਕ ਇਕੱਠਾਂ, ਧਾਰਮਿਕ ਸਥਾਨਾਂ, ਵਿਆਹ ਪਾਰਟੀਆਂ ਜਾਂ ਹੋਰ ਸਮਾਗਮਾਂ ਵਿਚ ਕਿਸੇ ਵੀ ਭਾਈਚਾਰੇ ਵਿਰੁੱਧ ਨਫ਼ਰਤ ਭਰਿਆ ਭਾਸ਼ਣ ਨਾ ਦੇਵੇ ਜਾਂ ਸੂਗ ਬੋਲੀ ਦੀ ਵਰਤੋਂ ਨਾ ਕਰੇ। ਅਜਿਹਾ ਕਰਨ ਦੀ ਸੂਰਤ ਵਿਚ ਸਬੰਧਤ / ਉਲੰਘਣਾ ਕਰਨ ਵਾਲੇ ਵਿਅਕਤੀ ਖਿਲਾਫ਼ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਉਕਤ ਸਾਰੇ ਹੁਕਮ 8 ਨਵੰਬਰ 2024 ਤੱਕ ਲਾਗੂ ਰਹਿਣਗੇ।

# ਮੰਕੀਪੌਕਸ ਦਾ ਪਹਿਲਾ ਕੇਸ ਸਾਹਮਣੇ ਆਇਆ, ਐਡਵਾਈਜ਼ਰੀ ਜਾਰੀ




**ਨਵੀਂ ਦਿੱਲੀ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਹਿਸਾਰ ਨਾਲ ਸਬੰਧਤ 26 ਸਾਲਾ ਵਿਅਕਤੀ ਮੰਕੀਪੌਕਸ ਵਾਇਰਸ ਲਈ ਪਾਜ਼ੇਟਿਵ ਨਿਕਲ ਆਇਆ ਹੈ।

ਸਬੰਧਤ ਮਰੀਜ਼ ਨੂੰ ਸ਼ਨਿੱਚਰਵਾਰ ਨੂੰ ਦਿੱਲੀ ਦੇ ਐੱਲਐੱਨਜੇਪੀ ਹਸਪਤਾਲ ਵਿਚ ਦਾਖ਼ਲ ਕਰਵਾਇਆ ਗਿਆ ਹੈ ਤੇ ਉਸ ਦੀ ਹਾਲਤ ਸਥਿਰ ਹੈ।

ਇਹ ਵਿਅਕਤੀ ਹਾਲ ਹੀ ਵਿਚ ਐਮਪੌਕਸ ਟਰਾਂਸਮਿਸ਼ਨ ਨਾਲ ਜੂਝ ਰਹੇ ਮੁਲਕ ਦੀ ਯਾਤਰਾ ਕਰਕੇ ਪਰਤਿਆ ਹੈ। ਮੰਤਰਾਲੇ ਨੇ ਕਿਹਾ ਕਿ ਇਹ 'ਇਕਲੌਤਾ ਕੇਸ' ਹੈ ਤੇ ਲੋਕਾਂ ਨੂੰ ਫ਼ਿਲਹਾਲ ਫੌਰੀ ਕਿਸੇ ਤਰ੍ਹਾਂ ਜੋਖ਼ਮ ਨਹੀਂ ਹੈ।

ਇਸ ਦੌਰਾਨ ਕੇਂਦਰ ਸਰਕਾਰ ਨੇ ਰਾਜਾਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਮੰਕੀਪੌਕਸ ਨਾਲ ਸਬੰਧਤ ਸਾਰੇ ਸ਼ੱਕੀ ਕੇਸਾਂ ਦੀ ਸਕਰੀਨਿੰਗ ਤੇ ਟੈਸਟ ਲਈ ਐਡਵਾਈਜ਼ਰੀ ਜਾਰੀ ਕਰਦਿਆਂ ਇਸ ਵਾਇਰਸ ਤੋਂ ਗ੍ਰਸਤ ਸ਼ੱਕੀ ਤੇ ਪੁਸ਼ਟੀਕ੍ਰਿਤ ਮਰੀਜ਼ਾਂ ਨੂੰ ਰੱਖਣ ਲਈ ਹਸਪਤਾਲਾਂ ਵਿਚ ਵੱਖਰੇ ਵਾਰਡਾਂ ਦੀ ਪਛਾਣ ਕਰਨ ਲਈ ਕਿਹਾ ਹੈ।

ਰਾਜਾਂ ਤੇ ਯੂਟੀਜ਼ ਨੂੰ ਜਾਰੀ ਪੱਤਰ ਵਿਚ ਕੇਂਦਰੀ ਸਿਹਤ ਸਕੱਤਰ ਅਪੂਰਵਾ ਚੰਦਰਾ ਨੇ ਕਿਹਾ ਕਿ ਇਸ ਗੱਲ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ ਕਿ ਵਾਇਰਸ ਕਰਕੇ ਲੋਕ ਦਹਿਸ਼ਤਜ਼ਦਾ ਨਾ ਹੋਣ ਤੇ ਭਾਜੜ ਨਾ ਪਏ।

## ਕਰਨਾਟਕ ’ਚ ਮਾਂਡਿਆ ਵਿੱਚ ਸ਼ੋਭਾ ਯਾਤਰਾ ਦੌਰਾਨ ਹਿੰਸਾ ਮਗਰੋਂ ਤਣਾਅ, 46 ਵਿਅਕਤੀ ਗ੍ਰਿਫ਼ਤਾਰ

### ਪਥਰਾਅ ਵਿੱਚ ਦੋ ਪੁਲੀਸ ਮੁਲਾਜ਼ਮਾਂ ਸਣੇ ਕੁਝ ਲੋਕ ਮਾਮੂਲੀ ਜ਼ਖ਼ਮੀ; ਸ਼ਰਾਰਤੀ ਅਨਸਰਾਂ ਨੇ ਦੁਕਾਨਾਂ ਦੀ ਭੰਨਤੋੜ ਕੀਤੀ ਤੇ ਵਾਹਨਾਂ ਨੂੰ ਅੱਗ ਲਗਾਈ



ਮਾਂਡਿਆ, 13 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਕਰਨਾਟਕ ਦੇ ਮਾਂਡਿਆ ਵਿੱਚ ਭਗਵਾਨ ਗਣੇਸ਼ ਦੀ ਮੂਰਤੀ ਦੀ ਸ਼ੋਭਾ ਯਾਤਰਾ ਦੌਰਾਨ ਭੜਕੀ ਹਿੰਸਾ ਤੋਂ ਬਾਅਦ ਪੁਲੀਸ ਨੇ 46 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਅਧਿਕਾਰੀਆਂ ਨੇ ਇਹ ਜਾਣਕਾਰੀ ਅੱਜ ਦਿੱਤੀ। ਬੁੱਧਵਾਰ ਦੇਰ ਰਾਤ ਇੱਥੇ ਨਾਗਮੰਗਲਾ ਕਸਬੇ ਵਿੱਚ ਤਣਾਅ ਫੈਲ ਗਿਆ, ਜਿੱਥੇ ਦੋ ਪੁਲੀਸ ਮੁਲਾਜ਼ਮਾਂ ਸਣੇ ਕੁਝ ਲੋਕ ਪਥਰਾਅ ਵਿੱਚ ਮਾਮੂਲੀ ਜ਼ਖ਼ਮੀ ਹੋ ਗਏ। ਹਾਲਾਂਕਿ, ਸਥਿਤੀ ’ਤੇ ਕਾਬੂ ਪਾ ਲਿਆ ਗਿਆ ਹੈ ਅਤੇ ਵਾਧੂ ਸੁਰੱਖਿਆ ਬਲ ਤਾਇਨਾਤ ਕਰ ਦਿੱਤੇ ਗਏ ਹਨ। 14 ਸਤੰਬਰ ਤੱਕ ਇਲਾਕੇ ਵਿੱਚ ਚਾਰ ਤੋਂ ਵੱਧ ਲੋਕਾਂ ਦੇ ਇਕੱਤਰ ਹੋਣ ’ਤੇ ਪਾਬੰਦੀ ਲਗਾਉਣ ਲਈ ਹੁਕਮ ਜਾਰੀ ਕੀਤੇ ਗਏ ਹਨ। ਪੁਲੀਸ ਨੇ ਦੱਸਿਆ ਕਿ ਬੁੱਧਵਾਰ ਨੂੰ ਜਦੋਂ ਬਦਰੀਕੋਪੁਲ ਪਿੰਡ ਤੋਂ ਸ਼ਰਧਾਲੂ ਸ਼ੋਭਾ ਯਾਤਰਾ ਕੱਢ ਰਹੇ ਸਨ ਤਾਂ ਉਦੋਂ ਦੋ ਸਮੂਹਾਂ ਵਿਚਾਲੇ ਬਹਿਸ ਹੋ ਗਈ ਅਤੇ ਕੁਝ ਸ਼ਰਾਰਤੀ ਅਨਸਰਾਂ ਨੇ ਪਥਰਾਅ ਕੀਤਾ ਜਿਸ ਮਗਰੋਂ ਸਥਿਤੀ ਵਿਗੜ ਗਈ। ਉਨ੍ਹਾਂ ਦੱਸਿਆ ਕਿ ਦੋਵੇਂ ਸਮੂਹਾਂ ਵਿਚਾਲੇ ਝੜਪ ਤੋਂ ਬਾਅਦ ਕੁਝ ਦੁਕਾਨਾਂ ’ਚ ਭੰਨਤੋੜ ਕੀਤੀ ਗਈ ਅਤੇ ਵਾਹਨਾਂ ’ਚ ਅੱਗ ਲਗਾ ਦਿੱਤੀ ਗਈ। ਪੁਲੀਸ ਨੇ ਭੀੜ ਨੂੰ ਖਿੰਡਾਉਣ ਅਤੇ ਸਥਿਤੀ ਸੰਭਾਲਣ ਲਈ ਹਲਕਾ ਲਾਠੀਚਾਰਜ ਕੀਤੀ। ਸ਼ੋਭਾ ਯਾਤਰਾ ਕੱਢਣ ਵਾਲੇ ਨੌਜਵਾਨਾਂ ਦੇ ਸਮੂਹ ਨੇ ਥਾਣੇ ਨੇੜੇ ਪ੍ਰਦਰਸ਼ਨ ਕੀਤਾ ਅਤੇ ਹਿੰਸਾ ਲਈ ਜ਼ਿੰਮੇਵਾਰ ਲੋਕਾਂ ਦੀ ਤੁਰੰਤ ਗ੍ਰਿਫ਼ਤਾਰੀ ਦੀ ਮੰਗ ਕੀਤੀ।

## ਪ੍ਰਧਾਨ ਮੰਤਰੀ ਦੇ ਚੀਫ਼ ਜਸਟਿਸ ਦੇ ਘਰ ਗਣਪਤੀ ਪੂਜਾ ਸਮਾਰੋਹ ’ਚ ਸ਼ਾਮਲ ਹੋਣ ’ਤੇ ਵਿਵਾਦ

### ਭਾਜਪਾ ਨੇ ਸੇਧਿਆ ਵਿਰੋਧੀ ਧਿਰ ’ਤੇ ਨਿਸ਼ਾਨਾ



ਨਵੀਂ ਦਿੱਲੀ, 13 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਚੀਫ਼ ਜਸਟਿਸ ਡੀਵਾਈ ਚੰਦਰਚੂੜ ਦੇ ਘਰ ਗਣਪਤੀ ਪੂਜਾ ਸਮਾਰੋਹ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸ਼ਾਮਲ ਹੋਣ ਨੂੰ ਲੈ ਕੇ ਪੈਦਾ ਹੋਏ ਵਿਵਾਦ ਵਿਚਾਲੇ ਭਾਰਤੀ ਜਨਤਾ ਪਾਰਟੀ ਅਤੇ ਉਸ ਦੀਆਂ ਸਹਿਯੋਗੀ ਪਾਰਟੀਆਂ ਨੇ ਵਿਰੋਧੀ ਪਾਰਟੀਆਂ ’ਤੇ ਨਿਸ਼ਾਨਾ ਸੇਧਦਿਆਂ ਉਨ੍ਹਾਂ ਦੀਆਂ ਪ੍ਰਤੀਕਿਰਿਆਵਾਂ ਨੂੰ ਲਾਪ੍ਰਵਾਹੀ ਨਾਲ ਭਰਪੂਰ ਦੱਸਿਆ ਅਤੇ ਕਿਹਾ ਕਿ ਸਿਖ਼ਰਲੀ ਅਦਾਲਤ ’ਤੇ ਨਿਰਆਧਾਰ ਅਨੁਮਾਨ ਲਾਉਣਾ ਇਕ ਖ਼ਤਰਨਾਕ ਮਿਸਾਲ ਪੇਸ਼ ਕਰਦਾ ਹੈ। ਮੋਦੀ ਬੁੱਧਵਾਰ ਨੂੰ ਇੱਥੇ ਚੀਫ਼ ਜਸਟਿਸ ਦੇ ਘਰ ਵਿੱਚ ਹੋਈ ਗਣਪਤੀ ਪੂਜਾ ’ਚ ਸ਼ਾਮਲ ਹੋਏ ਸਨ। ਇਸ ਸਮਾਰੋਹ ਨਾਲ ਸਬੰਧਤ ਇਕ ਵੀਡੀਓ ਵਿੱਚ ਚੀਫ਼ ਜਸਟਿਸ ਚੰਦਰਚੂੜ ਤੇ ਉਨ੍ਹਾਂ ਦੀ ਪਤਨੀ ਆਪਣੇ ਘਰ ਮੋਦੀ ਦਾ ਸਵਾਗਤ ਕਰਦੇ ਹੋਏ ਦਿਖਾਈ ਦੇ ਰਹੇ ਹਨ। ਚੀਫ਼ ਜਸਟਿਸ ਦੇ ਘਰ ਗਣਪਤੀ ਪੂਜਾ ਸਮਾਰੋਹ ਵਿੱਚ ਪ੍ਰਧਾਨ ਮੰਤਰੀ ਦੇ ਸ਼ਾਮਲ ਹੋਣ ’ਤੇ ਵਿਰੋਧੀ ਧਿਰ ਦੇ ਕਈ ਆਗੂਆਂ ਅਤੇ ਸੁਪਰੀਮ ਕੋਰਟ ਦੇ ਕੁਝ ਵਕੀਲਾਂ ਨੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ।

ਉੱਧਰ, ਅੱਜ ਭਾਜਪਾ ਦੇ ਤਰਜਮਾਨ ਸੰਬਿਤ ਪਾਤਰਾ ਨੇ ਇੱਥੇ ਪਾਰਟੀ ਹੈੱਡਕੁਆਰਟਰ ਵਿੱਚ ਇਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਹੈਰਾਨੀ ਜ਼ਾਹਿਰ ਕੀਤੀ ਕਿ ਚੀਫ਼ ਜਸਟਿਸ ਦੀ ਰਿਹਾਇਸ਼ ਵਿਖੇ ਇਕ ਧਾਰਮਿਕ ਸਮਾਰੋਹ ਵਿੱਚ ਪ੍ਰਧਾਨ ਮੰਤਰੀ ਦੇ ਸ਼ਾਮਲ ਹੋਣ ’ਤੇ ਵੀ ਕੁਝ ਲੋਕ ਸਿਆਸਤ ਕਰਨ ਦੀ ਕੋਸ਼ਿਸ਼ ਕਰ ਰਹੇ ਹਨ।

ਉਨ੍ਹਾਂ ਸਵਾਲ ਕੀਤਾ ਕਿ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਇਫ਼ਤਾਰ ਪਾਰਟੀ ਕਰਦੇ ਸਨ ਤਾਂ ਕੀ ਉਸ ਵਿੱਚ ਚੀਫ਼ ਜਸਟਿਸ ਨਹੀਂ ਆਉਂਦੇ ਸਨ ? ਉਨ੍ਹਾਂ ਕਿਹਾ, “ਜਦੋਂ ਇਫ਼ਤਾਰ ਪਾਰਟੀ ਵਿੱਚ ਚੀਫ਼ ਜਸਟਿਸ ਅਤੇ ਪ੍ਰਧਾਨ ਮੰਤਰੀ ਬੈਠ ਸਕਦੇ ਹਨ, ਗੱਲਬਾਤ ਕਰ ਸਕਦੇ ਹਨ, ਇਕ ਮੇਜ਼ ’ਤੇ ਬੈਠ ਕੇ ਜਦੋਂ ਦੋਹਾਂ ਦੀ ਗੱਲ ਹੋ ਸਕਦੀ ਹੈ ਉਹ ਵੀ ਇਕ ਤਿਓਹਾਰ ਹੈ, ਇਹ ਵੀ ਇਕ ਤਿਓਹਾਰ ਹੈ। ਦੋਹਾਂ ਤਿਓਹਾਰਾਂ ਵਿਚਾਲੇ ਇਹ ਫ਼ਰਕ ਕਿਉਂ ?” ਉਨ੍ਹਾਂ ਕਿਹਾ, “ਕੁਝ ਮੂਰਖ, ਵਿਕੇ ਹੋਏ, ਕਥਿਤ ਤੌਰ ’ਤੇ ਧਰਮ ਨਿਰਪੱਖ ਹਨ ਜੋ ਇਸ ਤਰ੍ਹਾਂ ਦੀਆਂ ਸ਼ਿਸ਼ਟਾਚਾਰੀ ਮੁਲਾਕਾਤਾਂ ’ਤੇ ਇਤਰਾਜ਼ ਕਰਦੇ ਹਨ ਪਰ ਇਹ ਮਹਾਨ ਲੋਕਤੰਤਰ ਐਨਾ ਪਰਪੱਕ ਹੈ ਜੋ ਇਸ ਤਰ੍ਹਾਂ ਦੀਆਂ ਬਚਕਾਨੀ ਗੱਲਾਂ ਨੂੰ ਅਸਵੀਕਾਰ ਕਰਦਾ ਹੈ।

ਇਸ ਤੋਂ ਪਹਿਲਾਂ, ਸ਼ਿਵ ਸੈਨਾ (ਯੂਬੀਟੀ) ਆਗੂ ਸੰਜੇ ਰਾਊਤ ਨੇ ਕਿਹਾ ਕਿ ਜਦੋਂ ਸੰਵਿਧਾਨ ਦੇ ਰੱਖਿਅਕ ਆਗੂਆਂ ਨਾਲ ਮਿਲਦੇ ਹਨ ਤਾਂ ਲੋਕਾਂ ਦੇ ਮਨ ਵਿੱਚ ਸ਼ੱਕ ਪੈਦਾ ਹੁੰਦਾ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਮੰਗ ਕੀਤੀ ਸੀ ਕਿ ਚੀਫ਼ ਜਸਟਿਸ ਨੂੰ ਸ਼ਿਵ ਸੈਨਾ ਅਤੇ ਰਾਸ਼ਟਰਵਾਦੀ ਕਾਂਗਰਸ ਪਾਰਟੀ ਵਿਧਾਇਕਾਂ ਨਾਲ ਸੰਬਧਤ ਅਯੋਗਤਾ ਪਟੀਸ਼ਨਾਂ ਦੀ ਸੁਣਵਾਈ ਤੋਂ ਖ਼ੁਦ ਨੂੰ ਵੱਖ ਕਰਨ ਲੈਣਾ ਚਾਹੀਦਾ ਹੈ।

## ਆਰਜੀ ਕਰ ਹਸਪਤਾਲ ਵਿੱਤੀ ਬੇਨਿਯਮੀਆਂ ਦਾ ਮਾਮਲਾ: ਈਡੀ ਵੱਲੋਂ ਕੋਲਕਾਤਾ ਵਿੱਚ ਵੱਖ-ਵੱਖ ਥਾਵਾਂ ’ਤੇ ਛਾਪੇ



ਕੋਲਕਾਤਾ, 13 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਐਨਫੋਰਸਮੈਂਟ ਡਾਇਰੈਕਟੋਰੇਟ ਦੇ ਅਧਿਕਾਰੀਆਂ ਨੇ ਕੋਲਕਾਤਾ ਦੇ ਆਰਜੀ ਕਰ ਹਸਪਤਾਲ ਵਿੱਚ ਕਥਿਤ ਵਿੱਤੀ ਬੇਨਿਯਮੀਆਂ ਦੇ ਸਬੰਧ ਵਿੱਚ ਗ੍ਰਿਫ਼ਤਾਰ ਕੀਤੇ ਗਏ ਸਾਬਕਾ ਪ੍ਰਿੰਸੀਪਲ ਸੰਦੀਪ ਘੋਸ਼ ਦੇ ਨੇੜਲੇ ਲੋਕਾਂ ਦੀਆਂ ਰਿਹਾਇਸ਼ਾਂ ਅਤੇ ਦਫ਼ਤਰਾਂ ’ਤੇ ਅੱਜ ਛਾਪੇ ਮਾਰੇ। ਇਕ ਅਧਿਕਾਰੀ ਨੇ ਇਹ ਜਾਣਕਾਰੀ ਦਿੱਤੀ। ਇਕ ਅਧਿਕਾਰੀ ਨੇ ਦੱਸਿਆ ਕਿ ਈਡੀ ਦੇ ਅਧਿਕਾਰੀਆਂ ਨੇ ਕੋਲਕਾਤਾ ਦੇ ਤਾਲਾ ਇਲਾਕੇ ਵਿੱਚ ਚੰਦਨ ਲੋਹਯਾ ਦੇ ਫਲੈਟ ਅਤੇ ਕਾਲਿੰਦੀ ਸਥਿਤ ਦਫਤਰ ਵਿੱਚ ਛਾਪੇ ਮਾਰੇ। ਈਡੀ ਦੀ ਇਕ ਹੋਰ ਟੀਮ ਨੇ ਉੱਤਰ 24 ਪਰਗਨਾ ਜ਼ਿਲ੍ਹੇ ਦੇ ਚਿਨਾਰ ਪਾਰਕ ਸਥਿਤ ਘੋਸ਼ ਦੇ ਜੱਦੀ ਘਰ ’ਤੇ ਵੀ ਛਾਪਾ ਮਾਰਿਆ। ਉਨ੍ਹਾਂ ਦੱਸਿਆ, “ਸਾਡੇ ਅਧਿਕਾਰੀ ਲੋਹਯਾ ਅਤੇ ਉਸ ਦੀ ਪਤਨੀ ਕੋਲੋਂ ਪੁੱਛ ਪੜਤਾਲ ਕਰ ਰਹੇ ਹਨ। ਘੋਸ਼ ਨੇ ਟੈਂਡਰ ਦੇਣ ਵਿੱਚ ਉਸ ਦੀ ਮਦਦ ਕੀਤੀ ਸੀ।” ਉਨ੍ਹਾਂ ਕਿਹਾ, “ਈਡੀ ਦੀ ਇਕ ਹੋਰ ਟੀਮ ਆਰਜੀ ਕਰ ਹਸਪਤਾਲ ਨੂੰ ਉਪਕਰਨ ਸਪਲਾਈ ਕਰਨ ਵਾਲੀ ਸੰਸਥਾ ਦੇ ਦਫ਼ਤਰ ਵਿੱਚ ਵੀ ਦਸਤਾਵੇਜ਼ਾਂ ਦੀ ਜਾਂਚ ਕਰ ਰਹੀ ਹੈ। ਸਰਕਾਰੀ ਹਸਪਤਾਲ ਅਤੇ ਸੰਸਥਾ ਵਿਚਾਲੇ ਕੁਝ ਸ਼ੱਕੀ ਲੈਣ-ਦੇਣ ਹੈ।” ਈਡੀ ਦੇ ਨਾਲ ਸੀਬੀਆਈ ਵੀ ਸਰਕਾਰ ਹਸਪਤਾਲ ਵਿੱਚ ਕਥਿਤ ਬੇਨਿਯਮੀਆਂ ਦੀ ਜਾਂਚ ਕਰ ਰਹੀ ਹੈ। ਸੀਬੀਆਈ ਨੇ ਇਸ ਮਾਮਲੇ ਵਿੱਚ ਘੋਸ਼ ਅਤੇ ਉਸ ਦੇ ਤਿੰਨ ਸਾਥੀਆਂ ਨੂੰ ਗ੍ਰਿਫ਼ਤਾਰ ਕੀਤਾ ਸੀ।

## ਦਿੱਲੀ ਦੰਗੇ: ਹਾਈ ਕੋਰਟ ਨੇ 23 ਸਤੰਬਰ ਤੱਕ ਦੋਸ਼ਾਂ ’ਤੇ ਅੰਤਿਮ ਹੁਕਮ ਪਾਸ ਕਰਨ ਤੋਂ ਰੋਕ ਲਾਈ

ਨਵੀਂ ਦਿੱਲੀ, 13 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਉੱਤਰ-ਪੂਰਬੀ ਦਿੱਲੀ ਵਿੱਚ 2020 ਦੇ ਦੰਗਿਆਂ ਦੇ ਪਿੱਛੇ ਇੱਕ ਕਥਿਤ ਵੱਡੀ ਸਾਜ਼ਿਸ਼ ਦੇ ਮਾਮਲੇ ਵਿੱਚ ਦਿੱਲੀ ਹਾਈ ਕੋਰਟ ਨੇ ਹੇਠਲੀ ਅਦਾਲਤ ਨੂੰ 23 ਸਤੰਬਰ ਤੱਕ ਦੋਸ਼ ਤੈਅ ਕਰਨ ਦਾ ਅੰਤਿਮ ਆਦੇਸ਼ ਪਾਸ ਨਾ ਕਰਨ ਦਾ ਨਿਰਦੇਸ਼ ਦਿੱਤਾ ਹੈ। ਹਾਈਕੋਰਟ ਨੇ ਦੰਗਿਆਂ ਦੀ ਦੋਸ਼ੀ ਦੇਵਾਂਗਨਾ ਕਲਿਤਾ ਦੀ ਪਟੀਸ਼ਨ ’ਤੇ ਸੁਣਵਾਈ ਕਰਦੇ ਹੋਏ ਇਹ ਹੁਕਮ ਦਿੱਤਾ ਹੈ, ਜਿਸ ਵਿਚ ਪੁਲੀਸ ਨੂੰ ਕਲਿਤ ਨਾਲ ਜੁੜੇ ਦੋ ਮਾਮਲਿਆਂ ਵਿਚ ਕੁੱਝ ਵੀਡੀਓ ਅਤੇ ਵ੍ਹਾਟਸਐਪ ਚੈਟ ਉਪਲਬਧ ਕਰਵਾਉਣ ਬਾਰੇ ਹੁਕਮ ਕਰਨ ਦੀ ਬੇਨਤੀ ਕੀਤੀ ਸੀ। ਜਸਟਿਸ ਨੀਨਾ ਬਾਂਸਲ ਕਰਿਸ਼ਨਾ ਨੇ ਕਿਹਾ ਕਿ ਪੇਸ਼ ਕੀਤੇ ਗਏ ਦਸਤਾਵੇਜ਼ਾਂ ’ਤੇ ਵਿਚਾਰ ਕਰਦੇ ਹੋਏ ਮਾਮਲੇ ਨੂੰ ਬਹਿਸ ਲਈ 23 ਸਤੰਬਰ ਤੱਕ ਸੂਚੀਬੱਧ ਕੀਤਾ ਜਾਂਦਾ ਹੈ, ਉਦੋਂ ਤੱਕ ਹੇਠਲੀ ਅਦਾਲਤ ਦੋਸ਼ਾ ’ਤੇ ਬਹਿਸ ਜਾਰੀ ਰੱਖ ਸਕਦੀ ਹੈ ਪਰ ਕੋਈ ਅੰਤਿਮ ਹੁਕਮ ਨਹੀਂ ਦਿੱਤਾ ਜਾਵੇਗਾ।

## ਸੀਪੀਐੱਮ ਆਗੂ ਸੀਤਾਰਾਮ ਯੇਚੁਰੀ ਦਾ ਦੇਹਾਂਤ

ਨਵੀਂ ਦਿੱਲੀ, 13 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਦੇ ਸੀਨੀਅਰ ਆਗੂ ਸੀਤਾਰਾਮ ਯੇਚੁਰੀ ਦਾ ਅੱਜ ਦੇਹਾਂਤ ਹੋ ਗਿਆ। ਉਹ 72 ਸਾਲਾਂ ਦੇ ਸਨ ਤੇ ਪਿਛਲੇ ਲੰਬੇ ਸਮੇਂ ਤੋਂ ਸਾਹ ਦੀ ਨਲੀ ਦੀ ਲਾਗ ਕਾਰਨ ਇੱਥੋਂ ਦੇ ਏਮਜ਼ ਹਸਪਤਾਲ ਵਿੱਚ ਦਾਖ਼ਲ ਸਨ। ਉਨ੍ਹਾਂ ਦੀ ਹਾਲਤ ਪਿਛਲੇ ਕੁਝ ਦਿਨਾਂ ਤੋਂ ਗੰਭੀਰ ਚੱਲ ਰਹੀ ਅਤੇ ਉਨ੍ਹਾਂ ਨੂੰ ਮਸ਼ੀਨਾਂ ਰਾਹੀਂ ਸਾਹ ਦਿਵਾਇਆ ਜਾ ਰਿਹਾ ਸੀ। ਸੂਤਰਾਂ ਮੁਤਾਬਕ ਯੇਚੁਰੀ ਦਾ ਦੇਹਾਂਤ ਬਾਅਦ ਦੁਪਹਿਰ 3.05 ਵਜੇ ਹੋਇਆ। ਯੇਚੁਰੀ ਨੂੰ ਛਾਤੀ ਵਿੱਚ ਨਿਮੋਨੀਆ ਵਰਗੀ ਲਾਗ ਦੇ ਇਲਾਜ ਲਈ 19 ਅਗਸਤ ਨੂੰ ਏਮਜ਼ ਵਿੱਚ ਦਾਖ਼ਲ ਕਰਵਾਇਆ ਗਿਆ ਸੀ।

## ਹਾਕੀ : ਏਸ਼ਿਆਈ ਚੈਂਪੀਅਨਜ਼ ਟਰਾਫੀ ਵਿੱਚ ਭਾਰਤ ਦੀ ਲਗਾਤਾਰ ਚੌਥੀ ਜਿੱਤ

### ਕੋਰੀਆ ਨੂੰ 3-1 ਨਾਲ ਹਰਾਇਆ; ਅਗਲੇ ਮੈਚ ਵਿੱਚ ਪਾਕਿਸਤਾਨ ਨਾਲ ਹੋਵੇਗੀ ਟੱਕਰ



ਹੁਲੁਨਬੂਈਰ (ਚੀਨ), 13 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤ ਨੇ ਅੱਜ ਇੱਥੇ ਹੀਰੋ ਚੈਂਪੀਅਨਜ਼ ਟਰਾਫੀ ਹਾਕੀ ਟੂਰਨਾਮੈਂਟ ਵਿੱਚ ਕੋਰੀਆ ਨੂੰ 3-1 ਨਾਲ ਹਰਾ ਕੇ ਲਗਾਤਾਰ ਚੌਥੀ ਜਿੱਤ ਦਰਜ ਕੀਤੀ ਹੈ।

ਪੈਰਿਸ ਓਲੰਪਿਕ ਦੀ ਕਾਂਸੀ ਤਗ਼ਮਾ ਜੇਤੂ ਟੀਮ ਭਾਰਤ ਨੇ ਪਿਛਲੇ ਤਿੰਨ ਮੈਚਾਂ ਵਿੱਚ ਚੀਨ ਨੂੰ 3-0, ਜਪਾਨ ਨੂੰ 5-0 ਅਤੇ ਪਿਛਲੇ ਸਾਲ ਦੇ ਰਨਰਅੱਪ ਮਲੇਸ਼ੀਆ ਨੂੰ 8-1 ਨਾਲ ਹਰਾਇਆ ਹੈ।

ਅੱਜ ਦੇ ਮੈਚ ਵਿੱਚ ਅਰਾਈਜੀਤ ਸਿੰਘ ਹੁੰਦਲ (8ਵੇਂ ਮਿੰਟ) ਅਤੇ ਸਕਿੱਪਰ ਹਰਮਨਪ੍ਰੀਤ ਸਿੰਘ (9ਵੇਂ ਤੇ 43ਵੇਂ ਮਿੰਟ) ਦੇ ਗੋਲਾਂ ਦੀ ਬਦੌਲਤ ਭਾਰਤ ਨੇ ਕੋਰੀਆ ਖ਼ਿਲਾਫ਼ ਜਿੱਤ ਦਰਜ ਕੀਤੀ। ਕੋਰੀਆ ਵੱਲੋਂ ਇੱਕੋ-ਇੱਕ ਗੋਲ ਜਿਹੂਨ ਯਾਂਗ ਨੇ 30ਵੇਂ ਮਿੰਟ ਵਿੱਚ ਪੈਨਲਟੀ ਕਾਰਨਰ ਰਾਹੀਂ ਕੀਤਾ। ਪਹਿਲਾਂ ਹੀ ਸੈਮੀ ਫਾਈਨਲ ਵਿੱਚ ਆਪਣੀ ਜਗ੍ਹਾ ਪੱਕੀ ਕਰ ਚੁੱਕੀ ਭਾਰਤ ਦੀ ਟੀਮ ਆਪਣੇ ਆਖ਼ਰੀ ਲੀਗ ਮੈਚ ਵਿੱਚ ਸ਼ਨਿਚਰਵਾਰ ਨੂੰ ਆਪਣੇ ਰਵਾਇਤੀ ਵਿਰੋਧੀ ਪਾਕਿਸਤਾਨ ਨਾਲ ਖੇਡੇਗੀ। ਛੇ ਟੀਮਾਂ ਦੇ ਇਸ ਟੂਰਨਾਮੈਂਟ ਵਿੱਚ ਲੀਗ ਪੜਾਅ ਦੀਆਂ ਸਿਖ਼ਰਲੀਆਂ ਚਾਰ ਟੀਮਾਂ ਸ਼ਨਿਚਰਵਾਰ ਨੂੰ ਹੋਣ ਵਾਲੇ ਸੈਮੀ ਫਾਈਨਲ ਮੁਕਾਬਲੇ ਲਈ ਕੁਆਲੀਫਾਈ ਕਰਨਗੀਆਂ। ਫਾਈਨਲ ਮੁਕਾਬਲਾ ਐਤਵਾਰ ਨੂੰ ਹੋਵੇਗਾ

## ਪ੍ਰਧਾਨ ਮੰਤਰੀ ਮੋਦੀ ਵੱਲੋਂ ਪੈਰਾਲੰਪਿਕ ਖਿਡਾਰੀਆਂ ਨਾਲ ਮੁਲਾਕਾਤ



ਨਵੀਂ ਦਿੱਲੀ, 13 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਰਵਾਰ ਨੂੰ ਕੌਮੀ ਰਾਜਧਾਨੀ ਵਿੱਚ ਉਨ੍ਹਾਂ ਦੀ ਰਿਹਾਇਸ਼ ’ਤੇ ਪੈਰਿਸ ਪੈਰਾਲੰਪਿਕ ਦੇ ਭਾਰਤੀ ਦਲ ਦੇ ਖਿਡਾਰੀਆਂ ਨਾਲ ਮੁਲਾਕਾਤ ਕੀਤੀ। ਮੀਟਿੰਗ ਦੌਰਾਨ ਕੇਂਦਰੀ ਖੇਡ ਮੰਤਰੀ ਮਨਸੁਖ ਮਾਂਡਵੀਆ, ਯੁਵਾ ਮਾਮਲੇ ਅਤੇ ਖੇਡ ਰਾਜ ਮੰਤਰੀ ਰਕਸ਼ਾ ਨਿਖਿਲ ਖੜਸੇ ਅਤੇ ਪੈਰਾਲੰਪਿਕ ਕਮੇਟੀ ਆਫ਼ ਇੰਡੀਆ (ਪੀਸੀਆਈ) ਦੇ ਪ੍ਰਧਾਨ ਦੇਵੇਂਦਰ ਝਾਝਰੀਆ ਵੀ ਮੌਜੂਦ ਸਨ।

ਇਸ ਮੌਕੇ ਪੈਰਾਲੰਪਿਕ ਸੋਨ ਤਗ਼ਮਾ ਜੇਤੂ ਅਵਨੀ ਲੇਖਰਾ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਇੱਕ ਦਸਤਖ਼ਤ ਕੀਤੀ ਭਾਰਤੀ ਜਰਸੀ ਤੋਹਫ਼ੇ ਵਿੱਚ ਦਿੱਤੀ। ਜ਼ਿਕਰਯੋਗ ਹੈ ਕਿ ਪੈਰਿਸ ਵਿੱਚ ਆਪਣੀ ਪੈਰਾਲੰਪਿਕ ਖੇਡਾਂ ਦੌਰਾਨ 7 ਸੋਨ, 9 ਚਾਂਦੀ ਅਤੇ 13 ਕਾਂਸੀ ਸਮੇਤ ਰਿਕਾਰਡ 29 ਤਗ਼ਮੇ ਜਿੱਤੇ ਹਨ, ਜੋ ਕਿ ਭਾਰਤੇ ਦੇ ਹੁਣ ਤੱਕ ਦੇ ਇਤਿਹਾਸ ਵਿੱਚ ਸਭ ਤੋਂ ਵੱਧ ਤਗ਼ਮੇ ਹਨ।

## ਪੋਸ਼ਣ ਟਰੈਕਰ ਵਿੱਚ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀ 98 ਫ਼ੀਸਦ ਆਧਾਰ ਪ੍ਰਮਾਣਿਕਤਾ ਕੀਤੀ ਹਾਸਲ: ਡਾ. ਬਲਜੀਤ ਕੌਰ



ਚੰਡੀਗੜ੍ਹ, 13 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀ ਆਧਾਰ ਤਸਦੀਕ ਸਬੰਧੀ ਨਵਾਂ ਮੀਲ ਪੱਥਰ ਸਥਾਪਤ ਕਰਨ ਬਾਰੇ ਐਲਾਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਸਾਡੇ 98 ਫ਼ੀਸਦ ਸਮਰਪਿਤ ਕਰਮਚਾਰੀ ਹੁਣ ਆਧਾਰ ਪ੍ਰਮਾਣਿਤ ਹਨ ਜਿਸ ਨਾਲ ਇਹਨਾਂ ਕਰਮਚਾਰੀਆਂ ਲਈ ਵਿਆਪਕ ਸਿਹਤ ਸੰਭਾਲ ਕਵਰੇਜ ਨੂੰ ਯਕੀਨੀ ਬਣਾਉਣ ਲਈ ਆਯੁਸ਼ਮਾਨ ਭਾਰਤ ਸਿਹਤ ਕਾਰਡ ਜਾਰੀ ਕਰਨ ਦਾ ਰਸਤਾ ਪੱਧਰਾ ਹੋ ਗਿਆ ਹੈ।

ਕੈਬਨਿਟ ਮੰਤਰੀ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਮੀਲ ਪੱਥਰ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਜੋ ਸੂਬੇ ਭਰ ਵਿੱਚ ਔਰਤਾਂ ਅਤੇ ਬੱਚਿਆਂ ਦੇ ਵਿਕਾਸ ਅਤੇ ਤੰਦਰੁਸਤੀ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ, ਦੀ ਭਲਾਈ ਲਈ ਪੰਜਾਬ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦਾ ਹੈ। ਆਯੁਸ਼ਮਾਨ ਭਾਰਤ ਯੋਜਨਾ ਰਾਹੀਂ ਮਿਆਰੀ ਸਿਹਤ ਸੰਭਾਲ ਸਹੂਲਤ ਪ੍ਰਦਾਨ ਕਰਕੇ ਇਹ ਪਹਿਲਕਦਮੀ ਇਨ੍ਹਾਂ ਕਰਮਚਾਰੀਆਂ ਨੂੰ ਸਮਾਜ ਪ੍ਰਤੀ ਆਪਣੀ ਵਡਮੁੱਲੀ ਸੇਵਾ ਜਾਰੀ ਰੱਖਣ ਦੇ ਸਮਰੱਥ ਬਣਾਉਂਦੀ ਹੈ।

ਮੰਤਰੀ ਨੇ ਸਾਰੀ ਟੀਮ ਦੀ ਸਖ਼ਤ ਮਿਹਨਤ ਅਤੇ ਲਗਨ ਦੀ ਸ਼ਲਾਘਾ ਕੀਤੀ।

ਉਨ੍ਹਾਂ ਕਿਹਾ ਕਿ ਇਹ ਪੰਜਾਬ ਲਈ ਬੜੇ ਮਾਣ ਦੀ ਗੱਲ ਹੈ ਅਤੇ ਆਧਾਰ ਤਸਦੀਕ ਲਗਭਗ ਮੁਕੰਮਲ ਹੋਣ ਨਾਲ, ਅਸੀਂ ਹੁਣ ਆਪਣੀਆਂ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਨੂੰ ਆਯੁਸ਼ਮਾਨ ਭਾਰਤ ਸਿਹਤ ਕਾਰਡ ਤੇਜ਼ੀ ਨਾਲ ਜਾਰੀ ਕਰ ਸਕਦੇ ਹਾਂ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਹਨਾਂ ਨੂੰ ਸਿਹਤ ਸੰਭਾਲ ਸਹਾਇਤਾ ਮਿਲੇ ਜਿਸ ਦੇ ਉਹ ਹੱਕਦਾਰ ਹਨ। ਉਨ੍ਹਾਂ ਅੱਗੇ ਕਿਹਾ ਕਿ ਉਹ ਸਮਾਜ ਲਈ ਅਣਥੱਕ ਸੇਵਾਵਾਂ ਨਿਭਾਉਂਦੇ ਹਨ ਅਤੇ ਅਸੀਂ ਉਨ੍ਹਾਂ ਦੀ ਭਲਾਈ ਲਈ ਵਚਨਬੱਧ ਹਾਂ।

ਉਨ੍ਹਾਂ ਦੱਸਿਆ ਕਿ ਆਯੁਸ਼ਮਾਨ ਭਾਰਤ ਯੋਜਨਾ ਪ੍ਰਤੀ ਪਰਿਵਾਰ 5 ਲੱਖ ਰੁਪਏ ਤੱਕ ਦੀ ਸਾਲਾਨਾ ਸਿਹਤ ਕਵਰੇਜ ਪ੍ਰਦਾਨ ਕਰਦੀ ਹੈ, ਅਤੇ ਇਹ ਪਹਿਲਕਦਮੀ ਇਹ ਯਕੀਨੀ ਬਣਾਏਗੀ ਕਿ ਆਂਗਣਵਾੜੀ ਵਰਕਰ ਅਤੇ ਹੈਲਪਰ ਨਕਦ ਰਹਿਤ ਸਿਹਤ ਸੇਵਾਵਾਂ ਦਾ ਲਾਭ ਲੈ ਸਕਣ। ਉਨ੍ਹਾਂ ਅੱਗੇ ਦੱਸਿਆ ਕਿ ਇਸਤਰੀ ਤੇ ਬਾਲ ਵਿਕਾਸ ਵਿਭਾਗ ਸਿਹਤ ਵਿਭਾਗ ਨਾਲ ਮਿਲ ਕੇ ਇਨ੍ਹਾਂ ਕਾਰਡਾਂ ਨੂੰ ਜਾਰੀ ਕਰਨ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆ ਰਿਹਾ ਹੈ ਤਾਂ ਜੋ ਕੋਈ ਵੀ ਕਰਮਚਾਰੀ ਪਿੱਛੇ ਨਾ ਰਹੇ।

ਉਨ੍ਹਾਂ ਅੱਗੇ ਕਿਹਾ ਕਿ ਵਿਭਾਗ ਆਉਣ ਵਾਲੇ ਦਿਨਾਂ ਵਿੱਚ 100 ਫ਼ੀਸਦ ਆਧਾਰ ਵੈਰੀਫਿਕੇਸ਼ਨ ਨੂੰ ਮੁਕੰਮਲ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਔਰਤਾਂ ਅਤੇ ਬੱਚਿਆਂ ਦੀ ਭਲਾਈ ਲਈ ਯਤਨਸ਼ੀਲ ਹੈ।

## ਰੂਪਨਗਰ ਪੁਲਿਸ ਨੇ 35 ਲੱਖ ਰੁਪਏ ਦੇ ਮੋਬਾਇਲ ਚੋਰੀ ਦੀ ਵੱਡੀ ਘਟਨਾ ਕਰਨ ਵਾਲੇ ਨੌਜਵਾਨਾਂ ਨੂੰ ਕੀਤਾ ਗ੍ਰਿਫਤਾਰ

### 42 ਨਵੇਂ ਮੋਬਾਇਲ, 94 ਪੁਰਾਣੇ ਮੋਬਾਇਲ ਤੇ ਲੈਪਟਾਪ ਸਮੇਤ ਆਈ.ਟਵੰਟੀ ਕਾਰ ਤੇ ਦੇਸੀ ਕੱਟਾ ਬ੍ਰਾਮਦ



ਰੂਪ ਨਗਰ, 13 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਰੂਪਨਗਰ ਪੁਲਿਸ ਨੇ ਸ਼ਹਿਰ ਦੇ ਸ਼ਹੀਦ ਭਗਤ ਸਿੰਘ ਚੌਂਕ ਵਿਚ ਮੋਬਾਇਲ ਦੀ ਦੁਕਾਨ ਉਤੇ 35 ਲੱਖ ਰੁਪਏ ਦੇ ਮੋਬਾਇਲ ਚੋਰੀ ਕਰਨ ਦੀ ਵੱਡੀ ਘਟਨਾ ਨੂੰ ਅੰਜਾਮ ਦੇਣ ਵਾਲੇ ਦੋਸ਼ੀ ਗ੍ਰਿਫਤਾਰ ਕਰਕੇ ਇਸ ਮਾਮਲੇ ਨੂੰ ਹੱਲ ਕਰ ਦਿੱਤਾ।

ਇਸ ਸਬੰਧੀ ਸੀਨੀਅਰ ਕਪਤਾਨ ਪੁਲਿਸ, ਰੂਪਨਗਰ ਆਈ.ਪੀ.ਐਸ. ਸ. ਗੁਲਨੀਤ ਸਿੰਘ ਖੁਰਾਣਾ ਨੇ ਪ੍ਰੈਸ ਕਾਨਫਰੰਸ ਰਾਹੀਂ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ 24 ਅਗਸਤ, 2024 ਦੀ ਰਾਤ ਨੂੰ ਅਣਜਾਣ ਵਿਅਕਤੀਆਂ ਵਲੋਂ ਰੂਪਨਗਰ ਸ਼ਹਿਰ ਦੇ ਸ਼ਹੀਦ ਭਗਤ ਸਿੰਘ ਚੌਂਕ ਵਿੱਚ ਹੀਤਾਂਸ਼ੀ ਮੋਬਾਇਲ ਕੇਅਰ ਦੀ ਦੁਕਾਨ ਦੇ ਸ਼ਟਰ ਤੋੜ ਕੇ ਦੁਕਾਨ ਵਿੱਚੋਂ ਮੋਬਾਇਲ ਚੋਰੀ ਕੀਤੇ ਜਾਣ ਦੀ ਘਟਨਾ ਸਾਹਮਣੇ ਆਈ। ਉਨ੍ਹਾਂ ਕਿਹਾ ਕਿ ਇਸ ਘਟਨਾ ਵਿਚ 2 ਵਿਅਕਤੀਆਂ ਵਲੋਂ ਦੁਕਾਨ ਵਿਚੋਂ 42 ਨਵੇਂ ਮੋਬਾਇਲ ਅਤੇ 95 ਪੁਰਾਣੇ ਮੋਬਾਇਲ ਚੋਰੀ ਕੀਤੇ ਗਏ ਸਨ ਅਤੇ ਇਸ ਦੇ ਨਾਲ ਹੀ ਇਨ੍ਹਾਂ ਵਲੋਂ 1 ਲੈਪਟਾਪ ਵੀ ਦੁਕਾਨ ਵਿਚੋਂ ਚੋਰੀ ਕੀਤਾ ਗਿਆ ਜਿਸ ਦਾ ਪਤਾ ਦੁਕਾਨਦਾਰ ਨੂੰ ਅਗਲੀ ਸਵੇਰ ਨੂੰ ਲੱਗਿਆ।ਸੀਨੀਅਰ ਕਪਤਾਨ ਪੁਲਿਸ ਨੇ ਕਿਹਾ ਕਿ ਰੂਪਨਗਰ ਸ਼ਹਿਰ ਦੀ ਇਸ ਵੱਡੀ ਚੋਰੀ ਦੀ ਘਟਨਾ ਨੂੰ ਹੱਲ ਕਰਨ ਲਈ ਕਪਤਾਨ ਪੁਲਿਸ (ਇੰਵੈ.) ਰੂਪਨਗਰ ਰੁਪਿੰਦਰ ਕੌਰ ਸਰਾਂ ਦੀ ਅਗਵਾਈ ਹੇਠ ਸਪੈਸ਼ਲ ਇੰਨਵੈਸਟੀਗੇਸ਼ਨ ਟੀਮ ਦਾ ਗਠਨ ਕੀਤਾ ਗਿਆ, ਜੋ ਮੁਕਦਮਾ ਦੀ ਤਫਤੀਸ਼ ਦੌਰਾਨ ਉਪ ਕਪਤਾਨ ਪੁਲਿਸ ਸਬ ਡਵੀਜਨ ਰੂਪਨਗਰ ਹਰਪਿੰਦਰ ਕੌਰ ਗਿੱਲ ਦੀ ਨਿਗਰਾਨੀ ਹੇਠ ਇੰਸਪੈਕਟਰ ਪਵਨ ਕੁਮਾਰ ਮੁੱਖ ਅਫਸਰ ਥਾਣਾ ਸਿਟੀ ਰੂਪਨਗਰ ਦੀ ਅਗਵਾਈ ਤਹਿਤ ਥਾਣਾ ਸਿਟੀ ਰੂਪਨਗਰ ਪੁਲਿਸ ਵਲੋਂ ਤਕਨੀਕੀ ਢੰਗ ਨਾਲ ਇਸ ਵੱਡੀ ਚੋਰੀ ਦੀ ਘਟਨਾ ਦੀ ਪੜਤਾਲ ਕੀਤੀ ਗਈ। ਸ. ਗੁਲਨੀਤ ਸਿੰਘ ਖੁਰਾਣਾ ਨੇ ਅੱਗੇ ਕਿਹਾ ਕਿ ਪੁਲਿਸ ਟੀਮ ਵਲੋਂ ਡੂੰਘਾਈ ਨਾਲ ਕੀਤੀ ਪੜਤਾਲ ਨਾਲ ਦੋਸ਼ੀਆਨ ਰਜਿੰਦਰ ਸਿੰਘ ਉਰਫ ਰਾਜੂ ਅਤੇ ਕਰਨਜੀਤ ਸਿੰਘ ਵਾਸੀ ਪਿੰਡ ਕੋਟਲਾ ਨਿਹੰਗ ਜਿਲਾ ਰੂਪਨਗਰ ਨੂੰ ਗ੍ਰਿਫਤਾਰ ਕਰਕੇ ਇਨਾ ਪਾਸੋ ਚੋਰੀ ਦੀ ਵਾਰਦਾਤ ਲਈ ਵਰਤਿਆ ਮੋਟਰਸਾਇਕਲ ਦੇ ਨਾਲ ਚੋਰੀ ਦਾ ਸਮਾਨ ਜਿਸ ਵਿਚ 42 ਨਵੇਂ ਮੋਬਾਇਲ, 94 ਪੁਰਾਣੇ ਮੋਬਾਇਲ, 1 ਲੈਪਟਾਪ, 1 ਆਈ.ਟਵੰਟੀ ਕਾਰ, ਇੱਕ ਹਾਈਡ੍ਰੌਲਿਕ ਕਟਰ, ਇੱਕ ਪਲਾਜ਼ਮਾ ਕਟਰ, ਇੱਕ ਦੇਸੀ ਕੱਟਾ 32 ਬੋਰ ਸਮੇਤ 6 ਜ਼ਿੰਦਾ ਰੌਂਦ ਅਤੇ ਇੱਕ ਦਾਤਰ ਬ੍ਰਾਮਦ ਕੀਤਾ ਗਿਆ।

## ਹਰਪਾਲ ਸਿੰਘ ਚੀਮਾ ਨੇ ਜੀ.ਐਸ.ਟੀ. ਕੌਂਸਲ ਦੀ 54ਵੀਂ ਮੀਟਿੰਗ ਵਿੱਚ ਜੀ.ਐਸ.ਟੀ. ਮੁਆਵਜ਼ੇ ਅਤੇ ਰਿਸਰਚ ਗ੍ਰਾਂਟ ਨੂੰ ਜੀ.ਐਸ.ਟੀ. ਤੋਂ ਛੋਟ ’ਤੇ ਜ਼ੋਰ ਦਿੱਤਾ

### ਪੰਜਾਬ ਨੇ ਟੈਕਸ ਪਾਲਣਾ ਵਧਾਉਣ ਲਈ ਕਾਰੋਬਾਰ ਤੋਂ ਖ਼ਪਤਕਾਰ ਈ-ਇਨਵੌਇਸਿੰਗ ਬਾਰੇ ਪਾਇਲਟ ਪ੍ਰੋਜੈਕਟ ਲਈ ਹਾਮੀ ਭਰੀ



ਚੰਡੀਗੜ੍ਹ, 13 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਜੀ.ਐਸ.ਟੀ. ਕੌਂਸਲ ਨੂੰ ਜਾਣੂ ਕਰਵਾਇਆ ਕਿ ਜੀ.ਐਸ.ਟੀ. ਪ੍ਰਣਾਲੀ ਲਾਗੂ ਹੋਣ ਤੋਂ ਬਾਅਦ ਸੂਬੇ ਦੇ ਕਰ ਮਾਲੀਏ ਵਿੱਚ ਕਾਫ਼ੀ ਜ਼ਿਆਦਾ ਕਮੀ ਆਈ ਹੈ। ਉਨ੍ਹਾਂ ਕਿਹਾ ਕਿ ਜੀ.ਐਸ.ਟੀ. ਮਾਲੀਏ ਵਿੱਚ ਕਮੀ ਨੂੰ ਧਿਆਨ ਵਿੱਚ ਰੱਖਦਿਆਂ ਜੀ.ਐਸ.ਟੀ. ਕੌਂਸਲ ਨੂੰ ਕਰ ਮਾਲੀਏ ਵਿੱਚ ਕਮੀ ਵਾਲੇ ਸੂਬਿਆਂ ਨੂੰ ਮੁਆਵਜ਼ਾ ਦੇਣ ਦੇ ਢੰਗ-ਤਰੀਕੇ ਤਲਾਸ਼ਣੇ ਚਾਹੀਦੇ ਹਨ। ਇਸ ਗੱਲ ‘ਤੇ ਜ਼ੋਰ ਦਿੰਦਿਆਂ ਕਿ ਸਿੱਖਿਆ, ਪੰਜਾਬ ਸਰਕਾਰ ਲਈ ਤਰਜੀਹੀ ਖੇਤਰ ਹੈ, ਉਨ੍ਹਾਂ ਨੇ ਰਿਸਰਚ ਗ੍ਰਾਂਟਾਂ ਨੂੰ ਜੀ.ਐਸ.ਟੀ. ਤੋਂ ਛੋਟ ਦੇਣ ਦੀ ਵੀ ਵਕਾਲਤ ਕੀਤੀ। ਜੀ.ਐਸ.ਟੀ. ਕੌਂਸਲ ਦੀ 54ਵੀਂ ਮੀਟਿੰਗ ਸਬੰਧੀ ਜਾਰੀ ਪ੍ਰੈਸ ਬਿਆਨ ਵਿੱਚ ਪੰਜਾਬ ਦੇ ਆਬਕਾਰੀ ਤੇ ਕਰ ਵਿਭਾਗ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕੌਂਸਲ ਨੂੰ ਦੱਸਿਆ ਕਿ ਜੀ.ਐਸ.ਟੀ. ਪ੍ਰਣਾਲੀ ਅਧੀਨ ਟੈਕਸ ਦਰਾਂ ਹੁਣ ਸੂਬੇ ਦੇ ਕੰਟਰੋਲ ਵਿੱਚ ਨਹੀਂ ਹਨ, ਜਿਸ ਦੇ ਚੱਲਦਿਆਂ ਪੰਜਾਬ ਟੈਕਸ ਪ੍ਰਣਾਲੀ ਵਿੱਚ ਇਸ ਤਬਦੀਲੀ ਦੇ ਨਤੀਜੇ ਵਜੋਂ ਹੋਣ ਵਾਲੇ ਨੁਕਸਾਨ ਦੀ ਭਰਪਾਈ ਨਹੀਂ ਕਰ ਸਕਦਾ। ਇਸ ਤੋਂ ਇਲਾਵਾ ਦੂਜੇ ਰਾਜਾਂ ਵਿੱਚ ਵਰਤੇ ਜਾਣ ਵਾਲੀਆਂ ਵਸਤਾਂ ਦਾ ਨਿਰਮਾਣ ਪੰਜਾਬ ਵਿੱਚ ਹੋਣ ਕਾਰਨ ਵੀ ਸੂਬੇ ਨੂੰ ਘੱਟ ਆਈ.ਜੀ.ਐਸ.ਟੀ. ਦਾ ਢੁੱਕਵਾਂ ਹਿੱਸਾ ਨਹੀਂ ਮਿਲਦਾ ।

ਇਸ ਲਈ ਜੀ.ਐਸ.ਟੀ. ਮਾਲੀਏ ਵਿੱਚ ਕਮੀ ਨੂੰ ਦੇਖਦਿਆਂ ਕੈਬਨਿਟ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ ਕੌਂਸਲ ਨੂੰ ਜੀ.ਐਸ.ਟੀ. ਦੇ ਲਾਗੂਕਰਨ ਕਰਕੇ ਮਾਲੀਏ ‘ਚ ਕਮੀ ਵਾਲੇ ਰਾਜਾਂ ਨੂੰ ਮੁਆਵਜ਼ਾ ਦੇਣ ਦੇ ਢੰਗ-ਤਰੀਕਿਆਂ ਦੀ ਪੜਚੋਲ ਕਰਨ ਦੀ ਅਪੀਲ ਕੀਤੀ। ਜੀ.ਐਸ.ਟੀ. ਕੌਂਸਲ ਨੇ ਸ. ਚੀਮਾ ਵੱਲੋਂ ਦਿੱਤੇ ਸੁਝਾਅ ‘ਤੇ ਗੌਰ ਕਰਦਿਆਂ ਇਸ ਸਬੰਧੀ ਤੁਰੰਤ ਕਾਰਵਾਈ ਦਾ ਭਰੋਸਾ ਦਿੱਤਾ।

ਵਿੱਤ ਮੰਤਰੀ ਸ. ਚੀਮਾ ਨੇ ਸਿੱਖਿਆ ਨੂੰ ਹੁਲਾਰਾ ਦੇਣ ਸਬੰਧੀ ਪੰਜਾਬ ਸਰਕਾਰ ਦੀ ਵਚਨਬੱਧਤਾ ਦਾ ਹਵਾਲਾ ਦਿੰਦਿਆਂ ਰਿਸਰਚ ਗ੍ਰਾਂਟਾਂ ਨੂੰ ਜੀਐਸਟੀ ਤੋਂ ਛੋਟ ਦੇਣ ਦੀ ਗੱਲ ਵੀ ਰੱਖੀ। ਜੀ.ਐਸ.ਟੀ. ਕੌਂਸਲ ਨੇ ਸਰਕਾਰੀ ਸੰਸਥਾਵਾਂ, ਖੋਜ ਐਸੋਸੀਏਸ਼ਨਾਂ, ਯੂਨੀਵਰਸਿਟੀਆਂ, ਕਾਲਜਾਂ ਅਤੇ ਆਮਦਨ ਕਰ ਕਾਨੂੰਨ ਦੀ ਧਾਰਾ 35 ਤਹਿਤ ਨੋਟੀਫਾਈ ਹੋਰ ਸੰਸਥਾਵਾਂ ਨੂੰ ਪ੍ਰਾਈਵੇਟ ਗ੍ਰਾਂਟਾਂ ਸਮੇਤ ਰਿਸਰਚ ਗ੍ਰਾਂਟਾਂ ਤੋਂ ਛੋਟ ਦੇਣ ਦੀ ਹਾਮੀ ਭਰੀ।

ਪੰਜਾਬ ਸਰਕਾਰ ਨੇ ਕਾਰੋਬਾਰ ਤੋਂ ਕਾਰੋਬਾਰ (ਬੀ ਟੂ ਬੀ) ਲੈਣ-ਦੇਣ ’ਤੇ 2% ਟੀ.ਡੀ.ਐਸ ਦੇ ਨਾਲ ਰਿਵਰਸ ਚਾਰਜ ਦੇ ਆਧਾਰ ’ਤੇ ਮੈਟਲ ਸਕ੍ਰੈਪ ’ਤੇ ਟੈਕਸ ਲਗਾਉਣ ਸਬੰਧੀ ਜੀ.ਐਸ.ਟੀ. ਕੌਂਸਲ ਦੇ ਫੈਸਲਿਆਂ ਦਾ ਸਵਾਗਤ ਕੀਤਾ। ਹਾਲਾਂਕਿ, ਕੈਬਨਿਟ ਮੰਤਰੀ ਚੀਮਾ ਨੇ ਮੈਟਲ ਸਕ੍ਰੈਪ ’ਤੇ ਰਿਵਰਸ ਚਾਰਜ ਪ੍ਰਣਾਲੀ (ਆਰ.ਸੀ.ਐਮ.) ਦਰ ਦੀ ਮੁੜ ਪੜਚੋਲ ਕਰਨ ਦੀ ਸਿਫਾਰਸ਼ ਕਰਦਿਆਂ ਇਸਨੂੰ 5% ਤੱਕ ਘਟਾਉਣ ਦਾ ਪ੍ਰਸਤਾਵ ਦਿੱਤਾ। ਜੀ.ਐੱਸ.ਟੀ. ਕੌਂਸਲ ਨੇ ਸ. ਚੀਮਾ ਵੱਲੋਂ ਦਿੱਤੇ ਗਏ ਸੁਝਾਅ ’ਤੇ ਗੌਰ ਕਰਦਿਆਂ ਇਸ ਸਬੰਧੀ ਢੁਕਵੀਂ ਕਾਰਵਾਈ ਦਾ ਭਰੋਸਾ ਦਿੱਤਾ।

ਕੈਬਨਿਟ ਮੰਤਰੀ ਸ. ਚੀਮਾ ਨੇ ਸਿਹਤ ਅਤੇ ਟਰਮ ਇੰਸ਼ੋਰੈਂਸ ’ਤੇ ਅਦਾ ਕੀਤੇ ਜਾਂਦੇ ਪ੍ਰੀਮੀਅਮਾਂ ’ਤੇ ਜੀ.ਐਸ.ਟੀ. ਨੂੰ ਘਟਾਉਣ ਜਾਂ ਇਸ ਤੋਂ ਛੋਟ ਦੀ ਵਕਾਲਤ ਵੀ ਕੀਤੀ, ਜਿਸ ਨਾਲ ਆਮ ਆਦਮੀ ਨੂੰ ਫਾਇਦਾ ਹੋਵੇਗਾ। ਹਾਲਾਂਕਿ ਇਸ ਸਬੰਧੀ ਕੋਈ ਸਹਿਮਤੀ ਨਹੀਂ ਬਣੀ, ਪਰ ਕੌਂਸਲ ਨੇ ਮੰਤਰੀਆਂ ਦੇ ਸਮੂਹ (ਜੀ.ਓ.ਐਮ.) ਨੂੰ ਇਸ ਸਬੰਧੀ ਅਕਤੂਬਰ 2024 ਤੱਕ ਰਿਪੋਰਟ ਸੌਂਪਣ ਦੀ ਸਿਫਾਰਸ਼ ਕੀਤੀ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਆਈ.ਜੀ.ਐਸ.ਟੀ. ਵਹੀਖਾਤੇ (ਲੈਜਰ) ਵਿੱਚ ਨੈਗੇਟਿਵ ਬੈਲੇਂਸ ਹੋਣ ਕਰਕੇ ਰਾਜਾਂ ਤੋਂ ਵਸੂਲੀ ’ਤੇ ਵੀ ਇਤਰਾਜ਼ ਜਤਾਇਆ ਅਤੇ ਨੈਗੇਟਿਵ ਬੈਲੇਂਸ ਦੇ ਅਸਲ ਕਾਰਨਾਂ ਦਾ ਪਤਾ ਲਗਾਉਣ ਲਈ ਅਧਿਕਾਰੀਆਂ ਦੀ ਇੱਕ ਕਮੇਟੀ ਬਣਾਉਣ ਦੀ ਸਿਫਾਰਸ਼ ਕੀਤੀ। ਕੌਂਸਲ ਨੇ ਸ. ਚੀਮਾ ਦੀ ਇਸ ਬੇਨਤੀ ‘ਤੇ ਵੀ ਸਹਿਮਤੀ ਜਤਾਈ। ਜੀ.ਐਸ.ਟੀ. ਕੌਂਸਲ ਵੱਲੋਂ ਬਿਜਲੀ ਦੇ ਟਰਾਂਸਮਿਸ਼ਨ ਅਤੇ ਡਿਸਟ੍ਰੀਬਿਊਸ਼ਨ ਸਬੰਧੀ ਸਹਾਇਕ ਸੇਵਾਵਾਂ ਵਿੱਚ ਛੋਟ ਦਿੱਤੀ ਗਈ ਹੈ ਅਤੇ ਮੰਤਰੀ ਸ. ਚੀਮਾ ਵੱਲੋਂ ’ਜਿਵੇਂ ਹੈ, ਜਿੱਥੇ ਹੈ’ ਦੇ ਆਧਾਰ ’ਤੇ ਸੰਭਾਵੀ ਛੋਟ ਅਤੇ ਪਿਛਲੀ ਮਿਆਦ ਨੂੰ ਨਿਯਮਤ ਕਰਨ ਸਬੰਧੀ ਕੀਤੀ ਬੇਨਤੀ ਨੂੰ ਸਵੀਕਾਰ ਕਰ ਲਿਆ ਗਿਆ। ਪੰਜਾਬ ਨੇ ਟੈਕਸ ਵਸੂਲੀ ਨੂੰ ਆਸਾਨ ਬਣਾਉਣ ਲਈ ਰਿਵਰਸ ਚਾਰਜ ਮਕੈਨਿਜ਼ਮ ਰਾਹੀਂ ਵਪਾਰਕ ਜਾਇਦਾਦਾਂ ’ਤੇ ਜੀਐਸਟੀ ਲਗਾਉਣ ਦਾ ਪ੍ਰਸਤਾਵ ਵੀ ਰੱਖਿਆ। ਕੌਂਸਲ ਵੱਲੋਂ ਇਸ ਪ੍ਰਸਤਾਵ ਨੂੰ ਸਰਬਸੰਮਤੀ ਨਾਲ ਪ੍ਰਵਾਨ ਕਰ ਲਿਆ ਗਿਆ।

ਰਜਿਸਟ੍ਰੇਸ਼ਨ ਦੇ 30 ਦਿਨਾਂ ਅੰਦਰ ਬੈਂਕ ਖਾਤਿਆਂ ਦੇ ਵੇਰਵੇ ਪੇਸ਼ ਕਰਨ ਸਬੰਧੀ ਹੁਕਮ ਵਿੱਚ ਸੋਧ ਬਾਰੇ ਸ. ਚੀਮਾ ਨੇ ਅਸਲ ਕਰਦਾਤਾਵਾਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਅਨੈਤਿਕ ਤੱਤਾਂ ਨੂੰ ਸਿਸਟਮ ਵਿੱਚ ਦਾਖਲ ਹੋਣ ਤੋਂ ਰੋਕਣ ਲਈ ਸਮਾਂ ਸੀਮਾ ਨੂੰ ਘਟਾ ਕੇ 15 ਦਿਨ ਕਰਨ ਦਾ ਸੁਝਾਅ ਦਿੱਤਾ। ਕੌਂਸਲ ਵੱਲੋਂ ਇਸ ਪ੍ਰਸਤਾਵ ’ਤੇ ਵਿਚਾਰ ਕਰਨ ਲਈ ਸਹਿਮਤੀ ਦੇ ਦਿੱਤੀ ਗਈ ਹੈ।

## 5,000 ਰੁਪਏ ਦੀ ਰਿਸ਼ਵਤ ਲੈਂਦਾ ਗ੍ਰਾਮੀਣ ਰੋਜ਼ਗਾਰ ਸੇਵਕ ਵਿਜੀਲੈਂਸ ਬਿਊਰੋ ਵੱਲੋਂ ਰੰਗੇ ਹੱਥੀਂ ਕਾਬੂ



ਚੰਡੀਗੜ੍ਹ, 13 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਬੁੱਧਵਾਰ ਨੂੰ ਮਗਨੇਰਗਾ ਸਕੀਮ ਦੇ ਗ੍ਰਾਮੀਣ ਰੋਜ਼ਗਾਰ ਸੇਵਕ ਗੁਰਪ੍ਰੀਤ ਸਿੰਘ ਨੂੰ ਪਿੰਡ ਮਰਾੜ, ਜਿਲਾ ਫਰੀਦਕੋਟ ਨੂੰ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਖੁਲਾਸਾ ਕੀਤਾ ਕਿ ਇਹ ਗ੍ਰਿਫਤਾਰੀ ਫਰੀਦਕੋਟ ਜ਼ਿਲੇ ਦੇ ਪਿੰਡ ਮਰਾੜ ਦੇ ਵਸਨੀਕ ਸ਼ਿੰਦਰ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਤੋਂ ਬਾਅਦ ਕੀਤੀ ਗਈ ਹੈ ਜੋ ਇਸ ਸਕੀਮ ਤਹਿਤ ਮਜ਼ਦੂਰ ਮੁਹੱਈਆ ਕਰਦਾ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਦੋਸ਼ ਲਾਇਆ ਹੈ ਕਿ ਉਕਤ ਮੁਲਜ਼ਮ ਨੇ ਮਗਨਰੇਗਾ ਸਕੀਮ ਤਹਿਤ ਉਕਤ ਲੇਬਰ ਠੇਕੇਦਾਰ ਨੂੰ ਦਿਹਾੜੀਦਾਰ ਕੰਮ ਦਿਵਾਉਣ ਦੇ ਬਦਲੇ 5,000 ਰੁਪਏ ਦੀ ਮੰਗ ਕੀਤੀ ਹੈ। ਸ਼ਿਕਾਇਤਕਰਤਾ ਨੇ ਰਿਸ਼ਵਤ ਦੀ ਰਕਮ ਦੀ ਮੰਗ ਕਰਦੇ ਹੋਏ ਉਕਤ ਮੁਲਜ਼ਮ ਨਾਲ ਹੋਈ ਗੱਲਬਾਤ ਰਿਕਾਰਡ ਕਰ ਲਈ ਸੀ ਅਤੇ ਸਬੂਤ ਵਜੋਂ ਵਿਜੀਲੈਂਸ ਬਿਊਰੋ ਨੂੰ ਸੌਂਪ ਦਿੱਤੀ ਸੀ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਪੜਤਾਲ ਉਪਰੰਤ ਵਿਜੀਲੈਂਸ ਬਿਊਰੋ ਫਿਰੋਜ਼ਪੁਰ ਰੇਂਜ ਨੇ ਜਾਲ ਵਿਛਾਇਆ, ਜਿਸ ਦੌਰਾਨ ਉਕਤ ਦੋਸ਼ੀ ਗੁਰਪ੍ਰੀਤ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿੱਚ ਸ਼ਿਕਾਇਤਕਰਤਾ ਪਾਸੋਂ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ। ਇਸ ਸਬੰਧ ’ਚ ਉਕਤ ਮੁਲਜ਼ਮ ਦੇ ਖਿਲਾਫ ਫਿਰੋਜ਼ਪੁਰ ਰੇਂਜ ਦੇ ਵਿਜੀਲੈਂਸ ਥਾਣੇ ’ਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਕੇਸ ਦੀ ਅਗਲੇਰੀ ਜਾਂਚ ਜਾਰੀ ਹੈ।

## ਪੀ.ਏ.ਯੂ-ਕ੍ਰਿਸ਼ੀ ਵਿਗਿਆਨ ਕੇਂਦਰ, ਸ੍ਰੀ ਮੁਕਤਸਰ ਸਾਹਿਬ ਵੱਲੋਂ ਪਰਾਲੀ ਦੀ ਸਾਂਭ-ਸੰਭਾਲ ਸਬੰਧੀ ਪਿੰਡ ਚੋਟੀਆ ਵਿਖੇ ਕਿਸਾਨ ਸਿਖਲਾਈ ਕੈਂਪ ਦਾ ਆਯੋਜਨ

ਸ੍ਰੀ ਮੁਕਤਸਰ ਸਾਹਿਬ 13 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੀ.ਏ.ਯੂ-ਕ੍ਰਿਸ਼ੀ ਵਿਗਿਆਨ ਕੇਂਦਰ, ਸ੍ਰੀ ਮੁਕਤਸਰ ਸਾਹਿਬ ਵੱਲੋਂ ਨਿਰਦੇਸ਼ਕ ਪਸਾਰ ਸਿੱਖਿਆ, ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਅਤੇ ਆਈ.ਸੀ.ਏ.ਆਰ, ਅਟਾਰੀ ਜ਼ੋਨ-1, ਲੁਧਿਆਣਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਿੰਡ ਚੋਟੀਆਂ ਬਲਾਕ ਗਿਦੜਬਾਹਾ ਵਿਖੇ ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਸਬੰਧੀ ਪਿੰਡ ਪੱਧਰੀ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ ।

ਇਸ ਕੈਂਪ ਦੌਰਾਨ ਡਾ. ਕਰਮਜੀਤ ਸ਼ਰਮਾ, ਐਸੋਸੀਏਟ ਡਾਇਰੈਕਟਰ (ਸਿਖਲਾਈ), ਕੇ.ਵੀ.ਕੇ. ਸ੍ਰੀ ਮੁਕਤਸਰ ਸਾਹਿਬ ਨੇ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਚਾਨਣਾ ਪਾਉਂਦੇ ਹੋਏ, ਪਰਾਲੀ ਦੇ ਸੁਚੱਜੇ ਪ੍ਰਬੰਧਨ ਦੇ ਵੱਖ ਵੱਖ ਢੰਗ ਤਰੀਕਿਆਂ ਬਾਰੇ ਕਿਸਾਨਾਂ ਨਾਲ ਜਾਣਕਾਰੀ ਸਾਂਝੀ ਕੀਤੀ। ਉਹਨਾਂ ਨੇ ਪਰਾਲੀ ਪ੍ਰਬੰਧਨ ਬਾਰੇ ਜਾਣਕਾਰੀ ਦਿੰਦਿਆਂ ਕਿਸਾਨਾਂ ਨੂੰ ਕੁਦਰਤੀ ਸਰੋਤਾਂ ਦੀ ਪ੍ਰਭਾਵਸ਼ਾਲੀ ਵਰਤੋਂ ਅਤੇ ਖੇਤੀਬਾੜੀ ਲਈ ਵਾਤਾਵਰਣ ਦੀ ਰਾਖੀ ਲਈ ਫਸਲਾਂ ਦੀ ਰਹਿੰਦ-ਖੂੰਹਦ ਦੇ ਕੁਸ਼ਲ ਪ੍ਰਬੰਧਨ ਲਈ ਸੱਦਾ ਦਿੱਤਾ। ਉਨ੍ਹਾਂ ਨੇ ਝੋਨੇ ਦੀ ਪਰਾਲੀ ਦੇ ਪ੍ਰਬੰਧਨ ਲਈ ਸਿਫਾਰਸ਼ ਕੀਤੀਆਂ ਤਕਨਾਲੋਜੀਆਂ ਅਪਨਾਉਣ ਦੀ ਸਲਾਹ ਦਿੱਤੀ।

ਇਸ ਕੈਂਪ ਦੌਰਾਨ ਡਾ. ਵਿਵੇਕ ਕੁਮਾਰ, ਸਹਾਇਕ ਪ੍ਰੋਫ਼ੈਸਰ (ਫਸਲ ਵਿਗਿਆਨ) ਨੇ ਪਰਾਲੀ ਵਾਲੇ ਖੇਤਾਂ ਵਿੱਚ ਕਣਕ ਦੀ ਸਫ਼ਲ ਕਾਸ਼ਤ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਸਾਂਝੀ ਕੀਤੀ। ਉਹਨਾਂ ਨੇ ਝੋਨੇ ਦੀ ਪਰਾਲੀ ਦੇ ਕੁਸ਼ਲ ਪ੍ਰਬੰਧਨ ਲਈ ਵੱਖ-ਵੱਖ ਮਸ਼ੀਨਾਂ ਜਿਵੇਂ ਹੈਪੀ ਸੀਡਰ, ਸਮਾਰਟ ਸੀਡਰ, ਸਰਫੇਸ ਸੀਡਰ, ਮਲਚਰ, ਸੀਡ ਡਰਿਲ ਆਦਿ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਅਤੇ ਵੱਖ-ਵੱਖ ਮਸ਼ੀਨਾਂ ਨਾਲ ਬੀਜੀ ਜਾਣ ਵਾਲੀ ਕਣਕ ਦੀ ਫਸਲ ਦੀ ਕਾਸ਼ਤ ਕਰਦਿਆਂ ਕਿਸਾਨਾਂ ਨੂੰ ਵੱਖ-ਵੱਖ ਸਾਵਧਾਨੀਆਂ ਬਾਰੇ ਵੀ ਜਾਣਕਾਰੀ ਦਿੱਤੀ। ਡਾ.ਮਨਜੀਤ ਕੌਰ ਸਹਾਇਕ ਪ੍ਰੋਫ਼ੈਸਰ (ਭੂਮੀ ਵਿਗਿਆਨ) ਨੇ ਪਰਾਲੀ ਦੇ ਸੁਚੱਜੇ ਪ੍ਰਬੰਧਨ ਨਾਲ ਭੂਮੀ ਦੀ ਸਿਹਤ ਸੁਧਾਰ ਅਤੇ ਫਸਲਾਂ ਦੇ ਉਤਪਾਦਨ ਵਿੱਤ ਹੋਣ ਵਾਲੇ ਵਾਧੇ ਸਬੰਧੀ ਕਿਸਾਨਾਂ ਨੂੰ ਜਾਣਕਾਰੀ ਦਿੱਤੀ। ਖੇਤਾਂ ਵਿੱਚ ਪਰਾਲੀ ਦੀ ਸਾਂਭ ਸੰਭਾਲ ਦੇ ਫ਼ਾਇਦਿਆਂ ਦਾ ਜ਼ਿਕਰ ਕਰਦਿਆਂ , ਉਹਨਾਂ ਦੱਸਿਆ ਕਿ ਇਸ ਨਾਲ ਜ਼ਮੀਨ ਦੇ ਭੌਤਿਕ ਗੁਣਾਂ ਵਿੱਚ ਸੁਧਾਰ ਹੁੰਦਾ ਹੈ ਅਤੇ ਫ਼ਸਲ ਉੱਤੇ ਮਾੜੇ ਪਾਣੀ ਦਾ ਅਸਰ ਵੀ ਘਟਦਾ ਹੈ।

ਡਾ. ਸੁਖਜਿੰਦਰ ਸਿੰਘ, ਸਹਾਇਕ ਪ੍ਰੋਫ਼ੈਸਰ (ਫਲ ਵਿਗਿਆਨ) ਨੇ ਮਨੁੱਖੀ ਸਿਹਤ ਲਈ ਫਲਾਂ ਅਤੇ ਸਬਜ਼ੀਆਂ ਦੀ ਖੁਰਾਕ ਵਿੱਚ ਮਹੱਤਤਾ ਬਾਰੇ ਦੱਸਦੇ ਹੋਏ ਬਾਗਾਂ, ਸਬਜ਼ੀਆਂ ਅਤੇ ਖੁੰਬਾਂ ਦੀ ਕਾਸ਼ਤ ਵਿੱਚ ਪਰਾਲੀ ਦੀ ਵਰਤੋਂ ਕਰਨ ਦੇ ਤਰੀਕਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।

ਡਾ. ਵਿਵੇਕ ਸ਼ਰਮਾ, ਸਹਾਇਕ ਪ੍ਰੋਫ਼ੈਸਰ (ਪਸ਼ੂ ਵਿਗਿਆਨ) ਨੇ ਚੰਗੇ ਦੁੱਧ ਉਤਪਾਦਨ ਲਈ ਚੰਗੀ ਖੁਰਾਕ ਬਾਰੇ ਜਾਣਕਾਰੀ ਦਿੰਦੇ ਹੋਏ ਕਿਸਾਨਾਂ ਨੂੰ ਪਸ਼ੂਆਂ ਦੀਆਂ ਬਿਮਾਰੀਆਂ ਅਤੇ ਉਹਨਾਂ ਦੀ ਰੋਕਥਾਮ ਬਾਰੇ ਜਾਣੂ ਕਰਵਾਇਆ ਇਸ ਦੇ ਨਾਲ ਹੀ ਉਹਨਾਂ ਨੇ ਝੋਨੇ ਦੀ ਪਰਾਲੀ ਨੂੰ ਪਸ਼ੂਆਂ ਦੀ ਖੁਰਾਕ ਵਜੋਂ ਵਰਤਣ ਦੀ ਸਲਾਹ ਦਿਤੀ। ਕੈਂਪ ਦੌਰਾਨ ਮੰਚ ਦੀ ਕਾਰਵਾਈ ਚਲਾਉਂਦਿਆਂ ਡਾ. ਗੁਰਵਿੰਦਰ ਸਿੰਘ, ਸਹਾਇਕ ਪ੍ਰੋਫ਼ੈਸਰ (ਪਸਾਰ ਸਿੱਖਿਆ) ਨੇ ਕੈਂਪ ਵਿੱਚ ਆਏ ਹੋਏ ਕਿਸਾਨਾਂ ਦਾ ਧੰਨਵਾਦ ਕੀਤਾ ।

# ਆਪਰੇਸ਼ਨ ਸੀਲ-7 ਦੇ ਤਹਿਤ ਪੁਲਿਸ ਨੇ ਢਕੋਲੀ ਖੇਤਰ ਵਿੱਚ ਨਾਕੇਬੰਦੀ ਕਰ ਕੀਤੀ ਵਾਹਨਾਂ ਦੀ ਤਲਾਸ਼ੀ

**ਜ਼ੀਰਕਪੁਰ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਆਗਾਮੀ ਹਰਿਆਣਾ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਤਹਿਤ ਪੰਜਾਬ ਪੁਲਿਸ ਵੱਲੋਂ ਢਕੋਲੀ ਖੇਤਰ ਵਿੱਚ ਨਾਕਾਬੰਦੀ ਕਰ ਕਰ ਵਾਹਨਾਂ ਦੀ ਤਲਾਸ਼ੀ ਕੀਤੀ ਗਈ। ਜਾਣਕਾਰੀ ਦਿੰਦੇ ਹੋਏ ਡੀਐਸਪੀ ਸਬ ਡਵੀਜ਼ਨ ਜ਼ੀਰਕਪੁਰ ਜਸਪਿੰਦਰ ਸਿੰਘ ਨੇ ਦੱਸਿਆ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਡੀਜੀਪੀ ਪੰਜਾਬ ਦੀ ਅਗਵਾਈ ਹੇਠ, ਪੰਜਾਬ ਪੁਲਿਸ ਨੇ ਓਪਰੇਸ਼ਨ ਸੀਲ-7 ਸ਼ੁਰੂ ਕੀਤਾ ਹੈ, ਜਿਸ ਤਹਿਤ ਢਾਕੋਲੀ ਬਾਰਡਰ ਖੇਤਰ 'ਤੇ ਪੰਜਾਬ ਵਿੱਚ ਦਾਖਲ ਹੋਣ ਜਾਂ ਜਾਣ ਵਾਲੇ ਵਾਹਨਾਂ ਦੀ ਜਾਂਚ ਕੀਤੀ ਗਈ।

ਇਸ ਕਾਰਵਾਈ ਦਾ ਉਦੇਸ਼ ਹਰਿਆਣਾ ਵਿਧਾਨ ਸਭਾ ਚੋਣਾਂ ਦੌਰਾਨ ਕਿਸੇ ਵੀ ਗੈਰ-ਕਾਨੂੰਨੀ ਗਤੀਵਿਧੀਆਂ ਜਾਂ ਗੜਬੜੀ ਨੂੰ ਰੋਕਣਾ ਹੈ। ਡੀ.ਐਸ.ਪੀ ਜਸਪਿੰਦਰ ਸਿੰਘ ਨੇ ਦੱਸਿਆ, ÷ਪੰਜਾਬ ਪੁਲਿਸ ਹਰਿਆਣਾ ਵਿਧਾਨ ਸਭਾ ਚੋਣਾਂ ਦੌਰਾਨ ਅਮਨ-ਕਾਨੂੰਨ ਨੂੰ ਬਣਾਈ ਰੱਖਣ ਲਈ ਵਚਨਬੱਧ ਹੈ। ਚੋਣ ਕਮਿਸ਼ਨ ਵੱਲੋਂ ਸ਼ਾਂਤਮਈ ਅਤੇ ਨਿਰਪੱਖ ਚੋਣ ਪ੍ਰਕਿਰਿਆ ਨੂੰ ਯਕੀਨੀ ਬਣਾਉਣ ਲਈ ਸਾਰੇ ਲੋੜੀਂਦੇ ਉਪਾਅ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

ਅਪਰੇਸ਼ਨ ਸੀਲ-7 ਤਹਿਤ ਅਸੀਂ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਢਕੋਲੀ ਬਾਰਡਰ ਖੇਤਰ 'ਤੇ ਪੰਜਾਬ ਵਿੱਚ ਦਾਖਲ ਹੋਣ ਜਾਂ ਜਾਣ ਵਾਲੇ ਸਾਰੇ ਵਾਹਨਾਂ ਦੀ ਬਾਰੀਕੀ ਨਾਲ ਜਾਂਚ ਕਰ ਰਹੇ ਹਾਂ। ਉਨ੍ਹਾਂ ਲੋਕਾਂ ਨੂੰ ਵੀ ਸੁਰੱਖਿਆ ਉਪਾਵਾਂ ਵਿੱਚ ਸਹਿਯੋਗ ਕਰਨ ਅਤੇ ਕਿਸੇ ਵੀ ਸ਼ੱਕੀ ਗਤੀਵਿਧੀਆਂ ਦੀ ਸੂਚਨਾ ਅਧਿਕਾਰੀਆਂ ਨੂੰ ਦੇਣ ਦੀ ਅਪੀਲ ਕੀਤੀ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਜੋ ਵੀ ਵਿਅਕਤੀ ਕਾਨੂੰਨ ਦੀ ਉਲੰਘਣਾ ਕਰਦਾ ਪਾਇਆ ਗਿਆ ਜਾਂ ਚੋਣ ਪ੍ਰਕਿਰਿਆ ਵਿੱਚ ਵਿਘਨ ਪਾਉਣ ਦੀ ਕੋਸ਼ਿਸ਼ ਕਰਦਾ ਪਾਇਆ ਗਿਆ, ਉਸ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਢਕੋਲੀ ਖੇਤਰ 'ਚ ਕੀਤੀ ਗਈ ਇਹ ਨਾਕੇਬੰਦੀ ਹਰਿਆਣਾ ਵਿਧਾਨ ਸਭਾ ਚੋਣਾਂ ਦੀ ਸਮਾਪਤੀ ਤੱਕ ਬਰਕਰਾਰ ਰਹੇਗਾ।

ਪੰਜਾਬ ਪੁਲਿਸ ਇਸ ਦੌਰਾਨ ਨਾਗਰਿਕਾਂ ਲਈ ਸੁਰੱਖਿਅਤ ਮਾਹੌਲ ਨੂੰ ਯਕੀਨੀ ਬਣਾਉਣ ਲਈ ਤਨਦੇਹੀ ਨਾਲ ਕੰਮ ਕਰ ਰਹੀ ਹੈ।

# ਧੀਰਜ ਦੱਦਾਹੂਰ ਨੂੰ ਡਾਇਰੈਕਟਰ ਐਫ.ਸੀ.ਆਈ. ਨਾਮਜ਼ਦ ਹੋਣ 'ਤੇ ਸਨਮਾਨਿਤ ਕੀਤਾ



**ਬਰਨਾਲਾ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ੈਲਰ ਐਸੋਸੀਏਸ਼ਨ ਜ਼ਿਲ੍ਹਾ ਬਰਨਾਲਾ ਦੀ ਭਰਵੀਂ ਮੀਟਿੰਗ ਬਰਨਾਲਾ ਕਲੱਬ ਵਿਖੇ ਹੋਈ । ਜਿਸ ਵਿੱਚ ਜ਼ਿਲ੍ਹਾ ਪ੍ਰਧਾਨ ਬਰਨਾਲਾ ਸੰਜੀਵ ਕੁਮਾਰ ਸ਼ੈਲੀ ਅਤੇ ਬਰਨਾਲਾ ਦੇ ਪ੍ਰਧਾਨ ਅਜੈਬ ਸਿੰਘ ਜਵੰਧਾ ਨੇ ਪ੍ਰਧਾਨਗੀ ਕੀਤੀ। ਜਿਸ ਵਿੱਚ ਸੀਨੀਅਰ ਭਾਜਪਾ ਆਗੂ ਅਤੇ ਹਲਕਾ ਇੰਚਾਰਜ ਬਰਨਾਲਾ ਸ਼੍ਰੀ ਧੀਰਜ ਦਧਾਹੂਰ ਨੂੰ ਡਾਇਰੈਕਟਰ 639 ਨਿਯੁਕਤ ਕੀਤੇ ਜਾਣ 'ਤੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ਼ੈਲਰ ਐਸੋਸੀਏਸ਼ਨ ਦੇ ਵਪਾਰ ਵਿੱਚ ਆ ਰਹੀਆਂ ਮੁਸ਼ਕਲਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਜਿਸ ਵਿੱਚ ਥਾਂ ਦੀ ਅਣਹੋਂਦ ਨੂੰ ਸਭ ਤੋਂ ਵੱਡੀ ਸਮੱਸਿਆ ਮੰਨਿਆ ਗਿਆ।

ਸਾਰੇ ਮੈਂਬਰਾਂ ਦਾ ਮੰਨਣਾ ਸੀ ਕਿ ਥਾਂ ਤੋਂ ਬਿਨਾਂ ਚੌਲਾਂ ਦੀ ਸਾਂਭ-ਸੰਭਾਲ ਕਰਨਾ ਬਹੁਤ ਮੁਸ਼ਕਲ ਹੈ। ਸਰਕਾਰ ਨੂੰ ਇਸ ਸਮੱਸਿਆ 'ਤੇ ਤੁਰੰਤ ਦਖਲ ਦੇ ਕੇ ਕੋਈ ਹੱਲ ਕੱਢਣਾ ਚਾਹੀਦਾ ਹੈ ਅਤੇ ਧੀਰਜ ਦੱਦਾਹੂਰ ਨੂੰ ਐਫ.ਸੀ.ਆਈ ਦਾ ਜ਼ਿਲ੍ਹਾ ਦਫ਼ਤਰ ਬਰਨਾਲਾ ਵਿਖੇ ਜਲਦੀ ਖੋਲ੍ਹਣ ਦੀ ਮੰਗ ਕੀਤੀ ਗਈ । ਇਸ ਮੌਕੇ ਧੀਰਜ ਦੱਦਾਹੂਰ ਨੇ ਐਸੋਸੀਏਸ਼ਨ ਨੂੰ ਭਰੋਸਾ ਦਿੱਤਾ ਕਿ ਜਲਦੀ ਹੀ ਬਰਨਾਲਾ ਵਿੱਚ ਐਫ.ਸੀ.ਆਈ ਦਾ ਜ਼ਿਲ੍ਹਾ ਦਫ਼ਤਰ ਸਥਾਪਿਤ ਕੀਤਾ ਜਾਵੇਗਾ। ਇਸ ਮੌਕੇ ਪ੍ਰਵੀਨ ਬਾਂਸਲ ਸੰਘੇੜਾ, ਸੋਹਨ ਲਾਲ ਮਿੱਤਲ, ਗੌਰਵ ਬਿੱਕੀ ਪੂਜਾ, ਵੇਦ ਪ੍ਰਕਾਸ਼ ਵੇਦੀ, ਪਵਨ ਸੰਘੇੜਾ, ਰਘਵੀਰ ਚੰਦ, ਕੁਲਦੀਪ ਸਹੌਰੀਆ, ਸੋਹਨ ਮਿੱਤਲ, ਸ਼ਸ਼ੀ ਚੋਪੜਾ, ਰਾਜੇਸ਼ ਕੁਮਾਰ, ਬਿੰਨੂ ਚੌਧਰੀ, ਮੋਹਿਤ ਸਿੰਗਲਾ ਕਾਲਾ, ਅਨਿਲ ਬਾਂਸਲ ਆਦਿ ਡੀ. ਮੌਜੂਦ ਸਨ।

# ਪੀ.ਪੀ.ਐਸ.ਸੀ ਨੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੀਆਂ ਅਸਾਮੀਆਂ ਦੇ ਨਤੀਜੇ ਐਲਾਨੇ

**ਪਟਿਆਲਾ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਪਬਲਿਕ ਸਰਵਿਸ ਕਮਿਸ਼ਨ (ਪੀ.ਪੀ.ਐਸ.ਸੀ.) ਦੇ ਚੇਅਰਮੈਨ ਜਤਿੰਦਰ ਸਿੰਘ ਔਲਖ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਮਿਸ਼ਨ ਵੱਲੋਂ ਅੱਜ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੀਆਂ 8 ਅਸਾਮੀਆਂ ਦਾ ਨਤੀਜਾ ਐਲਾਨ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਵਿੱਚ ਇਕ ਅਸਾਮੀ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਅਤੇ 7 ਅਸਾਮੀਆਂ ਸੁਪਰਡੈਂਟ ਹੋਮ ਦੀਆਂ ਹਨ, ਇਨ੍ਹਾਂ ਲਈ ਕੁੱਲ195 ਉਮੀਦਵਾਰਾਂ ਵੱਲੋਂ ਸਾਂਝਾ ਲਿਖਤੀ ਇਮਤਿਹਾਨ ਦਿੱਤਾ ਗਿਆ ਸੀ।



ਉਨ੍ਹਾਂ ਦੱਸਿਆ ਕਿ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੀਆਂ ਅਸਾਮੀਆਂ ਦਾ ਨਤੀਜਾ ਵਿਭਾਗ ਦੀ ਵੈੱਬਸਾਈਟ www.ppsc.gov.in Óਤੇ ਅੱਪਲੋਡ ਕਰ ਦਿੱਤਾ ਗਿਆ ਹੈ।

ਜਤਿੰਦਰ ਸਿੰਘ ਔਲਖ ਨੇ ਦੱਸਿਆ ਕਿ ਪੀ.ਪੀ.ਐਸ.ਸੀ. ਵੱਲੋਂ ਪੰਜਾਬ ਸਰਕਾਰ ਦੇ ਵੱਖ ਵੱਖ ਵਿਭਾਗਾਂ 'ਚ ਗਰੁੱਪ ਏ ਅਤੇ ਗਰੁੱਪ ਬੀ ਦੀਆਂ ਅਸਾਮੀਆਂ ਲਈ ਭਰਤੀ ਪ੍ਰਕਿਰਿਆ ਪੂਰੀ ਪਾਰਦਰਸ਼ਤਾ ਅਤੇ ਨਿਰਪੱਖਤਾ ਨਾਲ ਕੀਤੀ ਜਾਂਦੀ ਹੈ ਅਤੇ ?ਇਸ ਸਬੰਧੀ ਸਮੇਂ ਸਮੇਂ 'ਤੇ ਜਾਣਕਾਰੀ ਵਿਭਾਗ ਦੀ ਵੈੱਬਸਾਈਟ 'ਤੇ ਅੱਪਲੋਡ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਉਮੀਦਵਾਰ ਜਾਣਕਾਰੀ ਲਈ ਵਿਭਾਗ ਦੀ ਵੈੱਬਸਾਈਟ ਦੀ ਵਰਤੋਂ ਕਰਨ।

# ਖੇਡਾਂ ਵਤਨ ਪੰਜਾਬ ਦੀਆਂ-2024 ਸੀਜ਼ਨ-3 ਤਹਿਤ ਅਹਿਮਦਗੜ੍ਹ ਬਲਾਕ ਪੱਧਰੀ ਖੇਡਾਂ ਦੀ ਹੋਈ ਸ਼ੁਰੂਆਤ



**ਮਲੇਰਕੋਟਲਾ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਪ੍ਰਾਪਤ ਦਿਸ਼ਾ ਨਿਰਦੇਸ਼ਾ ਹੇਠ ਖੇਡ ਵਿਭਾਗ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਖੇਡਾਂ ਵਤਨ ਪੰਜਾਬ ਦੀਆਂ 2024 ਸੀਜ਼ਨ-3 ਤਹਿਤ ਜ਼ਿਲ੍ਹੇ ਦੇ ਬਲਾਕ ਅਹਿਮਦਗੜ੍ਹ ਵਿਖੇ ਬਲਾਕ ਪੱਧਰੀ ਖੇਡਾਂ ਦੀ ਸ਼ੁਰੂਆਤ ਹੋਈ। ਇਨ੍ਹਾਂ ਖੇਡ ਮੁਕਾਬਲਿਆਂ ਦੀ ਸ਼ੁਰੂਆਤ ਟਾਊਨ ਸਕੂਲ, ਬਾਲੇਵਾਲ (ਅਹਿਮਦਗੜ੍ਹ) ਵਿਖੇ ਹੋਈ । ਇਸ ਮੌਕੇ ਐਸ.ਡੀ.ਐਮ. ਅਹਿਮਦਗੜ੍ਹ ਸ੍ਰੀ ਗੁਰਮੀਤ ਕੁਮਾਰ ਬਾਂਸਲ, ਵਿਧਾਇਕ ਅਮਰਗੜ੍ਹ ਪ੍ਰੋਫੈਸ਼ਰ ਜਸਵੰਤ ਸਿੰਘ ਗੱਜਣਮਾਜਰਾ ਦੇ ਭਰਾ ਸ੍ਰੀ ਕੁਲਵੰਤ ਸਿੰਘ ਗੱਜਣਮਾਜਰਾ , ਜ਼ਿਲ੍ਹਾ ਖੇਡ ਅਫ਼ਸਰ ਸ੍ਰੀ ਗੁਰਦੀਪ ਸਿੰਘ ਤੋਂ ਇਲਾਵਾ ਖੇਡ ਪ੍ਰੇਮੀ ਮੌਜੂਦ ਸਨ ।

ਐਸ.ਡੀ.ਐਮ. ਗੁਰਮੀਤ ਕੁਮਾਰ ਬਾਂਸਲ ਨੇ ਖਿਡਾਰੀਆਂ ਨੂੰ ਖੇਡਾਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਪ੍ਰੇਰਿਤ ਕਰਦਿਆ ਕਿਹਾ ਕਿ ਖੇਡਾਂ ਨਾਲ ਸਾਡਾ ਸਰੀਰਿਕ ਅਤੇ ਮਾਨਸਿਕ ਦੋਵਾਂ ਪੱਖਾਂ ਤੋਂ ਵਿਕਾਸ ਹੁੰਦਾ ਹੈ। ਖੇਡਾਂ ਨਾਲ ਨੌਜਵਾਨ ਸਰੀਰਕ ਪੱਖੋਂ ਤਾਂ ਮਜ਼ਬੂਤ ਹੁੰਦਾ ਹਨ ਨਾਲ ਹੀ ਨਸ਼ਿਆਂ ਤੋਂ ਵੀ ਦੂਰ ਰਹਿੰਦੇ ਹਨ ।

ਸ੍ਰੀ ਕੁਲਵੰਤ ਸਿੰਘ ਗੱਜਣਮਾਜਰਾ ਨੇ ਖਿਡਾਰੀਆਂ ਨੂੰ ਪ੍ਰੇਰਿਤ ਕਰਦਿਆ ਕਿਹਾ ਕਿ ਖੇਡਾਂ ਪੰਜਾਬ ਦੇ ਨੌਜਵਾਨਾਂ ਨੂੰ ਮੁੜ ਤੋਂ ਖੇਡ ਮੈਦਾਨਾਂ ਨਾਲ ਜੋੜਿਆਂ ਹੈ ਜੋ ਕਿ ਪੰਜਾਬ ਸਰਕਾਰ ਦਾ ਸਲਾਘਾਯੋਗ ਉਪਰਾਲਾ ਹੈ। ਉਨ੍ਹਾਂ ਨੌਜਵਾਨਾਂ ਨੂੰ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਲਈ ਇਹ ਇੱਕ ਬਹੁਤ ਵਧੀਆ ਪਲੇਟਫਾਰਮ ਬਣਾਇਆ ਗਿਆ ਹੈ ਤੇ ਇੱਥੋ ਖੇਡ ਕੇ ਅਗਾਂਹ ਨੌਜਵਾਨ ਜ਼ਿਲ੍ਹਾ ਅਤੇ ਰਾਜ ਪੱਧਰ ਦੀਆ ਖੇਡਾਂ ਵਿੱਚ ਭਾਗ ਲੈ ਸਕਦੇ ਹਨ। ਉਨ੍ਹਾਂ ਕਿਹਾ ਕਿ ਖੇਡਾਂ ਨਾਲ ਨੌਜਵਾਨ ਸਰੀਰਕ ਪੱਖੋਂ ਤਾਂ ਮਜ਼ਬੂਤ ਹੁੰਦਾ ਹਨ ਨਾਲ ਹੀ ਨਸ਼ਿਆਂ ਤੋਂ ਵੀ ਦੂਰ ਰਹਿੰਦੇ ਹਨ।

# ਦਰਜਨਾਂ ਪਿੰਡਾਂ ਦੇ ਲੋਕਾਂ ਨੂੰ ਆਵਾਜਾਈ ਦੀ ਸੁਚਾਰੂ ਸਹੂਲਤ ਮਿਲੇਗੀ

**ਨੰਗਲ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

14.60 ਕਰੋੜ ਦੀ ਲਾਗਤ ਨਾਲ ਤਿਆਰ ਹੋ ਰਿਹਾ ਜਾਂਦਲਾ ਫਲਾਈ ਓਵਰ ਜਲਦੀ ਲੋਕ ਅਰਪਣ ਕੀਤਾ ਜਾਵੇਗਾ। ਜਿਸ ਨਾਲ ਦਰਜਨਾਂ ਪਿੰਡਾਂ ਦੇ ਲੋਕਾਂ ਨੂੰ ਆਵਾਜਾਈ ਦੀ ਸੁਚਾਰੂ ਸਹੂਲਤ ਮਿਲੇਗੀ।



ਲੋਕ ਨਿਰਮਾਣ ਵਿਭਾਗ ਦੇ ਐਸ.ਡੀ.ਓ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਭਾਖੜਾ ਅਤੇ ਨੰਗਲ ਹਾਈਡਲ ਚੈਨਲ ਤੇ ਬਣ ਰਹੇ ਇਸ ਪੁੱਲ ਦੀ ਜਾਂਦਲਾ ਵਾਲੇ ਪਾਸੇ ਦੀ ਅਪਰੋਚ ਰੋਡ ਦਾ ਕੰਮ ਚੱਲ ਰਿਹਾ ਹੈ। ਸਰਕਾਰੀ ਸਕੂਲ ਵਾਲੇ ਪਾਸੇ ਦੇ ਪੁੱਲ ਦੀ ਜ਼ਮੀਨ ਦਾ ਮੁਆਵਜਾ ਸਕੂਲ ਨੂੰ ਦੇ ਦਿੱਤਾ ਹੈ।

ਉਨ੍ਹਾਂ ਨੇ ਦੱਸਿਆ ਕਿ ਦਰਜਨਾਂ ਪਿੰਡਾਂ ਦੇ ਲੋਕ ਦਹਾਕਿਆਂ ਤੋਂ ਇਸ ਪੁੱਲ ਦੇ ਨਿਰਮਾਣ ਦੀ ਮੰਗ ਕਰ ਰਹੇ ਸਨ, ਜਿਨ੍ਹਾਂ ਨੂੰ ਕਈ ਕਿਲੋਮੀਟਰ ਦਾ ਫੇਰਾ ਪਾ ਕੇ ਆਪਣੇ ਘਰਾਂ ਨੂੰ ਆਉਣਾ ਜਾਣਾ ਪੈਂਦਾ ਸੀ। ਮੌਜੂਦਾ ਸਰਕਾਰ ਵੱਲੋਂ ਇਸ ਪੁੱਲ ਦੇ ਨਿਰਮਾਣ ਲਈ ਮਿਲੇ ਆਦੇਸ਼ਾ ਤੇ ਪ੍ਰਾਪਤ ਫੰਡਾਂ ਨਾਲ ਇਸ ਪੁੱਲ ਦੇ ਨਿਰਮਾਣ ਦੇ ਕੰਮ ਦੀ ਰਫਤਾਰ ਨੂੰ ਗਤੀ ਦਿੱਤੀ ਗਈ ਹੈ। ਉਨ੍ਹਾਂ ਨੇ ਕਿਹਾ ਕਿ ਇਸ ਪੁੱਲ ਦਾ ਕੰਮ ਮੁਕੰਮਲ ਹੋਣ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।

# ਨਾਬਾਲਗ ਲੜਕੀ ਨੂੰ ਅਗਵਾ ਕਰਨ ਅਤੇ ਜ਼ਬਰ-ਜਨਾਹ ਦੇ ਮਾਮਲੇ 'ਚ ਵਿਅਕਤੀ ਦੋਸ਼ੀ ਕਰਾਰ ਅਤੇ ਪੋਕਸੋ ਐਕਟ ਤਹਿਤ ਹੋਈ 20 ਸਾਲ ਦੀ ਸਜ਼ਾ

**ਰੂਪਨਗਰ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨਾਬਾਲਗ ਲੜਕੀ (14) ਨੂੰ ਅਗਵਾ ਕਰਕੇ ਜਬਰ-ਜ਼ਨਾਹ ਕਰਨ ਦੇ ਦੋਸ਼ ਹੇਠ ਮਕਬਾਨਾ ਨਿਹਾਰਵ ਗਣਪਤ ਭਾਈ ਉਮਰ ਕਰੀਬ 23 ਸਾਲ, ਵਾਸੀ ਅਮਰਾਈਵਾੜੀ ਜ਼ਿਲ੍ਹਾ ਅਹਿਮਦਾਬਾਦ (ਗੁਜਰਾਤ) ਨੂੰ ਦੋਸ਼ੀ ਕਰਾਰ ਦਿੰਦਿਆਂ 20 ਸਾਲ ਦੀ ਸਖ਼ਤ ਕੈਦ ਦੀ ਸਜ਼ਾ ਸੁਣਾਈ ਗਈ ਹੈ।

ਦੋਸ਼ੀ ਨੂੰ ਆਈਪੀਸੀ ਦੀ ਧਾਰਾ 363, 366,376 (2) (ਐਨ), 344 ਅਤੇ ਪੋਕਸੋ ਐਕਟ ਦੀ ਧਾਰਾ 6 ਤਹਿਤ ਅਪਰਾਧ ਕਰਨ ਸਬੰਧੀ ਮੁਕੱਦਮੇ ਦਾ ਸਾਹਮਣਾ ਕਰ ਰਿਹਾ ਸੀ। ਇਸ ਕੇਸ ਦੀ ਸੁਣਵਾਈ 29.5.2023 ਨੂੰ ਸ਼ੁਰੂ ਹੋਈ ਅਤੇ ਮੁਕੱਦਮਾ ਪੂਰਾ ਹੋਣ ਤੋਂ ਬਾਅਦ, ਸ਼੍ਰੀਮਤੀ ਰਮੇਸ਼ ਕੁਮਾਰੀ, ਜ਼ਿਲ੍ਹਾ ਅਤੇ ਸੈਸ਼ਨ ਜੱਜ, ਰੂਪਨਗਰ ਨੇ 9.9.2024 ਨੂੰ ਉਸ (ਗਨਪਤੀ ਭਾਈ) ਨੂੰ ਦੋਸ਼ੀ ਠਹਿਰਾਇਆ ਅਤੇ ਆਈ.ਪੀ.ਸੀ. ਦੀ ਧਾਰਾ 363 ਤਹਿਤ ਅਪਰਾਧ ਕਰਨ ਲਈ 5 ਸਾਲ ਦੀ ਸਖ਼ਤ ਕੈਦ , ਧਾਰਾ 366 ਆਈ.ਪੀ.ਸੀ. ਦੇ ਤਹਿਤ 7 ਸਾਲ ਦੀ ਸਖ਼ਤ ਕੈਦ, ਧਾਰਾ 344 ਆਈ.ਪੀ.ਸੀ. ਦੇ ਤਹਿਤ 3 ਸਾਲ ਦੀ ਸਖ਼ਤ ਕੈਦ ਅਤੇ ਪੋਕਸੋ ਐਕਟ ਦੀ ਧਾਰਾ 6 ਦੇ ਤਹਿਤ 20 ਸਾਲ ਦੀ ਸਖ਼ਤ ਕੈਦਦੀ ਸਜ਼ਾ ਸੁਣਾਈ।

ਪੀੜਤਾ ਨੂੰ 1 ਲੱਖ ਰੁਪਏ ਦਾ ਮੁਆਵਜ਼ਾ ਦੇਣ ਦੇ ਵੀ ਹੁਕਮ ਦਿੱਤੇ ਹਨ। ਸਾਰੀਆਂ ਸਜ਼ਾਵਾਂ ਨਾਲੋ-ਨਾਲ ਚੱਲਣ ਦੇ ਨਿਰਦੇਸ਼ ਦਿੱਤੇ ਗਏ ਹਨ। ਮੁਕੱਦਮੇ ਦੇ ਅਨੁਸਾਰ, ਪੀੜਤ ਲੜਕੀ ਜੋ ਸਕੂਲ ਦੀ ਵਿਦਿਆਰਥਣ ਸੀ, 15.2.2023 ਨੂੰ ਜ਼ਿਲ੍ਹਾ ਰੂਪਨਗਰ ਤੋਂ ਆਪਣੇ ਘਰੋਂ ਲਾਪਤਾ ਹੋ ਗਈ ਸੀ। ਜਦੋਂ ਲੜਕੀ ਨਾ ਤਾਂ ਸਕੂਲ ਪਹੁੰਚੀ ਅਤੇ ਨਾ ਹੀ ਉਸ ਵੱਲੋਂ ਆਪਣੇ ਮਾਪਿਆਂ ਨਾਲ ਸੰਪਰਕ ਕੀਤਾ ਗਿਆ ਤਾਂ ਪੀੜਤਾ ਦੇ ਮਾਪਿਆਂ ਵੱਲੋਂ ਐਫਆਈਆਰ ਦਰਜ ਕਰਵਾਈ ਗਈ ।

ਐਫਆਈਆਰ ਦਰਜ ਕਰਨ ਤੋਂ ਬਾਅਦ ਜਾਂਚ ਕੀਤੀ ਗਈ ਜਿਸ ਦੌਰਾਨ ਲੜਕੀ ਨੂੰ ਅਮਰਾਇਵਾੜੀ, ਜ਼ਿਲ੍ਹਾ ਅਹਿਮਦਾਬਾਦ (ਗੁਜਰਾਤ) ਤੋਂ ਬਰਾਮਦ ਕੀਤਾ ਗਿਆ। ਪੀੜਤਾ ਨੂੰ ਅਪਰਾਧ ਕਰਨ ਸਮੇਂ 'ਬੱਚਾ' ਮੰਨਿਆ ਗਿਆ ਸੀ ਅਤੇ ਉਸ ਦੀ ਉਮਰ ਮਹਿਜ਼ 14 ਸਾਲ ਸੀ।

ਉਹ ਮੁਲਜ਼ਮ ਨੂੰ ਆਨਲਾਈਨ ਮਿਲੀ ਅਤੇ ਦੋਵਾਂ ਦੀ ਦੋਸਤੀ ਹੋ ਗਈ। ਫਿਰ ਉਹ ਦੋਵੇਂ ਮਿਲੇ ਤੇ ਦੋਸ਼ੀ ਉਸਨੂੰ ਗੁਜਰਾਤ ਵਿੱਚ ਆਪਣੇ ਘਰ ਲੈ ਗਿਆ। ਜਿੱਥੇ ਪੀੜਤਾ ਨੂੰ 15.2.2023 ਤੋਂ 6.3.2023 ਤੱਕ ਇੱਕ ਕਮਰੇ ਵਿੱਚ ਬੰਦ ਕਰ ਦਿੱਤਾ ਅਤੇ ਉਸਦੇ ਨਾਲ ਵਾਰ-ਵਾਰ ਜ਼ਬਰਨ ਜਿਨਸੀ ਸੋਸ਼ਣ ਕੀਤਾ।

ਸਕੱਤਰ, ਡੀ.ਐਲ.ਐਸ.ਏ, ਰੂਪਨਗਰ ਨੂੰ ਜਦੋਂ ਫੈਸਲੇ ਬਾਰੇ ਪੁੱਛਿਆ ਗਿਆ ਤਾਂ ਉਨ੍ਹਾਂ ਦੱਸਿਆ ਕਿ ਕਾਨੂੰਨ ਅਨੁਸਾਰ 18 ਸਾਲ ਤੋਂ ਘੱਟ ਉਮਰ ਦੀ ਲੜਕੀ ਦੀ ਸਹਿਮਤੀ ਨੂੰ ਦਰਅਸਲ ਸਹਿਮਤੀ ਕਰਾਰ ਨਹੀਂ ਦਿੱਤਾ ਜਾਂਦਾ। ਇਹ ਫੈਸਲਾ ਇਸ ਗੱਲ ਨੂੰ ਸੰਵੇਦਨਸ਼ੀਲ ਬਣਾਉਣ ਵਿੱਚ ਬਹੁਤ ਲੰਮਾ ਸਮਾਂ ਜਾਂਦਾ ਹੈ ਕਿ ਕਾਨੂੰਨ ਦੀਆਂ ਨਜ਼ਰਾਂ ਵਿੱਚ ਇੱਕ ਨਾਬਾਲਗ ਵੱਲੋਂ ਦਿੱਤੀ ਗਈ ਸਹਿਮਤੀ ਵੀ ਦੋਸ਼ੀ ਦੇ ਬਚਾਅ ਲਈ ਕੋਈ ਮਦਦ ਨਹੀਂ ਕਰ ਸਕਦੀ।

ਉਨ੍ਹਾਂ ਇਹ ਵੀ ਦੱਸਿਆ ਕਿ ਸਕੂਲਾਂ ਵਿੱਚ ਪੜ੍ਹਦੇ ਅਤੇ ਮਾਪਿਆਂ ਨਾਲ ਰਹਿਣ ਵਾਲੇ ਨੌਜਵਾਨ ਲੜਕੇ ਅਤੇ ਕਿਸ਼ੋਰ ਲੜਕੀਆਂ ਨੂੰ ਜਾਗਰੂਕ ਕਰਨ ਦੀ ਸਖ਼ਤ ਲੋੜ ਹੈ ਕਿ 18 ਸਾਲ ਤੋਂ ਘੱਟ ਉਮਰ ਦੀ ਲੜਕੀ ਦੀ ਸਹਿਮਤੀ ਕੋਈ ਸਹਿਮਤੀ ਨਹੀਂ ਹੁੰਦੀ ਹੈ।

# ਜਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ, ਵਲੋਂ ਕੈਂਪ ਦੌਰਾਨ ਲੜਕੀਆਂ ਨੂੰ ਕੰਮ ਵਾਲੀ ਥਾਂ 'ਤੇ ਔਰਤਾਂ ਦਾ ਜਿਨਸੀ ਸ਼ੋਸ਼ਣ ਐਕਟ, 2013 ਸਬੰਧੀ ਦਿੱਤੀ ਗਈ ਜਾਣਕਾਰੀ



**ਸ੍ਰੀ ਮੁਕਤਸਰ ਸਾਹਿਬ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਰਾਜ ਕੁਮਾਰ, ਜਿਲਾ ਅਤੇ ਸ਼ੈਸਨਜ਼ ਜੱਜ ਸਹਿਤ-ਚੇਅਰਮੈਨ, ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਰਹਿਨੁਮਾਈ ਹੇਠ ਗੁਰੂ ਨਾਨਕ ਕਾਲਜ, ਸ੍ਰੀ ਮੁਕਤਸਰ ਸਾਹਿਬ ਦੇ ਸਟਾਫ ਅਤੇ ਲੜਕੀਆਂ ਨੂੰ ਕੰਮ ਵਾਲੀ ਥਾਂ ▾ਤੇ ਔਰਤਾਂ ਦਾ ਜਿਨਸੀ ਸ਼ੋਸ਼ਣ ਐਕਟ, 2013 ਸਬੰਧੀ ਜਾਣਕਾਰੀ ਦੇਣ ਲਈ ਇਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ।

ਇਸ ਸੈਮੀਨਾਰ ਵਿਚ ਡਾ. ਗਗਨਦੀਪ ਕੌਰ, ਸੀ.ਜੀ.ਐਮ/ਸਕੱਤਰ ਨੇ ਬਚਿੱਆਂ ਨੂੰ ਕੰਮ ਵਾਲੀ ਥਾਂ ਤੇ ਔਰਤਾਂ ਦਾ ਜਿਨਸੀ ਸੋਸ਼ਣ ਐਕਟ 2013 ਸਬੰਧੀ ਵੱਖ-ਵੱਖ ਕਾਨੂੰਨਾਂ ਬਾਰੇ ਜਾਣਕਾਰੀ ਦਿੱਤੀ ਗਈ।

ਉਹਨਾਂ ਨੇ ਦਸਿਆ ਕਿ ਜਿਵੇਂ ਬੰਗਾਲ ਵਿਚ ਡਾਕਟਰ ਨਾਲ ਘਨੋਣੀ ਹਰਕਤ ਕਰਕੇ ਉਸਦੀ ਹੱਤਿਆ ਕੀਤੀ ਗਈ, ਉਸ ਹਰਕਤ ਨਾਲ ਸਾਰਾ ਦੇਸ਼ ਸ਼ਰਮ-ਸ਼ਾਰ ਹੋ ਗਿਆ ਕਿਉਂਕਿ ਜਦੋਂ ਡਾਕਟਰ ਹੀ ਸੁਰੱਖਿਤ ਨਹੀਂ ਹਨ, ਉਹ ਆਮ ਲੋਕਾਂ ਦਾ ਇਲਾਜ ਕੀ ਕਰ ਸਕਣਗੇ।ਇਸ ਸਬੰਧੀ ਪੰਜਾਬ ਦੇ ਡਾਕਟਰਾਂ ਵਲੋਂ ਵੀ ਪੰਜਾਬ ਸਰਕਾਰ ਨੂੰ ਅਲਟੀਮੈਟਮ ਦਿੱਤਾ ਗਿਆ ਹੈ ਕਿ ਜੇਕਰ ਸਾਡੀ ਸੁਰੱਖਿਆ ਯਕੀਨੀ ਨਾ ਬਣਾਈ ਗਈ ਤਾਂ ਅਸੀਂ ਡਾਕਟਰ ਪੇਸ਼ੇ ਵਜੋਂ ਕੰਮ ਨਹੀਂ ਕਰਾਂਗਾ। ਇਸ ਲਈ ਮੇਰੀ ਆਪ ਸਭਨਾਂ ਨੂੰ ਅਪੀਲ ਹੈ ਜੇਕਰ ਉਹਨਾਂ ਨਾਲ ਕਿਸੇ ਕਿਸਮ ਦੀ ਕੋਈ ਗਲਤ ਹਰਕਤ ਕਰਦਾ ਹੈ ਤਾਂ ਉਸ ਸਬੰਧੀ ਕਾਲਜ ਦੇ ਪ੍ਰਿੰਸੀਪਲ ਜਾਂ ਜਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਨੂੰ ਦਰਖਾਸਤ ਦੇ ਸਕਦਾ ਹੈ।

ਇਸ ਤੋਂ ਇਲਾਵਾ ਔਰਤਾਂ ਲਈ ਬਣੇ ਟੋਲ-ਫ੍ਰੀ ਨੰਬਰ 1098 ਅਤੇ 15100 ਤੇ ਵੀ ਕਾਲ ਕੀਤੀ ਜਾ ਸਕਦੀ ਹੈ। ਕਾਲਜ ਦੇ ਵਿਦਿਆਰਥਣਾਂ ਵਲੋਂ ਮਾਨਯੋਗ ਜੱਜ ਸਾਹਿਬ ਨੂੰ ਦਸਿਆ ਕਿ ਉਹਨਾਂ ਨੂੰ ਬੱਸਾਂ ਵਿਚ ਅਤੇ ਰਸਤੇ ਵਿਚ ਲੜਕਿਆਂ ਵਲੋਂ ਪ੍ਰੇਸ਼ਾਨ ਕੀਤਾ ਜਾਂਦਾ ਹੈ ਤਾਂ ਉਸ ਸਬੰਧੀ ਉਹ ਜਦੋਂ ਵੀ ਪੁਲਿਸ ਥਾਣੇ ਵਿਚ ਸ਼ਿਕਾਇਤ ਦਰਜ ਕਰਵਾਉਂਦੇ ਹਨ ਤਾਂ ਉਹਨਾਂ ਦੀ ਸੁਣਵਾਈ ਨਹੀਂ ਹੁੰਦੀ। ਇਸ ਸਬੰਧੀ ਮਾਨਯੋਗ ਜੱਜ ਸਾਹਿਬ ਨੇ ਦਸਿਆ ਕਿ ਜੇਕਰ ਆਪ ਨਾਲ ਕਿਸੇ ਕਿਸਮ ਦੀ ਕੋਈ ਛੇੜ-ਛਾੜ ਹੁੰਦੀ ਹੈ ਤਾਂ ਉਸ ਸਬੰਧੀ ਜਿਲ੍ਹਾਂ ਕਾਨੂੰਨੀ ਸੇਵਾਵਾਂ ਦੀ ਸਹਾਇਤਾ ਲਈ ਜਾ ਸਕਦੀ ਹੈ। ਉਹਨਾਂ ਨੇ ਕਾਲਜ ਨੂੰ ਕਮੇਟੀ ਬਣਾਉਣ ਲਈ ਕਿਹਾ ਗਿਆ, ਜਿਸ ਵਿਚ ਕਾਲਜ ਦੇ ਸੀਨੀਅਰ ਅਧਿਆਪਕ ਨੂੰ ਚੈਅਰਮੇਨ ਅਤੇ ਇੱਕ ਮੈਂਬਰ ਅਤੇ ਇੱਕ ਸ਼ੋਸ਼ਲ ਵਰਕਰ ਹੋਣਾ ਚਾਹੀਦਾ ਹੈ ਜੋ ਕਿ ਕਾਲਜ ਵਿਚ ਕਿਸੇ ਵਿਦਿਆਰਥਣ ਨਾਲ ਕੋਈ ਵੀ ਲੜਕਾ ਗਲਤ ਹਰਕਤ ਕਰਦਾ ਹੈ ਤਾਂ ਉਸ ਸਬੰਧੀ ਉਹ ਸ਼ਿਕਾਇਤ ਦਰਜ ਕਰਵਾ ਸਕੇ।

ਇਸ ਕਮੇਟੀ ਸਬੰਧੀ ਕਾਲਜ ਦੇ ਬਾਹਰ ਬੋਰਡ ਲਗਾਉਣਾ ਜਰੂਰੀ ਹੈ ਉਸ ਉਪਰ ਟੈਲੀਫੋਨ ਨੰਬਰ ਵੀ ਲਿਖੇ ਹੋਣੇ ਜਰੂਰੀ ਹਨ। ਇਸ ਮੌਕੇ ਨਸ਼ੇ ਦੇ ਬੁਰੇ ਪ੍ਰਭਾਵਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਹਨਾਂ ਦੱਸਿਆ ਕਿ 14 ਸਤੰਬਰ 2024 ਨੂੰ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜੇਕਰ ਕਿਸੇ ਧਿਰ ਨੇ ਆਪਣੇ ਝਗੜੇ ਦਾ ਨਿਪਟਾਰਾ ਕਰਵਾਉਣਾ ਚਾਹੁੰਦਾ ਹੈ ਸਬੰਧਤ ਅਦਾਲਤ ਅਤੇ ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਨੂੰ ਦਸਿਆ ਜਾਵੇ। ਹੋਰ ਵਧੇਰੇ ਜਾਣਕਾਰੀ ਲੈਣ ਲਈ 15100 ਟੋਲ ਫ੍ਰੀ ਤੇ ਵੀ ਗੱਲਬਾਤ ਕੀਤੀ ਜਾ ਸਕਦੀ ਹੈ।

# ਕੈਬਨਿਟ ਮੰਤਰੀ ਜਿੰਪਾ ਨੇ ਈ.ਐਸ.ਆਈ ਹਸਪਤਾਲ ਪਹੁੰਚ ਕੇ ਡਾਇਰਿਆ ਦੇ ਮਰੀਜ਼ਾਂ ਦਾ ਪੁੱਛਿਆ ਹਾਲ



**ਹੁਸ਼ਿਆਰਪੁਰ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਈ.ਐਸ.ਆਈ ਹਸਪਤਾਲ ਹੁਸ਼ਿਆਰਪੁਰ ਦਾ ਦੌਰਾ ਕੀਤਾ ਅਤੇ ਉਥੇ ਦਾਖਲ ਡਾਇਰਿਆ ਦੇ 37 ਮਰੀਜ਼ਾਂ ਦਾ ਹਾਲ ਚਾਲ ਪੁੱਛਿਆ। ਇਹ ਸਾਰੇ ਮਰੀਜ ਮੁਹੱਲਾ ਭੀਮ ਨਗਰ ਦੇ ਵਾਸੀ ਹੈ, ਜਿਨ੍ਹਾਂ ਨੂੰ ਡਾਇਰਿਆ ਦੇ ਚੱਲਦੇ ਹਸਪਤਾਲ ਵਿਚ ਭਰਤੀ ਕੀਤਾ ਗਿਆ ਹੈ। ਕੈਬਨਿਟ ਮੰਤਰੀ ਨੇ ਮਰੀਜ਼ਾਂ ਦੇ ਯੋਗ ਇਲਾਜ ਅਤੇ ਸੁਵਿਧਾਵਾਂ ਦੀ ਜਾਣਕਾਰੀ ਲੈਂਦਿਆਂ ਉਨ੍ਹਾਂ ਦੀ ਸਿਹਤ ਵਿੱਚ ਹੋ ਰਹੇ ਸੁਧਾਰ 'ਤੇ ਤਸੱਲੀ ਪ੍ਰਗਟਾਈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਹਸਪਤਾਲ ਪ੍ਰਸ਼ਾਸਨ ਮਰੀਜ਼ਾਂ ਦੇ ਇਲਾਜ ਪ੍ਰਤੀ ਪੂਰੀ ਤਰ੍ਹਾਂ ਗੰਭੀਰ ਹੈ। ਹਸਪਤਾਲ ਦੇ ਐਸ.ਐਸ.ਓ ਦੇ ਨਾਲ-ਨਾਲ ਸਿਵਲ ਸਰਜਨ ਡਾ. ਪਵਨ ਕੁਮਾਰ ਖੁੱਦ ਇਲਾਜ ਦੀ ਨਿਗਰਾਨੀ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਾਰੇ ਮਰੀਜ਼ਾਂ ਦਾ ਇਲਾਜ ਚੰਗੀ ਤਰ੍ਹਾਂ ਨਾਲ ਹੋ ਰਿਹਾ ਹੈ ਅਤੇ ਹਸਤਾਲ ਵੱਲੋਂ ਸਾਰੀਆਂ ਜ਼ਰੂਰੀ ਮੈਡੀਕਲ ਸੇਵਾਵਾਂ ਮੁਹੱਈਆਂ ਜਾ ਰਹੀਆਂ ਹਨ।

ਕੈਬਨਿ ਮੰਤਰੀ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਭੀਮ ਨਗਰ ਇਲਾਕੇ ਵਿਚ ਪਿਛਲੇ ਦਿਨਾਂ ਸੀਵਰੇਜ ਦਾ ਪਾਣੀ ਪੀਣ ਵਾਲੇ ਪਾਣੀ ਦੇ ਨਾਲ ਮਿਲਣ ਦੀ ਸਮੱਸਿਆ ਆਈ ਸੀ, ਜਿਸ ਨੂੰ ਨਿਗਮ ਅਧਿਕਾਰੀਆਂ ਵੱਲੋਂ ਤੁਰੰਤ ਠੀਕ ਕਰ ਦਿੱਤਾ ਗਿਆ ਸੀ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਭੀਮ ਨਗਰ ਵਿਚ ਮੈਡੀਕਲ ਕੈਂਪ ਲਗਾਇਆ ਗਿਆ ਹੈ, ਜਿਥੇ ਲੋਕਾਂ ਨੂੰ ਓ.ਆਰ.ਐਸ ਅਤੇ ਜਿੰਕ ਦੀ ਦਵਾਈ ਦਿੱਤੀ ਜਾ ਰਹੀ ਹੈ। ਇਸ ਦੇ ਨਾਲ ਹੀ ਸਿਹਤ ਵਿਭਾਗ ਦੇ ਮਾਸ ਮੀਡੀਆ ਵਿੰਗ ਵੱਲੋਂ ਇਲਾਕੇ ਦੇ ਲੋਕਾਂ ਨੂੰ ਜਾਗਰੂਕ ਵੀ ਕੀਤਾ ਜਾ ਰਿਹਾ ਹੈ।

ਬ੍ਰਮ ਸ਼ੰਕਰ ਜਿੰਪਾ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਇਸ ਇਲਾਕੇ ਵਿਚ ਨਿਯਮਿਤ ਤੌਰ 'ਤੇ ਨਿਗਰਾਨੀ ਬਣਾਏ ਰੱਖਣ, ਤਾਂ ਜੋ ਭਵਿੱਖ ਵਿਚ ਇਸ ਤਰ੍ਹਾਂ ਦੀ ਕੋਹੀ ਸਮੱਸਿਆ ਨਾ ਹੋਵੇ। ਉਨ੍ਹਾਂ ਕਿਹਾ ਕਿ ਪੰਜਾਬ ਸੂਬਾ ਸਰਕਾਰ ਨਾਗਰਿਕਾਂ ਦੀ ਸਿਹਤ ਅਤੇ ਸਫਾਈ ਨੂੰ ਸਭ ਤੋਂ ਵੱਧ ਤਰਜ਼ੀਹ ਦਿੰਦੀ ਹੈ।

ਉਨ੍ਹਾਂ ਨਗਰ ਨਿਗਮ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਇਲਾਕੇ ਵਿਚ ਸਾਫ-ਸਫ਼ਾਈ ਅਤੇ ਪਾਣੀ ਦੀ ਗੁਣਵੱਤਾ 'ਤੇ ਵਿਸ਼ੇਸ਼ ਧਿਆਨ ਦੇਣ, ਤਾਂ ਜੋ ਭਵਿੱਖ ਵਿਚ ਇਸ ਤਰ੍ਹਾਂ ਦੀ ਸਥਿਤੀ ਤੋਂ ਬਚਿਆ ਜਾ ਸਕੇ। ਉਨ੍ਹਾਂ ਭੀਰ ਨਗਰ ਦੇ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਸਰਕਾਰ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਲੈ ਕੇ ਪੂਰੀ ਤਰ੍ਹਾਂ ਜਾਣੂ ਹੈ ਅਤੇ ਸਾਰੇ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ।ਉਨ੍ਹਾਂ ਸਥਾਨਕ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਾਫ-ਸਫਾਈ ਦਾ ਵਿਸ਼ੇਸ਼ ਧਿਆਨ ਰੱਖਣ ਅਤੇ ਕਿਸੇ ਵੀ ਸਮੱਸਿਆ ਦੇ ਤੁਰੰਤ ਹੱਲ ਲਈ ਨਿਗਮ ਅਧਿਕਾਰੀਆਂ ਨਾਲ ਸੰਪਰਕ ਕਰਨ।ਇਸ ਮੌਕੇ ਮੇਅਰ ਸੁਰਿੰਦਰ ਕੁਮਾਰ , ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤਾ ਚੌਧਰੀ, ਸਿਵਲ ਸਰਜਨ ਡਾ. ਪਵਨ ਕੁਮਾਰ, ਕੌਂਸਲਰ ਮਨਜੀਤ ਕੌਰ, ਕੁਲਵਿੰਦਰ ਸਿੰਘ ਹੁੰਦਲ ਵੀ ਮੌਜੂਦ ਸਨ।

# ਡਾ: ਜਤਿੰਦਰ ਸਿੰਘ ਗਿੱਲ ਨੂੰ ਸਹਾਇਕ ਸਿਵਲ ਸਰਜਨ ਵਜੋਂ ਅਹੁਦਾ ਸੰਭਾਲਣ 'ਤੇ ਕੀਤਾ ਸਨਮਾਨਿਤ



**ਤਰਨ ਤਾਰਨ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਫ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਹਾਇਕ ਸਿਵਲ ਸਰਜਨ ਡਾ: ਜਤਿੰਦਰ ਸਿੰਘ ਗਿੱਲ ਨੇ ਸਮੂਹ ਸਟਾਫ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿਚ ਸਾਰੇ ਸਟਾਫ ਨੂੰ ਦਫਤਰ ਵਿਚ ਕੰਮਕਾਜ ਇਮਾਨਦਾਰੀ ਅਤੇ ਲਗਨ ਨਾਲ ਕਰਨ ਲਈ ਕਿਹਾ। ਇਸ ਮੌਕੇ ਉਨ੍ਹਾਂ ਹਾਜ਼ਰ ਸਟਾਫ ਨੂੰ ਕਿਹਾ ਕਿ ਸਿਹਤ ਸਹੂਲਤਾਂ ਨੂੰ ਘਰ—ਘਰ ਪਹੁੰਚਾਉਣ ਲਈ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਜਾਵੇ, ਤਾਂ ਜ਼ੋ ਹਰੇਕ ਲਾਭਪਾਤਰੀ ਤੱਕ ਸਰਕਾਰੀ ਸਹੂਲਤਾਂ ਦਾ ਲਾਭ ਪਹੁੰਚ ਸਕੇ।ਇਸ ਮੌਕੇ ਪਰਮਜੀਤ ਸਿੰਘ ਸੇਵਾ ਮੁਕਤ ਫਾਰਮੇਸੀ ਅਫ਼ਸਰ, ਜ਼ਸਕੀਰਤ ਸਿੰਘ ਫਾਰਮੇਸੀ ਅਫ਼ਸਰ, ਪ੍ਰਭਜੋਤ ਕੌਰ ਫਾਰਮੇਸੀ ਅਫ਼ਸਰ, ਜਸਵਿੰਦਰ ਕੌਰ ਕੰਪਿਊਟਰ ਆਪ੍ਰੇਟਰ,, ਤਰਜੀਤ ਕੌਰ ਨਰਸਿੰਗ ਸਿਸਟਰ, ਗੁਰਜੀਤ ਸਿੰਘ ਓ.ਟੀ. ਅਸਿਸਟੈਂਟ, ਹਰੀ ਪ੍ਰਸ਼ਾਦ ਲੈਬ ਟੈਕਨੀਸ਼ੀਅਨ, ਬਿਹਾਰੀ ਲਾਲ ਸੇਵਾ ਮੁਕਤ ਐਸ.ਆਈ., ਰਜਿੰਦਰ ਸਿੰਘ ਐਮ.ਪੀ.ਐਚ. ਡਬਲਯੂ., ਪਰਦੀਪ ਸਿੰਘ ਐਮ.ਪੀ.ਐਚ.ਡਬਲਯੂ ਅਤੇ ਗੁਰਜੀਤ ਸਿੰਘ ਵੱਲੋਂ ਸਹਾਇਕ ਸਿਵਲ ਸਰਜਨ ਡਾ: ਜਤਿੰਦਰ ਸਿੰਘ ਗਿੱਲ ਨੂੰ ਅਹੁਦਾ ਸੰਭਾਲਣ *ਤੇ ਸ਼ੁੱਭਕਾਮਨਾਵਾਂ ਦਿੱਤੀਆਂ।

# ਖੁਸ਼ੀ ਫਾਊਂਡੇਸ਼ਨ ਵੱਲੋਂ ਵੰਡਿਆ ਗਿਆ ਸਕੂਲ ਵਿਖੇ ਬਚਿਆਂ ਨੂੰ ਜ਼ਰੂਰਤ ਦਾ ਸਮਾਨ



**ਫਾਜ਼ਿਲਕਾ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਖੁਸ਼ੀ ਫਾਊਂਡੇਸ਼ਨ ਦੇ ਪ੍ਰਧਾਨ ਖੁਸ਼ਬੂ ਸਾਵਨਸੁਖਾ ਸਵਨਾ ਧਰਮਪਤਨੀ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਵੱਲੋਂ ਸਕੂਲ ਵਿਖੇ ਪਹੁੰਚ ਕੇ ਜਰੂਰਤ ਦਾ ਸਮਾਨ ਵੰਡਿਆ ਗਿਆ। ਇਹ ਸਕੂਲ ਨੌਜਵਾਨ ਸੇਵਾ ਸੰਸਥਾ ਵੱਲੋਂ ਚਲਾਇਆ ਜਾ ਰਿਹਾ ਹੈ।

ਖੁਸ਼ਬੂ ਸਾਵਨਸੁਖਾ ਨੇ ਆਖਿਆ ਕਿ ਬਚਿਆਂ ਨੂੰ ਬੁਨਿਆਦੀ ਸਹੂਲਤਾਂ ਹਰ ਹੀਲੇ ਮਿਲਣੀਆਂ ਚਾਹੀਦੀਆਂ ਹਨ। ਖਾਸ ਕਰਕੇ ਹਰ ਬਚਿਆਂ ਨੂੰ ਪੜ੍ਹਾਈ ਤੋਂ ਵਾਂਝਾ ਨਹੀਂ ਰਖਣਾ ਚਾਹੀਦਾ ਹੈ। ਹਰ ਇਕ ਬਚੇ ਨੂੰ ਪੜ੍ਹਾਈ ਜਰੂਰ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜਿੰਦਗੀ ਵਿਚ ਸਫਲ ਹੋਣ ਲਈ ਸਭ ਤੋਂ ਪਹਿਲਾ ਪੜਾਅ ਪੜ੍ਹਾਈ ਹੈ। ਪੜ੍ਹਾਈ ਬਚੇ ਨੂੰ ਸਮਾਜ ਵਿਚ ਰਹਿਣ—ਸਹਿਣ ਤੇ ਸਮਾਜਿਕ ਗਤੀਵਿਧੀਆਂ ਵਿਚ ਹਿਸੇਦਾਰੀ ਪਾਉਣ ਦਾ ਉਦੇਸ਼ ਸਿਖਾਉਂਦੀ ਹੈ।

ਉਨ੍ਹਾਂ ਮਾਪਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਹਰ ਬਚੇ ਨੂੰ ਪੜ੍ਹਾਈ ਜਰੂਰ ਕਰਵਾਈ ਜਾਵੇ। ਉਨ੍ਹਾਂ ਬਚਿਆਂ ਨੂੰ ਪੜ੍ਹਾਈ ਨਾਲ ਸਬੰਧਤ ਜਰੂਰੀ ਸਮਾਨ ਦੀ ਵੰਡ ਕਰਦਿਆਂ ਕਿਹਾ ਕਿ ਬਚਿਆਂ ਅੰਦਰ ਹੁਨਰ ਬਹੁਤ ਹੁੰਦਾ ਹੈ ਬਸ ਲੋੜ ਹੁੰਦੀ ਹੈ ਉਸਨੂੰ ਪਹਿਚਾਨਣ ਦੀ ਤੇ ਪਰਖਣ ਦੀ।

ਉਨ੍ਹਾਂ ਕਿਹਾ ਕਿ ਬਚਿਆਂ ਨੂੰ ਵੱਧ ਚੜ੍ਹ ਕੇ ਮਿਹਨਤ ਕਰਨੀ ਚਾਹੀਦੀ ਹੈ ਤਾਂ ਜ਼ੋ ਉਹ ਵੱਡੇ ਹੋ ਕੇ ਇਕ ਚੰਗੇ ਇਨਸਾਨ ਬਣਨ ਦੇ ਨਾਲ—ਨਾਲ ਉਚੇ ਮੁਕਾਮਾਂ *ਤੇ ਪਹੁੰਚ ਸਕਣ।

# ਸੀ.ਐਮ ਯੋਗਸ਼ਾਲਾ ਦਾ ਵੱਧ ਤੋਂ ਵੱਧ ਲਾਭ ਲੈ ਕੇ ਸਿਹਤਮੰਦ ਜੀਵਨ ਸ਼ੈਲੀ ਅਪਨਾਉਣ ਲੋਕ : ਡਿਪਟੀ ਕਮਿਸ਼ਨਰ

**ਮਲੇਰਕੋਟਲਾ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਯੋਗ ਸਿਰਫ਼ ਸਰੀਰਕ ਕਸਰਤ ਨਹੀਂ, ਇਹ ਮਨ, ਸਰੀਰ ਅਤੇ ਆਤਮਾ ਦਾ ਸਮਰਸਿਆ ਮੇਲ ਹੈ। ਸਹੀ ਯੋਗਾ ਨਿੱਤ ਦੀ ਜ਼ਿੰਦਗੀ ਵਿੱਚ ਸੰਤੁਲਨ, ਸ਼ਾਂਤੀ ਅਤੇ ਸਵੈ-ਅਨੁਭਵ ਦੀ ਪਹੁੰਚ ਹੈ।÷ਪੰਜਾਬ ਸਰਕਾਰ ਵੱਲੋਂ ਪੰਜਾਬੀਆਂ ਦੀ ਸਿਹਤਮੰਦ ਜੀਵਨ ਸ਼ੈਲੀ ਵੱਲ ਲਜਾਉਂਣ ਲਈ ਬਿਹਤਰੀਨ ਪ੍ਰੋਗਰਾਮ ਸੀ.ਐਮ ਦੀ ਯੋਗਸ਼ਾਲਾ ਦੀ ਸ਼ੁਰੂਆਤ ਕੀਤੀ ਹੈ। ਇਸ ਗੱਲ ਦੀ ਜਾਣਕਾਰੀ ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਦਿੱਤੀ ।

ਉਨ੍ਹਾਂ ਜ਼ਿਲ੍ਹੇ ਦੇ ਆਵਾਮ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦਾ ਸੀ.ਐਮ ਯੋਗਸ਼ਾਲਾ ਆਯੋਜਿਤ ਕਰਨ ਦਾ ਮਨੋਰਥ ਨਾਗਰਿਕਾਂ ਦੀ ਸ਼ਰੀਰਕ ਅਤੇ ਮਾਨਸਿਕ ਸਿਹਤ ਨੂੰ ਬਿਹਤਰ ਬਣਾਕੇ ਕੇ ਯੋਗ ਨਾਲ ਜੋੜਨਾ ਹੈ ਤਾਂ ਜੋ ਲੋਕਾਂ ਦੀ ਮਾਨਸਿਕ ਅਤੇ ਸਰੀਰਕ ਸਿਹਤ ਬੇਹਤਰ ਹੋ ਸਕੇ ਅਤੇ ਰੰਗਲੇ ਪੰਜਾਬ ਦੀ ਉਸਾਰੀ ਵਿੱਚ ਉਹ ਆਪਣਾ ਅਹਿਮ ਰੋਲ ਅਦਾ ਕਰ ਸਕਣ ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨਾਗਰਿਕਾਂ ਨੂੰ ਮੁਫ਼ਤ ਯੋਗ ਕਲਾਸਾਂ ਦੇਣ ਦੀ ਇਕ ਪਹਿਲਕਦਮੀ ਕਰਦਿਆਂ ਪੰਜਾਬ ਵਿਚ ਪ੍ਰਮਾਣਿਤ ਯੋਗ ਅਧਿਆਪਕਾਂ ਦੀ ਇਕ ਟੀਮ ਸਥਾਪਿਤ ਕੀਤੀ, ਤਾਂ ਜੋ ਯੋਗ ਨੂੰ ਘਰ-ਘਰ ਤੱਕ ਪਹੁੰਚਾਇਆ ਜਾ ਸਕੇ ਅਤੇ ਜਨਤਾ ਨੂੰ ਯੋਗ ਟੀਚਰਾਂ ਦੀ ਸੁਵਿਧਾ ਦੇ ਕੇ ਇਸ ਨੂੰ ਇਕ ਜਨ ਅੰਦੋਲਨ ਵਿਚ ਬਦਲਿਆ ਜਾ ਸਕੇ।



ਉਨ੍ਹਾਂ ਦੱਸਿਆ ਕਿ ਮਾਲੇਰਕੋਟਲਾ ਸ਼ਹਿਰ ਵਿਚ 47 ਯੋਗ ਕਲਾਸਾਂ ਤੋਂ ਇਲਾਵਾ ਜ਼ਿਲ੍ਹੇ ਦੀ ਸਬ ਡਵੀਜਨ ਅਹਿਮਦਗੜ੍ਹ ਵਿਖੇ 16 ਅਤੇ ਅਮਰਗੜ੍ਹ ਵਿਖੇ 10 ਸਬ ਡਵੀਜਨਾਂ ਦੇ ਪਾਰਕਾ, ਗੁਰਦੁਆਰਾ ਸਾਹਿਬ, ਮੰਦਰਾਂ ਦੇ ਵਿਹੜੇ ਵਿਚ ਯੋਗ ਦੀਆਂ ਕਰੀਬ 26 ਕਲਾਸਾਂ ਲਗਾਈਆਂ ਜਾ ਰਹੀਆਂ ਹਨ। ਇਸ ਦਾ ਉਦੇਸ਼ ਨਾਗਰਿਕਾਂ ਦੀ ਸਰੀਰਕ ਅਤੇ ਮਾਨਸਿਕ ਸਿਹਤ ਨੂੰ ਬਿਹਤਰ ਬਣਾਉਣ ਵਿਚ ਧਿਆਨ ਅਤੇ ਯੋਗ ਦੇ ਮਹੱਤਵ ਨੂੰ ਉਜਾਗਰ ਕਰਨਾ ਹੈ। ਉਨ੍ਹਾਂ ਦੱਸਿਆ ਕਿ ਸੀ.ਐਮ ਦੀ ਯੋਗਸ਼ਾਲਾ ਰਾਹੀਂ ਲੋਕਾਂ ਨੂੰ ਉਨ੍ਹਾਂ ਦੁਆਰਾ ਚੁੱਣੇ ਗਏ ਸਥਾਨ ਜਿਵੇਂ ਕਿ ਪਾਰਕਾਂ, ਜਨਤਕ ਥਾਵਾਂ 'ਤੇ ਮੁਫ਼ਤ ਯੋਗ ਕਲਾਸਾਂ ਲਗਾਈਆਂ ਜਾ ਰਹੀਆਂ ਹਨ।

ਫੈਜ਼ਲ ਨੇ ਕਿਹਾ ਕਿ ÷ਯੋਗ ਸਾਡੇ ਸਰੀਰ ਨੂੰ ਲਚਕੀਲਾ ਅਤੇ ਮਨ ਨੂੰ ਸ਼ਾਂਤ ਬਣਾਉਂਦਾ ਰਿਹਾ ਹੈ, ਜੋ ਸੱਚੀ ਤੰਦਰੁਸਤ ਜੀਵਨ ਦੀ ਚਾਬੀ ਸਾਬਤ ਹੋ ਰਿਹਾ ਹੈ। ਲਗਾਤਾਰ ਯੋਗ ਨੇ ਸਰੀਰਕ,ਮਾਨਸਿਕ ਅਤੇ ਅਧਿਆਤਮਿਕ ਸਿਹਤ ਲਈ ਵੀ ਬਹੁਤ ਅਸਰ ਕਰ ਰਿਹਾ ਅਤੇ ਮੈਨੂੰ ਅੰਦਰੂਨੀ ਸ਼ਾਂਤੀ ਮਿਲੀ ਹੈ, ਜਿਸ ਸਦਕਾ ਮੇਰੀ ਸਿਹਤ ਵਿੱਚ ਸੁਧਾਰ ਹੋਇਆ ਹੈ। ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਦਾ ਇਸ ਤਰ੍ਹਾਂ ਦੇ ਬਿਹਤਰੀਨ ਪ੍ਰੋਗਰਾਮ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਯੋਗ ਦੇ ਕਾਰਨ ਮੇਰੇ ਵਜ਼ਨ ਅਤੇ ਸਰੀਰ ਦੇ ਦਰਦ ਸਬੰਧੀ ਸਮੱਸਿਆਵਾਂ ਨੂੰ ਨਿਯੰਤਰਿਤ ਕਰਨ ਵਿਚ ਮਦਦ ਮਿਲੀ ਹੈ।

ਸਥਾਨਕ ਨਿਵਾਸੀ ਅਜ਼ਮੇਰ ਸਿੰਘ,ਹਰਪ੍ਰੀਤ ਸਿੰਘ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਮ ਜਨਤਾ ਦੇ ਮਾਨਸਿਕ ਅਤੇ ਸਰੀਰਕ ਸਿਹਤ ਨੂੰ ਬਿਹਤਰ ਬਣਾਉਣ ਲਈ ਇਸ ਤਰ੍ਹਾਂ ਦੇ ਉਦੇਸ਼ਪੂਰਨ ਯਤਨ ਦੀ ਸ਼ਲਾਘਾ ਕਰਦਿਆ ਕਿਹਾ ਕਿ ÷ਯੋਗ ਉਹ ਕਲਾ ਹੈ ਜੋ ਸਾਨੂੰ ਸਰੀਰ ਅਤੇ ਮਨ ਨੂੰ ਇੱਕਜੁੱਟ ਕਰਕੇ ਹਰੇਕ ਪਲ ਵਿੱਚ ਜੀਣਾ ਸਿਖਾਉਂਦਾ ਹੈ।÷ ਅਜ਼ਮੇਰ ਸਿੰਘ ਨੇ ਦੱਸਿਆ ਕਿ ਮੈਨੂੰ ਡਿਪਰੈਸ਼ਨ ਦੀ ਸਮੱਸਿਆਂ ਤੋਂ ਨਿਜਾਤ ਮਿਲੀ ਹੈ ।

ਯੋਗ ਮਨ ਦੀ ਸ਼ਾਂਤੀ ਦਾ ਰਾਹ ਹੈ, ਜਿੱਥੇ ਸਾਨੂੰ ਅਸਲੀ ਸੁਖ ਅਤੇ ਸਵੈ-ਅਨੁਭਵ ਪ੍ਰਾਪਤ ਹੁੰਦੇ ਹਨ ÷ ਇਹ ਕਹਿਣਾ ਹੈ ਯੋਗ ਸਾਧਕ ਨੀਤੂ ਜੈਨ ਦਾ । ਸੁਖਮੀਤ ਕੌਰ ,ਸ਼ੈਲੀ ,ਇੰਦਰਪਾਲ ਕੌਰ ਨੇ ਦੱਸਿਆ ਲਗਾਤਾਰ ਯੋਗ ਕਰਨ ਨਾਲ ਉਨ੍ਹਾਂ ਦੀ ਸਰੀਰਕ ਸਿਹਤ ਦੇ ਨਾਲ ਨਾਲ ਮਾਨਸਿਕ ਸਿਹਤ ਵੀ ਬੇਹਤਰ ਹੋਈ ਹੈ । ਉਨ੍ਹਾਂ ਸੁਝਾਅ ਦਿੱਤਾ ਕਿ ਯੋਗ ਸਿਖਾਉਣ ਲਈ ਹੋਰ ਯੋਗਸਾਲਾਵਾਂ ਦਾ ਪ੍ਰਸਾਰ ਕੀਤਾ ਜਾਵੇ ਤਾਂ ਜੋ ਯੋਗ ਘਰ ਘਰ ਪਹੁੰਚ ਸਕੇ ।

ਸੀਐਮ ਦੀ ਯੋਗਸ਼ਾਲਾ ਦੇ ਜ਼ਿਲ੍ਹਾ ਕੋਆਰਡੀਨੇਟਰ ਸ੍ਰੀ ਨਿਰਮਲ ਸਿੰਘ ਨੇ ਦੱਸਿਆ ਕਿ ਜੇਕਰ ਕਿਸੇ ਵਿਅਕਤੀ ਦੇ ਕੋਲ ਯੋਗ ਕਲਾਸ ਕਰਨ ਦਾ ਸਥਾਨ ਉਪਲਬੱਧ ਹੈ ਅਤੇ ਘੱਟ ਤੋਂ ਘੱਟ 25 ਲੋਕਾਂ ਦਾ ਸਮੂਹ ਹੈ, ਤਾਂ ਪੰਜਾਬ ਸਰਕਾਰ ਯੋਗ ਟਰੇਡ ਟੀਚਰਾਂ ਘਰ ਭੇਜੇਗੀ। ਜੇਕਰ ਲੋਕ ਚਾਹੁੰਣ ਤਾਂ ਉਹ ਖੁਦ ਜਾਂ ਇਕ ਵਿਅਕਤੀ ਦੇ ਲਈ ਵੀ ਪੰਜੀਕਰਨ ਕਰ ਸਕਦੇ ਹਨ। ਜੋ ਲੋਕ ਇਨ੍ਹਾਂ ਕਲਾਸਾਂ ਦਾ ਲਾਭ ਲੈਣਾ ਚਾਹੁੰਦੇ ਹਨ ਤਾਂ ਉਹ ਟੋਲ ਫਰੀ ਨੰਬਰ 76694-00500 'ਤੇ ਮਿਸਡ ਕਾਲ ਦੇ ਸਕਦੇ ਹਨ ਜਾਂ ਫਿਰ ਸੀ.ਐਮ ਦੀ ਯੋਗਸ਼ਾਲਾ ਪੋਰਟਲ cmdiyogshala.punjab.gov.in 'ਤੇ ਲਾਗਇਨ ਕਰ ਸਕਦੇ ਹਨ।

# ਡਿਊਟੀ 'ਤੇ ਤਾਇਨਾਤ ਡਾਕਟਰ 'ਤੇ ਹਮਲੇ ਦੀ ਕੋਸ਼ਿਸ਼

**ਲੁਧਿਆਣਾ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੇ ਬੀਤੀ ਦੇਰ ਰਾਤ ਸਿਵਲ ਹਸਪਤਾਲ ਵਿੱਚ ਕੁੱਝ ਲੋਕਾਂ ਨੇ ਡਿਊਟੀ 'ਤੇ ਮੌਜੂਦ ਡਾਕਟਰ 'ਤੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ ? ਜਦਕਿ ਡਾਕਟਰਾਂ ਨੂੰ ਆਪਣੀ ਜਾਨ ਬਚਾਉਣ ਲਈ ਵੱਖਰੇ ਕਮਰੇ ਵਿੱਚ ਜਾਣਾ ਪਿਆ। ਜਾਣਕਾਰੀ ਮੁਤਾਬਕ ਬਸਤੀ ਜੋਧੇਵਾਲ ਇਲਾਕੇ ਵਿੱਚ ਦੋ ਗੁੱਟਾਂ ਵਿੱਚ ਲੜਾਈ ਹੋ ਗਈ ਅਤੇ ਦੋਵੇਂ ਧਿਰਾਂ ਐਮਐੱਲਆਰ ਕਟਵਾਉਣ ਲਈ ਸਿਵਲ ਹਸਪਤਾਲ ਪਹੁੰਚੀਆਂ। ਡਾਕਟਰਾਂ ਨੇ ਇੱਕ ਧਿਰ ਦੀ ਐਮਐੱਲਆਰ ਕੱਟ ਦਿੱਤੀ ਅਤੇ ਦੂਜੀ ਧਿਰ ਨੂੰ ਕਿਹਾ ਕਿ ਉਨ੍ਹਾਂ ਦੀਆਂ ਸੱਟਾਂ ਗੰਭੀਰ ਹਨ, ਪਹਿਲਾਂ ਉਹ ਇਲਾਜ ਕਰਵਾ ਲੈਣ, ਫਿਰ ਐਮਐੱਲਆਰ ਕੱਟ ਦਿੱਤੀ ਜਾਵੇਗੀ, ਪਰ ਉਹ ਸ਼ਰਾਬ ਦੇ ਨਸ਼ੇ ਵਿੱਚ ਹੋਣ ਕਾਰਨ ਬਹਿਸ ਕਰਨ ਲੱਗ ਪਏ। ਡਿਊਟੀ 'ਤੇ ਤਾਇਨਾਤ ਡਾ. ਸੁਨੀਤਾ ਅਗਰਵਾਲ ਨੇ ਉਨ੍ਹਾਂ ਨੂੰ ਸਮਝਾਉਣ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਨੇ ਧਮਕੀਆਂ ਦੇਣੀਆਂ ਸ਼ੁਰੂ ਕਰ ਦਿੱਤੀਆਂ ਅਤੇ ਉਨ੍ਹਾਂ 'ਤੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ। ਸਿਵਲ ਹਸਪਤਾਲ ਦੇ ਐਮਰਜੈਂਸੀ ਵਾਰਡ ਵਿੱਚ ਡਿਊਟੀ 'ਤੇ ਤਾਇਨਾਤ ਡਾ. ਸੁਨੀਤਾ ਅਗਰਵਾਲ ਅਤੇ ਹੋਰ ਡਾਕਟਰਾਂ ਨੇ ਦੋਸ਼ ਲਾਇਆ ਕਿ ਜਦੋਂ ਪੀਸੀਆਰ ਕਰਮਚਾਰੀ ਉੱਥੇ ਪਹੁੰਚੇ ਤਾਂ ਉਨ੍ਹਾਂ ਹਮਲਾਵਰਾਂ ਨੂੰ ਕਾਬੂ ਕਰਨ ਦੀ ਬਜਾਇ ਉਨ੍ਹਾਂ 'ਤੇ ਹੀ ਸਵਾਲ ਖੜ੍ਹੇ ਕਰ ਦਿੱਤੇ ਜਿਸ ਤੋਂ ਬਾਅਦ ਉਨ੍ਹਾਂ ਸੂਚਨਾ ਉੱਚ ਅਧਿਕਾਰੀਆਂ ਨੂੰ ਦਿੱਤੀ ਜਿਸ ਤੋਂ ਬਾਅਦ ਹਮਲਾਵਰ ਉੱਥੋਂ ਫ਼ਰਾਰ ਹੋ ਗਏ। ਉਨ੍ਹਾਂ ਦੋਸ਼ ਲਾਇਆ ਕਿ ਨੌਜਵਾਨ ਸ਼ਰਾਬ ਦੇ ਨਸ਼ੇ ਵਿੱਚ ਸਨ। ਉਨ੍ਹਾਂ ਨੇ ਕਿਸੇ ਦੀ ਨਾ ਸੁਣੀ ਅਤੇ ਹਸਪਤਾਲ ਦੇ ਅੰਦਰ ਹੰਗਾਮਾ ਕਰਨਾ ਸ਼ੁਰੂ ਕਰ ਦਿੱਤਾ ਅਤੇ ਸਰਕਾਰੀ ਜਾਇਦਾਦ ਨੂੰ ਨੁਕਸਾਨ ਪਹੁੰਚਾਇਆ।

# ਗੁਣਕਾਰੀ ਹੈ ਨਿੰਮ



**ਨਿੰਮ ਸਾਡੇ ਸਰੀਰ ਲਈ ਬਹੁਤ ਹੀ ਫ਼ਾਇਦੇਮੰਦ ਹੈ। ਇਸ ਦੀ ਵਰਤੋਂ ਦਵਾਈਆਂ 'ਚ ਵੀ ਕੀਤੀ ਜਾਂਦੀ ਹੈ ...**

ਨਿੰਮ ਇਕ ਚਮਤਕਾਰੀ ਪੌਦਾ ਮੰਨਿਆ ਜਾਂਦਾ ਹੈ। ਭਾਰਤ 'ਚ ਇਕ ਪ੍ਰਚਲਿਤ ਕਹਾਵਤ ਹੈ ਕਿ ਜਿਸ ਧਰਤੀ 'ਤੇ ਨਿੰਮ ਦਾ ਪੌਦਾ ਹੁੰਦਾ ਹੈ ਉੱਥੇ ਮੌਤ ਤੇ ਬਿਮਾਰੀ ਨਹੀਂ ਹੁੰਦੀ। ਇਹ ਕਈਆ ਬਿਮਾਰੀਆਂ ਨੂੰ ਦੂਰ ਕਰਦੀ ਹੈ। ਸੁਆਦ 'ਚ ਬਹੁਤ ਹੀ ਕੌੜੀ ਹੈ ਪਰ ਸਰੀਰ ਲਈ ਬਹੁਤ ਹੀ ਮਹੱਤਵਪੂਰਨ ਹੈ। ਨਿੰਮ ਦੇ ਪੌਦਿਆਂ ਦੇ ਵੱਖ-ਵੱਖ ਹਿੱਸੇ ਜਿਵੇਂ ਪੱਤੇ, ਫਲ, ਤੇਲ, ਟਾਹਣੀ ਆਦਿ ਸਾਡੇ ਜੀਵਨ ਨੂੰ ਰੋਗ ਮੁਕਤ ਬਣਾਉਣ 'ਚ ਕਾਫ਼ੀ ਮਦਦਗਾਰ ਹਨ। ਨਿੰਮ 'ਚ ਬਹੁਤ ਹੀ ਜ਼ਿਆਦਾ ਗੁਣ ਹੁੰਦੇ ਹਨ। ਇਸ ਨੂੰ ਹਰ ਇਕ ਬਿਮਾਰੀ ਦੇ ਲਈ ਵਰਤਿਆ ਜਾਂਦਾ ਹੈ।

### ਜਲੇ ਤੇ ਫੋੜੇ-ਫਿੰਸੀਆਂ ਲਈ

ਸਰੀਰ ਦਾ ਕੋਈ ਵੀ ਹਿੱਸਾ ਜਲਿਆ ਹੋਵੇ ਤਾਂ ਤੇਲ ਜਾਂ ਪੱਤੇ ਨੂੰ ਪੀਸ ਕੇ ਉਸ 'ਤੇ ਲਗਾਉਣ ਨਾਲ ਆਰਾਮ ਮਿਲਦਾ ਹੈ। ਜੇ ਤੁਸੀ ਫੋੜੇ ਜਾਂ ਫਿੰਸੀਆਂ ਦੀ ਸਮੱਸਿਆ ਤੋਂ ਬਚਣਾ ਚਾਹੁੰਦੇ ਹੋ ਤਾਂ ਨਿੰਮ ਦੇ ਪੱਤੇ ਤੇ ਫਲਾਂ ਨੂੰ ਬਰਾਬਰ ਮਾਤਰਾ 'ਚ ਪੀਸ ਲਵੋ ਤੇ ਫਿਰ ਇਸ ਦੀ ਪੇਸਟ ਬਣਾ ਕੇ ਚਮੜੀ 'ਤੇ ਲਗਾਓ। ਇਸ ਨਾਲ ਫੋੜੇ-ਫਿੰਸੀਆਂ ਜਲਦੀ ਠੀਕ ਹੋ ਜਾਂਦੇ ਹਨ। ਨਿੰਮ ਦੀਆਂ ਪੱਤੀਆਂ ਨੂੰ ਪਾਣੀ 'ਚ ਉਬਾਲ ਕੇ ਉਸ ਪਾਣੀ ਨੂੰ ਠੰਢਾ ਕਰ ਕੇ ਉਸ ਨਾਲ ਮੂੰਹ ਧੋਣ ਨਾਲ ਚਿਹਰੇ ਤੋਂ ਦਾਗ਼ ਵੀ ਖ਼ਤਮ ਹੋ ਜਾਂਦੇ ਹਨ।

### ਪੀਲੀਆ

ਪੀਲੀਏ 'ਚ ਨਿੰਮ ਦਾ ਸੇਵਨ ਕਰਨਾ ਬਹੁਤ ਹੀ ਲਾਭਕਾਰੀ ਹੈ। ਰੋਗੀ ਨੂੰ ਨਿੰਮ ਦੇ ਪੱਤਿਆਂ ਦਾ ਚੂਰਨ ਬਣਾ ਕੇ ਦੇਣਾ ਚਾਹੀਦਾ ਹੈ। ਪੱਤਿਆਂ ਦੇ ਰਸ 'ਚ ਸ਼ਹਿਦ ਮਿਲਾ ਕੇ ਪੀਣ ਨਾਲ ਪੀਲੀਆ ਠੀਕ ਹੋਣ ਦੀ ਸੰਭਾਵਨਾ ਹੁੰਦੀ ਹੈ।

### ਪੱਥਰੀ 'ਚ ਲਾਭਕਾਰੀ

ਪੱਥਰੀ ਦੀ ਸਮੱਸਿਆ ਤੋਂ ਬਚਣ ਲਈ ਲਗਪਗ 150 ਗ੍ਰਾਮ ਨਿੰਮ ਦੀਆਂ ਪੱਤੀਆਂ ਨੂੰ 1 ਲਿਟਰ ਪਾਣੀ 'ਚ ਪੀਸ ਕੇ ਉਬਾਲ ਲਵੋ। ਇਸ ਪਾਣੀ ਨੂੰ ਠੰਢਾ ਕਰ ਕੇ ਪੀਣ 'ਤੇ ਪੱਥਰੀ ਦੀ ਸਮੱਸਿਆ ਤੋਂ ਨਜਾਤ ਪਾਈ ਜਾ ਸਕਦੀ ਹੈ। ਜੇ ਪੱਥਰੀ ਕਿਡਨੀ 'ਚ ਹੈ ਤਾਂ ਫਿਰ ਨਿੰਮ ਦੇ ਪੱਤਿਆਂ ਦੀ ਲਗਪਗ 2 ਗ੍ਰਾਮ ਰਾਖ ਪਾਣੀ ਦੇ ਨਾਲ ਲਵੋ। ਇਸ ਨਾਲ ਕਾਫ਼ੀ ਲਾਭ ਹੋ ਸਕਦਾ ਹੈ।

### ਪੇਟ ਸਬੰਧੀ ਸਮੱਸਿਆਵਾਂ

ਜੇ ਤੁਹਾਡੇ ਪੇਟ 'ਚ ਅਨੇਕਾਂ ਪਰੇਸ਼ਾਨੀਆਂ ਹਨ ਤਾਂ ਇਸ ਤਰ੍ਹਾਂ ਦੇ ਹਾਲਾਤ 'ਚ ਤੁਸੀ ਨਿੰਮ ਦਾ ਇਸਤੇਮਾਲ ਕਰ ਸਕਦੇ ਹੋ। ਪੇਟ ਦੇ ਕੀੜਿਆਂ ਨੂੰ ਨਸ਼ਟ ਕਰਨ ਲਈ ਨਿੰਮ ਦੇ ਪੱਤਿਆਂ ਦਾ ਰਸ ਸ਼ਹਿਦ ਤੇ ਕਾਲੀ ਮਿਰਚ 'ਚ ਮਿਲਾ ਕੇ ਪੀਣ ਨਾਲ ਇਸ ਸਮੱਸਿਆ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ। ਨਿੰਮ ਦੇ ਫੁੱਲਾਂ ਨੂੰ ਪੀਸ ਕੇ ਗਰਮ ਪਾਣੀ 'ਚ ਪਾ ਲਵੋ ਤੇ ਫਿਰ ਛਾਣ ਕੇ ਪੀ ਲਵੋ। ਇਸ ਨਾਲ ਕਬਜ਼ ਦੂਰ ਹੋ ਜਾਂਦੀ ਹੈ। ਇਸ ਦੀਆਂ ਪੱਤੀਆਂ ਨੂੰ ਖਾਣ ਨਾਲ ਪੇਟ ਨੂੰ ਆਰਾਮ ਮਿਲਦਾ ਹੈ।

### ਡਾਇਬਟੀਜ਼ ਤੇ ਕੋਲੈਸਟ੍ਰੋਲ

ਸਵੇਰ ਸਮੇਂ ਨਿੰਮ ਦਾ ਜੂਸ ਪੀਣ ਨਾਲ ਡਾਇਬਟੀਜ਼ ਦੀ ਸਮੱਸਿਆ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ। ਨਿੰਮ ਤੇ ਮੇਥੀ ਦੇ ਚੂਰਨ ਦਾ ਕਾੜ੍ਹਾ ਬਣਾ ਕੇ ਪੀਣ ਨਾਲ ਡਾਇਬਟੀਜ਼ 'ਚ ਲਾਭ ਮਿਲਦਾ ਹੈ। ਇਸ ਦੇ ਇਲਾਵਾ ਨਿੰਮ ਦੇ ਪੱਤਿਆਂ ਦਾ ਜੂਸ ਤੇ ਕੰਵਾਰ ਗੰਦਲ ਜੂਸ ਦੇ ਨਾਲ ਮਿਲਾ ਕੇ ਪੀਣ ਨਾਲ ਸ਼ੂਗਰ ਕੰਟਰੋਲ ਕੀਤੀ ਜਾ ਸਕਦੀ ਹੈ। 200 ਗ੍ਰਾਮ ਨਿੰਮ ਦੀਆਂ ਪੱਤੀਆਂ ਦੀ ਵਰਤੋਂ ਕਰਨ ਨਾਲ ਕੋਲੈਸਟ੍ਰੋਲ ਦੀ ਮਾਤਰਾ ਕਾਫ਼ੀ ਘੱਟ ਹੋ ਜਾਂਦੀ ਹੈ। ਨਿੰਮ ਦਾ ਮਹੀਨੇ 'ਚ 10 ਦਿਨ ਸੇਵਨ ਕਰਨ ਨਾਲ ਹਾਰਟ ਅਟੈਕ ਦਾ ਖ਼ਤਰਾ ਘੱਟ ਜਾਂਦਾ ਹੈ। • ਫੀਚਰ ਡੈਸਕ

### ਕੰਨਾਂ ਤੇ ਦੰਦਾਂ ਦੇ ਰੋਗ

**ਕੰਨ 'ਚ ਨਿੰਮ ਦਾ ਤੇਲ ਪਾਉਣ ਨਾਲ ਕੰਨ ਦਾ ਦਰਦ ਠੀਕ ਹੋ ਜਾਂਦਾ ਹੈ। ਨਿੰਮ ਦੇ ਤੇਲ ਨੂੰ ਤੇਜ਼ ਗਰਮ ਕਰ ਕੇ ਪੂਰੀ ਤਰ੍ਹਾਂ ਸਾੜ ਲਵੋ ਤੇ ਠੰਢਾ ਹੋਣ 'ਤੇ ਲਗਾਤਾਰ ਇਕ ਹਫ਼ਤੇ ਤਕ ਪਾਓ ਕੁੱਝ ਕੁ ਦਿਨਾਂ 'ਚ ਕੰਨ ਠੀਕ ਹੋ ਜਾਵੇਗਾ। ਇਸ ਦੇ ਇਲਾਵਾ ਨਿੰਮ ਦੰਦਾਂ ਦੇ ਲਈ ਵੀ ਲਾਭਕਾਰੀ ਹੈ। ਨਿੰਮ ਦਾ ਟੂੱਥਪੇਸਟ ਇਸਤੇਮਾਲ ਕਰਨ ਨਾਲ ਦੰਦਾਂ 'ਚ ਪਾਏ ਜਾਣ ਵਾਲੇ ਕੀਟਾਣੂ ਨਸ਼ਟ ਹੋ ਜਾਂਦੇ ਹਨ। ਇਸ ਨਾਲ ਮਸੂੜੇ ਮਜ਼ਬੂਤ, ਦੰਦ ਚਮਕੀਲੇ ਤੇ ਨਿਰੋਗੀ ਹੋ ਜਾਂਦੇ ਹਨ। ਇਸ ਦੀਆਂ ਪੱਤੀਆਂ ਉਬਾਲ ਕੇ ਪਾਣੀ ਨੂੰ ਠੰਢਾ ਕਰ ਕੇ ਉਸ ਪਾਣੀ ਨਾਲ ਕਰੂਲਾ ਕਰਨਾ ਵੀ ਫ਼ਾਇਦੇਮੰਦ ਹੁੰਦਾ ਹੈ।**

# ਦੰਦਾਂ ਤੇ ਮਸੂੜਿਆਂ ਦਾ ਅਸਰਦਾਰ ਉਪਾਅ

ਸਫ਼ੈਦ ਤੇ ਮਜ਼ਬੂਤ ਦੰਦ ਤੰਦਰੁਸਤੀ ਦੀ ਨਿਸ਼ਾਨੀ ਹੈ ਪਰ ਜਿਸ ਤਰ੍ਹਾਂ ਅਸੀਂ ਦੇਖਦੇ ਹਾਂ ਕਿ ਕਈ ਵਾਰ ਦੰਦਾਂ ਦਾ ਦਰਦ, ਕਮਜ਼ੋਰ ਮਸੂੜੇ ਤੇ ਸਮੇਂ ਤੋਂ ਪਹਿਲਾਂ ਦੰਦਾਂ ਦੇ ਟੁੱਟਣ ਨਾਲ ਸਿਹਤ ਨਾਲ ਜੁੜੀਆਂ ਹੋਰ ਵੀ ਕਈ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਜਿਸ ਨਾਲ ਖਾਣ-ਪੀਣ 'ਚ ਪਰੇਸ਼ਾਨੀ ਆਉਂਦੀ ਹੈ। ਜੇ ਖਾਣਾ ਸਹੀ ਤਰੀਕੇ ਨਾਲ ਨਾ ਚਬਾਇਆ ਜਾਵੇ ਤਾਂ ਪਾਚਣ ਕਿਰਿਆ 'ਤੇ ਵੀ ਬੁਰਾ ਅਸਰ ਪੈਂਦਾ ਹੈ। ਸਵੇਰ-ਸ਼ਾਮ ਬਰੱਸ਼ ਕਰਨਾ ਹੀ ਨਹੀਂ ਬਲਕਿ ਇਸ ਦੇ ਇਲਾਵਾ ਇਨ੍ਹਾਂ ਦੀ ਦੇਖਭਾਲ ਵੀ ਕਰਨਾ ਜ਼ਰੂਰੀ ਹੈ। ਆਓ ਜਾਣਦੇ ਹਾਂ ਕਿ ਕਿਸ ਤਰ੍ਹਾਂ ਕਰਨੀ ਚਾਹੀਦੀ ਹੈ ਦੰਦਾਂ ਦੀ ਦੇਖਭਾਲ...

### ਮੂਲੀ

ਮੂਲੀ ਕੈਲਸ਼ੀਅਮ ਨਾਲ ਭਰਪੂਰ ਹੁੰਦੀ ਹੈ। ਇਸ ਨੂੰ ਸਲਾਦ ਤੇ ਸਬਜ਼ੀ ਦੇ ਰੂਪ 'ਚ ਵੀ ਖਾਧਾ ਜਾਂਦਾ ਹੈ। ਇਹ ਦੰਦਾਂ ਲਈ ਬਹੁਤ ਹੀ ਵਧੀਆ ਹੈ। ਮੂਲੀ ਨੂੰ ਸਲਾਦ ਦੇ ਤੌਰ 'ਤੇ ਰੋਜ਼ ਖਾਓ। ਇਸ ਨਾਲ ਕਮਜ਼ੋਰ ਦੰਦ ਤੇ ਮਸੂੜਿਆਂ ਨੂੰ ਮਜ਼ਬੂਤੀ ਮਿਲੇਗੀ।



***ਮੇਥੀ :** ਦੰਦ ਕਮਜ਼ੋਰ ਹਨ ਤਾਂ ਜ਼ਿਆਦਾ ਠੰਢਾ ਜਾਂ ਗਰਮ ਪੀਣ ਨਾਲ ਪਰੇਸ਼ਾਨੀ ਆਉਂਦੀ ਹੈ ਤਾਂ ਪਾਣੀ 'ਚ ਮੇਥੀ ਦੇ ਦਾਣੇ ਉਬਾਲ ਲਵੋ। ਇਸ ਪਾਣੀ ਨੂੰ ਠੰਢਾ ਕਰ ਕੇ ਇਸ ਦਾ ਕਰੂਲਾ ਕਰੋ। ਇਸ ਨਾਲ ਫ਼ਾਇਦਾ ਮਿਲੇਗਾ।*

### ਮੂੰਗਫਲੀ

ਮੂੰਗਫਲੀ ਨੂੰ ਚੰਗੀ ਤਰ੍ਹਾਂ ਚਬਾ ਕੇ ਖਾਓ। ਇਸ ਨਾਲ ਦੰਦਾਂ ਨੂੰ ਮਜ਼ਬੂਤੀ ਮਿਲਦੀ ਹੈ।

### ਅਨਾਰ

ਅਨਾਰ ਦੇ ਫਲ ਦੀ ਤਰ੍ਹਾਂ ਇਸ ਦੇ ਫੁੱਲ ਵੀ ਬਹੁਤ ਹੀ ਗੁਣਕਾਰੀ ਹੈ। ਇਸ ਦੇ ਫੁੱਲਾਂ ਨੂੰ ਸੁਕਾ ਕੇ ਬਾਰੀਕ ਚੂਰਨ ਬਣਾ ਲਵੋ ਤੇ ਫਿਰ ਇਸ ਚੂਰਨ ਦਾ ਮੰਜਨ ਰੋਜ਼ਾਨਾ ਦੰਦਾਂ ਤੇ ਮਸੂੜਿਆਂ 'ਤੇ ਲਗਾਓ। ਇਸ ਨਾਲ ਦੰਦਾਂ ਦੀ ਪਰੇਸ਼ਾਨੀ ਦੂਰ ਹੋ ਸਕਦੀ ਹੈ। • ਫੀਚਰ ਡੈਸਕ



# ਇਨ੍ਹਾਂ ਬੀਜਾਂ ਨਾਲ ਦੂਰ ਹੁੰਦੀਆਂ ਹਨ ਕਈ ਬਿਮਾਰੀਆਂ

ਬਦਲਦੇ ਲਾਇਫ਼ ਸਟਾਈਲ ਜਾਂ ਖਾਣ-ਪੀਣ ਕਾਰਨ ਲੋਕ ਕਈ ਬਿਮਾਰੀਆਂ ਦੇ ਸ਼ਿਕਾਰ ਹੋ ਜਾਂਦੇ ਹਨ। ਤੰਦਰੁਸਤ ਰਹਿਣ ਲਈ ਦਵਾਈਆਂ ਦਾ ਇਸਤੇਮਾਲ ਕਰਦੇ ਹਨ ਜਾਂ ਫਿਰ ਹਰੀ ਸਬਜ਼ੀਆਂ ਤੇ ਫਲਾਂ ਦਾ ਸੇਵਨ ਕਰਦੇ ਹਨ। ਆਓ ਅੱਜ ਬੀਜਾਂ ਦੇ ਸੇਵਨ ਤੋਂ ਹੋਣ ਵਾਲੇ ਫ਼ਾਇਦਿਆਂ ਬਾਰੇ ਗੱਲ ਕਰਦੇ ਹਾਂ। ਇਨ੍ਹਾਂ ਬੀਜਾਂ ਦਾ ਥੋੜ੍ਹਾ ਜਿਹਾ ਸੇਵਨ ਕਰਨਾ ਸਿਹਤ ਲਈ ਫ਼ਾਇਦੇਮੰਦ ਹੈ।

**ਕੱਦੂ :** ਇਸ ਦੇ ਬੀਜ ਸਰੀਰ ਲਈ ਬਹੁਤ ਲਾਭਕਾਰੀ ਹਨ। ਇਸ 'ਚ ਮੌਜੂਦ ਆਇਰਨ, ਵਿਟਾਮਿਨ ਸੀ, ਈ, ਪੋਟੈਸ਼ਿਅਮ ਕੈਲਸ਼ੀਅਮ ਤੇ ਫਾਇਬਰ ਵਰਗੇ ਗੁਣ ਪੇਟ ਤੇ ਖ਼ੂਨ ਨੂੰ ਸਾਫ਼ ਕਰਦੇ ਹਨ।

**ਤਿਲ :** ਇਸ 'ਚ ਕੈਲਸ਼ੀਅਮ, ਐਟੀ ਔਕਸੀਡੇਂਟ੍ਰਸ ਤੇ ਅਨਸੈਚੁਰੇਟੇਡ ਫੈਟਸ ਕਾਫ਼ੀ ਮਾਤਰਾ 'ਚ ਮੌਜੂਦ ਹੁੰਦੇ ਹਨ। ਜਿਸ ਦੇ ਸੇਵਨ ਨਾਲ ਕੈਂਸਰ ਤੇ ਡਾਇਬਟੀਜ਼ ਵਰਗੀਆਂ ਗੰਭੀਰ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ।

**ਅਲਸੀ ਦੇ ਬੀਜ :** ਇਸ 'ਚ ਪ੍ਰੋਟੀਨ, ਪੋਟੈਸ਼ਿਅਮ, ਜ਼ਿੰਕ, ਐਸਿਡ, ਫਾਇਬਰ ਕਾਫ਼ੀ ਮਾਤਰਾ 'ਚ ਪਾਏ ਜਾਂਦੇ ਹਨ। ਇਸ ਦੇ ਸੇਵਨ ਨਾਲ ਸਰੀਰ ਨੂੰ ਊਰਜਾ ਪ੍ਰਾਪਤ ਹੁੰਦੀ ਹੈ। ਇਸ ਦੇ ਇਲਾਵਾ ਬੁਖ਼ਾਰ, ਖ਼ਾਂਸੀ ਤੇ ਜ਼ੁਕਾਮ ਆਦਿ ਰੋਗਾਂ ਤੋਂ ਬਚਿਆ ਜਾ ਸਕਦਾ ਹੈ।

**ਮੇਥੀ :** ਮੇਥੀ ਦੇ ਬੀਜਾਂ ਦਾ ਸੇਵਨ ਕਰਨ ਨਾਲ ਬੁਖ਼ਾਰ, ਖ਼ਾਂਸੀ, ਉਲਟੀਆਂ, ਬਵਾਸੀਰ ਤੇ ਕੈਂਸਰ ਵਰਗੀਆਂ ਬਿਮਾਰੀਆਂ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ। •

**ਭਾਰਤ ਨੂੰ ਕੁਦਰਤ ਨੇ ਉਮਰ ਪ੍ਰਦਾਨ ਕਰਨ ਵਾਲੀਆਂ ਅਲਮੁੱਲੀਆਂ ਜੜ੍ਹੀ-ਬੂਟੀਆਂ ਦੀ ਦਾਤ ਬਖ਼ਸ਼ੀ ਹੈ ਵੈਦਿਕ ਕਾਲ ਵਿਚ ਦੇਸ਼ ਦੇ ਰਿਸ਼ੀਆਂ ਮੁਨੀਆਂ ਨੇ ਅਰੋਗ ਤੇ ਲੰਬੀ ਉਮਰ ਦੇ ਕਲਪਾਂ ਦੀ ਖੋਜ ਕਰ ਕੇ ਆਪਣੇ ਗ੍ਰੰਥਾਂ ਵਿਚ ਇਸ ਦਾ ਜ਼ਿਕਰ ਸ਼ਾਮਲ ਕੀਤਾ...**

## ਗ੍ਰੰਥਾਂ 'ਚ ਸ਼ਾਮਲ

# ਅਰੋਗ ਤੇ ਲੰਬੀ ਉਮਰ ਦੇ ਭੇਤ

ਨਿਰਮਲ ਸਿੰਘ ਕਾਹਲੋਂ

ਧਰਤੀ ਉੱਪਰ ਮਨੁੱਖ ਜਾਤੀ ਨੂੰ ਪੈਦਾ ਹੋਇਆਂ ਲਗਪਗ 14 ਲੱਖ ਸਾਲ ਹੋ ਗਏ ਹਨ ਤੇ ਸੱਭਿਅਤਾ ਨੂੰ ਹੋਂਦ ਵਿਚ ਆਇਆਂ ਵੀ ਲਗਪਗ ਏਨਾ ਹੀ ਸਮਾਂ ਹੋ ਗਿਆ ਹੈ। ਇਹ ਧਰਤੀ ਇੰਨੀ ਸੁੰਦਰ ਹੈ, ਇਸ ਉੱਤੇ ਕੋਈ ਵੀ ਆ ਜਾਵੇ ਤਾਂ ਉਸ ਦਾ ਇਥੋਂ ਜਾਣ ਨੂੰ ਦਿਲ ਨਹੀਂ ਕਰਦਾ। ਜਿਸ ਸਮੇਂ ਤੋਂ ਮਨੁੱਖ ਜਾਤੀ ਸੱਭਿਅਕ ਹੋਈ ਹੈ, ਉਸ ਸਮੇਂ ਤੋਂ ਹੀ ਅਰੋਗ ਤੇ ਲੰਬੀ ਉਮਰ ਭੋਗਣ ਦੇ ਕਲਪਾਂ ਦੀ ਖੋਜ ਕੀਤੀ ਜਾ ਰਹੀ ਹੈ। ਕਈ ਰਾਜਿਆਂ ਨੇ ਵੀ ਆਪਣੇ ਰਾਜ ਵੈਦਾਂ ਨੂੰ ਲੰਬੀ ਉਮਰ ਦੇ ਕਲਪਾਂ ਵਾਲੀਆਂ ਜੜ੍ਹੀ-ਬੂਟੀਆਂ ਦੀ ਖੋਜ ਕਰਨ ਵਾਸਤੇ ਬੜੀ ਦੂਰ-ਦੂਰ ਭੇਜਿਆ। ਭਾਰਤ ਨੂੰ ਕੁਦਰਤ ਨੇ ਭਰਪੂਰ ਲੰਬੀ ਉਮਰ ਪ੍ਰਦਾਨ ਕਰਨ ਵਾਲੀਆਂ ਅਣਮੁੱਲੀਆਂ ਜੜ੍ਹੀ-ਬੂਟੀਆਂ ਦੀ ਦਾਤ ਬਖ਼ਸ਼ੀ ਹੈ। ਵੈਦਿਕ ਕਾਲ ਵਿਚ ਦੇਸ਼ ਦੇ ਰਿਸ਼ੀਆਂ ਮੁਨੀਆਂ ਨੇ ਅਰੋਗ ਤੇ ਲੰਬੀ ਉਮਰ ਦੇ ਕਲਪਾਂ ਦੀ ਖੋਜ ਕਰ ਕੇ ਆਪਣੇ ਗ੍ਰੰਥਾਂ ਵਿਚ ਇਸ ਦਾ ਜ਼ਿਕਰ ਸ਼ਾਮਲ ਕੀਤਾ।

### ਗ੍ਰੰਥਾਂ 'ਚ ਦਰਜ ਵੇਰਵੇ

ਮਾਰਕੰਡੇ ਰਿਸ਼ੀ ਨੇ 18 ਪੁਰਾਣਾਂ ਦੀ ਰਚਨਾ ਕੀਤੀ ਹੈ। ਇਨ੍ਹਾਂ ਵਿੱਚੋਂ ਇਕ 'ਅਗਨੀ ਪੁਰਾਣ' ਹੈ। ਅਗਨੀ ਪੁਰਾਣ ਵਿਚ ਕੁੱਝ ਇਕ ਇਸ ਤਰ੍ਹਾਂ ਦੇ ਕਲਪ ਦਰਜ ਹਨ, ਜਿਨ੍ਹਾਂ ਦੀ ਵਰਤੋਂ ਕਰਨ ਵਾਲਾ ਵਿਅਕਤੀ ਅਰੋਗ ਤੇ ਬੜੀ ਲੰਬੀ ਉਮਰ ਭੋਗ ਸਕਦਾ ਹੈ। ਇਸ ਪੁਰਾਣ ਵਿਚ ਲਿਖਿਆ ਹੈ, 'ਅਨੇਕ ਕਲਪ ਇਸ ਤਰ੍ਹਾਂ ਦੇ ਹਨ, ਜਿਹੜੇ ਲੰਬੀ ਉਮਰ ਦੇਣ ਵਾਲੇ ਹਨ ਅਤੇ ਰੋਗਾਂ ਦਾ ਨਾਸ਼ ਵੀ ਕਰਦੇ ਹਨ। ਰੋਗੀ ਵਿਅਕਤੀ ਲੰਬੀ ਉਮਰ ਭੋਗ ਨਹੀਂ ਸਕਦਾ। ਕੁੱਝ ਇਕ ਕਲਪਾਂ ਦਾ ਜ਼ਿਕਰ ਇਨ੍ਹਾਂ ਗ੍ਰੰਥਾਂ ਵਿਚ ਇਸ ਪ੍ਰਕਾਰ ਕੀਤਾ ਗਿਆ ਹੈ :

### ਗੰਭੀਰ ਬਿਮਾਰੀਆਂ ਤੋਂ ਬਚਾਅ

ਘਿਓ ਅਤੇ ਸ਼ਹਿਦ ਦਾ ਰੋਜ਼ਾਨਾ ਸੇਵਨ ਕਰਨ ਵਾਲਿਆਂ ਦੇ ਰੋਗ ਨਾਸ਼ ਹੁੰਦੇ ਹਨ ਤੇ ਉਮਰ ਵੀ ਲੰਬੀ ਹੁੰਦੀ ਹੈ। ਤ੍ਰਿਫਲਾ ਚੂਰਨ (ਹਰੜ-ਬਹੇੜੇ-ਆਂਵਲਾ) ਦੀ ਦੁੱਧ ਨਾਲ ਵਰਤੋਂ ਕਰਨ ਤੇ ਸਤਾਵਰ ਦੇ ਚੂਰਨ ਨੂੰ ਸ਼ਹਿਦ ਤੇ ਘਿਓ ਨਾਲ ਮਿਲਾ ਕੇ ਖਾਣ ਵਾਲਾ ਗਹਿਰ ਗੰਭੀਰ ਬਿਮਾਰੀਆਂ ਨੂੰ ਵੀ ਜਿੱਤ ਲੈਂਦਾ ਹੈ।

### ਵਾਲ਼ ਰਹਿਣਗੇ ਕਾਲੇ

ਪੁਰਾਤਨ ਗ੍ਰੰਥਾਂ ਅਨੁਸਾਰ ਸੁੰਢ ਅਤੇ ਪੀਪਰ (ਮਘਾਂ) ਦਾ ਚੂਰਨ ਬਣਾ ਕੇ ਵਰਤੋਂ ਕਰਨ ਵਾਲੇ ਦੀ ਉਮਰ 300 ਸਾਲ ਤਕ ਹੋ ਸਕਦੀ ਹੈ। ਜੇ ਇਸ ਵਿਚ ਸਤਾਵਰ ਦਾ ਚੂਰਨ ਵੀ ਪਾਇਆ ਜਾਵੇ ਤਾਂ ਉਮਰ ਬੇਹੱਦ ਲੰਬੀ ਹੋ ਸਕਦੀ ਹੈ। ਰੋਜ਼ਾਨਾ ਸ਼ਹਿਦ ਅਤੇ ਹਰੜ ਖਾ ਕੇ ਹਲਕਾ ਭੋਜਨ ਖਾਣ ਨਾਲ ਵਿਅਕਤੀ ਨਿਰੋਗ ਰਹਿੰਦਾ ਹੈ ਤੇ ਵਾਲ਼ ਵੀ ਲੰਬੇ ਸਮੇਂ ਤਕ ਕਾਲੇ ਰਹਿੰਦੇ ਹਨ। ਇਸ ਤੋਂ ਇਲਾਵਾ ਗ੍ਰੰਥਾਂ ਵਿਚ ਇਹ ਵੀ ਜ਼ਿਕਰ ਮਿਲਦਾ ਹੈ ਕਿ ਸਤਾਵਰ, ਵਾ-ਵੜਿੰਗ ਤੇ ਬਹੇੜੇ ਦੇ ਚੂਰਨ ਵਿਚ ਘਿਓ ਤੇ ਸ਼ਹਿਦ ਮਿਲਾ ਕੇ ਰੋਜ਼ਾਨਾ ਸੇਵਨ ਕਰਨ ਵਾਲੇ ਨਿਰੋਗ ਰਹਿੰਦੇ ਹਨ ਤੇ ਲੰਬੀ ਉਮਰ ਭੋਗਦੇ ਹਨ।



### ਜੜ੍ਹੀ-ਬੂਟੀਆਂ 'ਚ ਲੁਕੇ ਲੰਬੀ ਉਮਰ ਦੇ ਭੇਤ

ਰੋਜ਼ਾਨਾ 4 ਤੋਲੇ ਤ੍ਰਿਫਲਾ (ਜਾਂ ਇਕ ਹਰੜ, ਇਕ ਬਹੇੜਾ ਤੇ ਇਕ ਆਮਲਾ) ਸ਼ਹਿਦ ਅਤੇ ਘਿਓ ਨਾਲ ਸੇਵਨ ਕਰਨ ਨਾਲ, ਤਥਾ ਵਿਲਵਾ ਦੇ ਬੀਜ ਦਾ ਤੇਲ ਹਰ ਰੋਜ਼ ਇਕ ਮਹੀਨਾ ਸੇਵਨ ਕਰਨ ਨਾਲ ਕਾਫ਼ੀ ਲੰਬੀ ਉਮਰ ਭੋਗੀ ਜਾ ਸਕਦੀ ਹੈ। ਹਰ ਰੋਜ਼ ਇਕ ਤੋਲਾ ਸੁੰਢ, ਸ਼ਹਿਦ ਅਤੇ ਘਿਓ ਨਾਲ ਸੇਵਨ ਕਰਨ ਵਾਲਾ ਮੌਤ ਦਾ ਕਾਰਨ ਬਣਨ ਵਾਲੀਆਂ ਕਈ ਬਿਮਾਰੀਆਂ ਤੋਂ ਦੂਰ ਰਹਿੰਦਾ ਹੈ। ਅੰਬ ਦੀ ਗਿੱਟਕ, ਗਰੂਚੀ, ਨਿਸੋਦ ਅਤੇ ਗੰਧਕ ਬਰਾਬਰ ਵਜ਼ਨ ਨੂੰ ਕੰਵਾਰ ਗੰਦਲ ਦੇ ਰਸ ਨੂੰ ਸੁਕਾ ਕੇ ਹਰ ਰੋਜ਼ 2 ਰੱਤੀ ਘਿਓ 'ਚ ਮਿਲਾ ਕੇ ਖਾਣ ਨਾਲ ਉਮਰ ਲੰਬੀ ਹੁੰਦੀ ਹੈ।

### ਧਮੂਚੀ, ਸ਼ਹਿਦ, ਪਲਾਸ ਦੇ ਗੁਣ

ਇਨ੍ਹਾਂ ਪੁਰਾਤਨ ਗ੍ਰੰਥਾਂ ਅਨੁਸਾਰ ਹਰ ਰੋਜ਼ ਧਮੂਚੀ ਦੀ ਜੜ੍ਹ ਇਕ ਤੋਲਾ, ਸ਼ਹਿਦ ਨਾਲ ਸੇਵਨ ਕਰ ਕੇ ਦੁੱਧ ਪੀਣ ਵਾਲਾ ਵਿਅਕਤੀ ਲੰਬੇ ਸਮੇਂ ਤਕ ਅਰੋਗ ਰਹਿੰਦਾ ਹੈ। ਪਲਾਸ ਦੇ ਬੀਜ ਦਾ ਤੇਲ ਇਕ ਤੋਲਾ ਹਰ ਰੋਜ਼ ਸੇਵਨ ਕਰਨ ਵਾਲਾ, ਜਿਸ ਸਮੇਂ ਭੁੱਖ ਲੱਗੇ ਸਿਰਫ਼ ਦੁੱਧ ਹੀ ਪੀਵੇ, ਉਸ ਵਿਅਕਤੀ ਤੋਂ ਮੌਤ ਲੰਬਾ ਸਮਾਂ ਦੂਰ ਰਹਿੰਦੀ ਹੈ। ਪਲਾਸ ਦੇ ਰੁੱਖ ਦੱਖਣੀ ਭਾਰਤ ਵਿਚ ਸਮੁੰਦਰ ਦੇ ਪੱਛਮੀ ਕੰਢੇ ਵੱਲ ਪੈਦਾ ਹੁੰਦੇ ਹਨ। ਬਿਧਾਰਾ ਤੇ ਸਤਾਵਰ ਵਿਚ ਲੋਹ ਭਸਮ ਮਿਲਾ ਕੇ ਹਰ ਰੋਜ਼ ਇਕ ਤੋਲਾ, ਘਿਓ ਅਤੇ ਸ਼ਹਿਦ ਨਾਲ ਖਾਣ ਵਾਲਾ ਵਿਅਕਤੀ ਲੰਬੀ ਉਮਰ ਭੋਗ ਸਕਦਾ ਹੈ।

***100 ਸਾਲ ਤੋਂ ਲੰਬੀ ਉਮਰ***

*ਅਸਗੰਧ, ਸ਼ਹਿਦ ਅਤੇ ਘਿਓ ਖਾਣ ਨਾਲ ਸਰੀਰ ਵਿਚੋਂ ਰੋਗ ਖ਼ਤਮ ਹੋ ਕੇ ਉਮਰ 100 ਤੋਂ ਵੀ ਲੰਬੀ ਹੋ ਸਕਦੀ ਹੈ। ਬਧਾਰਾ ਅਤੇ ਸਤਾਵਰ ਵਿਚ ਲੋਹ ਭਸਮ ਮਿਲਾ ਕੇ ਰੋਜ਼ਾਨਾ ਇਕ ਤੋਲਾ, ਘਿਓ ਅਤੇ ਸ਼ਹਿਦ ਨਾਲ ਖਾਣ ਵਾਲਾ ਵਿਅਕਤੀ ਕਾਫ਼ੀ ਲੰਬੀ ਉਮਰ ਭੋਗ ਸਕਦਾ ਹੈ। ਤ੍ਰਿਫਲਾ ਪਾਊਡਰ ਤੇ ਆਮਲਾ ਪਾਊਡਰ ਨੂੰ ਬਰਾਬਰ ਵਜ਼ਨ ਵਿਚ ਥੋੜ੍ਹਾ ਜਿਹਾ ਮਿੱਠਾ ਜਾਂ ਕੌੜਾ ਤੇਲ ਪਾ ਕੇ ਚੰਗੀ ਤਰ੍ਹਾਂ ਮਿਲਾ ਕੇ ਭੂਰਾ ਕਰ ਲਵੋ। ਤ੍ਰਿਫਲਾ ਸਰੀਰ ਨੂੰ ਰੋਗਾਂ ਤੋਂ ਬਚਾਉਂਦਾ ਹੈ ਅਤੇ ਆਮਲਾ ਲੰਮੀ ਉਮਰ ਪ੍ਰਦਾਨ ਕਰਦਾ ਹੈ।*

### ਖਾਣ ਦੀ ਵਿਧੀ

ਅਗਨੀ ਪੁਰਾਣ ਵਿਰ ਦਵਾਈ ਬਣਾਉਣ ਤੇ ਸੇਵਨ ਕਰਨ ਦੀ ਵਿਧੀ ਨਹੀਂ ਲਿਖੀ ਗਈ। ਵਿਅਕਤੀ ਆਪਣੀ ਸੂਝ-ਬੂਝ ਨਾਲ ਦਵਾਈ ਬਣਾ ਕੇ ਜਿਸ ਤਰ੍ਹਾਂ ਉਹ ਮਾਫਿਕ ਆਏ, ਸੇਵਨ ਕਰ ਸਕਦਾ ਹੈ। ਤ੍ਰਿਫਲਾ ਪਾਊਡਰ ਬਾਜ਼ਾਰ ਵਿੱਚੋਂ ਬਣਿਆ-ਬਣਾਇਆ ਵੀ ਮਿਲ ਜਾਂਦਾ ਹੈ ਤੇ ਆਪ ਵੀ ਬਣਾਇਆ ਜਾ ਸਕਦਾ ਹੈ। ਇਸ ਦੀ ਖ਼ੁਰਾਕ ਇਕ ਚਮਚ ਹੀ ਠੀਕ ਰਹਿੰਦੀ ਹੈ।

### ਕੁੱਝ ਅਹਿਮ ਗੱਲਾਂ

- ਹਰੜ, ਬਹੇੜੇ ਅਤੇ ਆਮਲੇ ਨੂੰ ਗਿਟਕਾਂ ਕੱਢ ਕੇ ਬਰਾਬਰ ਵਜ਼ਨ 'ਚ ਮਿਲਾ ਲਵੋ, ਇਸ ਨੂੰ ਤ੍ਰਿਫਲਾ ਆਖਦੇ ਹਨ।
- ਘਿਓ ਤੋਂ ਭਾਵ ਦੇਸੀ ਘਿਓ ਦੀ ਵਰਤੋਂ ਤੋਂ ਹੈ।
- ਉਕਤ ਕਿਸੇ ਵੀ ਕਲਪ ਵਿਚ ਕੋਈ ਵੀ ਜ਼ਹਿਰੀਲਾ ਤੱਤ ਜਾਂ ਨਸ਼ੇ ਵਾਲੀ ਸਮੱਗਰੀ ਨਹੀਂ ਹੈ, ਇਸ ਲਈ ਇਨ੍ਹਾਂ ਦਾ ਸਰੀਰ ਉੱਤੇ ਕੋਈ ਮਾੜਾ ਅਸਰ ਨਹੀਂ ਪੈਂਦਾ।
- ਪੁਰਾਣ ਵਿਚ ਉਕਤ ਕਲਪਾਂ ਦੀ ਵਰਤੋਂ ਕਰਨ ਨਾਲ ਉਮਰ ਦੇ 300 ਤੋਂ 1,000 ਸਾਲ ਤਕ ਵੱਧ ਜਾਣ ਤੇ ਮੌਤ ਉੱਪਰ ਜਿੱਤ ਪ੍ਰਾਪਤ ਕਰ ਲੈਣ ਦਾ ਵੀ ਜ਼ਿਕਰ ਆਉਂਦਾ ਹੈ ਪਰ ਵਿਗਿਆਨਕ ਤੌਰ 'ਤੇ ਇਹ ਗੱਲ ਮੰਨਣ ਵਿਚ ਨਹੀਂ ਆਉਂਦੀ। ਇਹ ਜ਼ਰੂਰ ਕਿਹਾ ਜਾ ਸਕਦਾ ਹੈ ਕਿ ਉਕਤ ਜੜ੍ਹੀ-ਬੂਟੀਆਂ ਜਾਂ ਕਿਸੇ ਇਕ ਕਲਪ ਦੀ ਰੋਜ਼ਾਨਾ ਵਰਤੋਂ ਕਰਨ ਨਾਲ ਬਿਮਾਰੀਆਂ ਨੂੰ ਆਪਣੇ ਆਪ ਤੋਂ ਦੂਰ ਰੱਖਿਆ ਜਾ ਸਕਦਾ ਹੈ ਤੇ ਮਨੁੱਖ ਲੰਬੀ ਉਮਰ ਭੋਗ ਸਕਦਾ ਹੈ।
- ਜੇ ਪੇਟ ਜਾਂ ਛਾਤੀ ਵਿਚ ਜਲਨ ਰਹਿੰਦੀ ਹੋਵੇ ਤਾਂ ਇਸ ਦਾ ਇਲਾਜ ਕਰਨ ਤੋਂ ਬਾਅਦ ਹੀ ਕਿਸੇ ਕਲਪ ਦਾ ਸੇਵਨ ਕਰੋ।

### ਪਰਹੇਜ਼

ਅਰੋਗ ਤੇ ਲੰਮੀ ਉਮਰ ਭੋਗਣ ਲਈ ਖਾਣ-ਪੀਣ ਦਾ ਪਰਹੇਜ਼ ਕਰਨਾ ਵੀ ਬੇਹੱਦ ਜ਼ਰੂਰੀ ਹੈ। ਮਾਸ, ਸ਼ਰਾਬ, ਹਰ ਪ੍ਰਕਾਰ ਦੇ ਨਸ਼ੇ, ਤੰਬਾਕੂ, ਚਾਹ ਅਤੇ ਕੌਫ਼ੀ ਕੁਦਰਤੀ ਭੋਜਨ ਨਹੀਂ ਹਨ ਅਤੇ ਇਹ ਹੀ ਰੋਗਾਂ ਦਾ ਕਾਰਨ ਬਣਦੇ ਹਨ। ਇਨ੍ਹਾਂ ਦੀ ਵਰਤੋਂ ਨਹੀਂ ਕਰਨੀ ਚਾਹੀਦੀ। ਦੁੱਧ, ਘਿਓ, ਮੱਖਣ, ਦਹੀਂ ਅਤੇ ਲੱਸੀ ਕੁਦਰਤੀ ਭੋਜਨ ਹਨ, ਇਨ੍ਹਾਂ ਦੀ ਵੱਧ ਤੋਂ ਵੱਧ ਵਰਤੋਂ ਕਰੋ। ਇਸ ਸਮੇਂ ਚਾਹ ਵੀ ਕਈ ਲਾਇਲਾਜ ਰੋਗਾਂ ਦਾ ਕਾਰਨ ਬਣੀ ਹੋਈ ਹੈ। ਚਾਹ ਦੇ ਬਦਲ ਦੇ ਰੂਪ 'ਚ ਤੁਸੀਂ ਦੇਸੀ ਚਾਹ ਜਾਂ ਗਰਮ ਪਾਣੀ ਦੀ ਵਰਤੋਂ ਕਰ ਸਕਦੇ ਹੋ। ਦੇਸੀ ਚਾਹ ਵਿਚ ਬਹੁਤ ਸਾਰੇ ਗੁਣ ਹਨ। ਇਹ ਕਈ ਰੋਗਾਂ ਤੋਂ ਬਚਾਉਂਦੀ ਹੈ। ਇਸ ਦੀ ਵਰਤੋਂ ਹਰ ਉਮਰ ਵਰਗ ਦਾ ਇਨਸਾਨ ਕਰ ਸਕਦਾ ਹੈ। •

86993-51060



# ਜ਼ਿਆਦਾ ਚਾਹ ਪੀਣ ਵਾਲੇ ਹੋ ਜਾਓ ਸਾਵਧਾਨ

ਜ਼ਿਆਦਾਤਰ ਲੋਕ ਚਾਹ ਪੀਣ ਦੇ ਸ਼ੌਕੀਨ ਹੁੰਦੇ ਹਨ ਤੇ ਉਹ ਦਿਨ 'ਚ 1-2 ਵਾਰ ਤੋਂ ਵੱਧ ਚਾਹ ਦਾ ਸੇਵਨ ਕਰਦੇ ਹਨ। ਜਿਸ ਨਾਲ ਉਨ੍ਹਾਂ ਨੂੰ ਕਾਫ਼ੀ ਨੁਕਸਾਨ ਹੁੰਦਾ ਹੈ। ਕਈ ਲੋਕ ਚਾਹ ਦਾ ਘੱਟ ਸੇਵਨ ਕਰਦੇ ਹਨ ਜਿਸ ਨਾਲ ਕੋਈ ਨੁਕਸਾਨ ਨਹੀਂ ਹੁੰਦਾ। ਇਸ ਨਾਲ ਤੇਜ਼ਾਬ ਤੇ ਗੈਸ ਆਦਿ ਬਿਮਾਰੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਆਓ ਜਾਣਦੇ ਹਾਂ ਕਿ ਜ਼ਿਆਦਾ ਚਾਹ ਪੀਣੀ ਸਿਹਤ ਲਈ ਕਿੰਨੀ ਕੁ ਖ਼ਤਰਨਾਕ ਹੈ।

### ਡੀਹਾਈਡ੍ਰੇਸ਼ਨ ਤੇ ਕਬਜ਼

ਕਈ ਲੋਕ ਮੰਨਦੇ ਹਨ ਕਿ ਸਵੇਰ ਦੀ ਚਾਹ ਪੀਣ ਨਾਲ ਪੇਟ ਸਾਫ਼ ਹੁੰਦਾ ਹੈ ਪਰ ਘੱਟ ਹੀ ਲੋਕਾਂ ਨੂੰ ਪਤਾ ਹੈ ਕਿ ਜ਼ਿਆਦਾ ਚਾਹ ਪੀਣ ਨਾਲ ਕਬਜ਼ ਦੀ ਪਰੇਸ਼ਾਨੀ ਹੋ ਸਕਦੀ ਹੈ। ਚਾਹ 'ਚ ਮੌਜੂਦ ਇਕ ਰਾਸਾਇਣ ਥਿਓਫਿਲਾਇਨ ਨਾਲ ਸਰੀਰ 'ਚ ਡੀਹਾਈਡ੍ਰੇਸ਼ਨ ਹੋ ਜਾਂਦੀ ਹੈ ਜੋ ਬਾਅਦ 'ਚ ਕਬਜ਼ ਦਾ ਕਾਰਨ ਬਣ ਜਾਂਦੀ ਹੈ।



### ਪ੍ਰੋਸਟੇਟ ਕੈਂਸਰ

ਚਾਹ ਪ੍ਰੋਸਟੇਟ ਲਈ ਵਧੀਆ ਨਹੀਂ ਹੈ ਦੇਖਿਆ ਗਿਆ ਹੈ ਕਿ ਦਿਨ 'ਚ ਜ਼ਿਆਦਾ ਮਾਤਰਾ 'ਚ ਚਾਹ ਪੀਣ ਵਾਲੇ ਲੋਕਾਂ ਨੂੰ ਪ੍ਰੋਸਟੇਟ ਦਾ ਖ਼ਤਰਾ ਜ਼ਿਆਦਾ ਰਹਿੰਦਾ ਹੈ।

### ਸੋਜ

ਜ਼ਿਆਦਾ ਚਾਹ ਪੀਣ ਨਾਲ ਪੇਟ ਫੂਲਿਆ ਹੋਇਆ ਮਹਿਸੂਸ ਹੋਵੇਗਾ। ਕੁੱਝ ਲੋਕਾਂ ਨੂੰ ਕੈਫਿਨ ਕਾਰਨ ਸੋਜ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈਂਦਾ ਹੈ। ਜਿਸ ਤੋਂ ਬਾਅਦ ਸੋਜ ਮਹਿਸੂਸ ਹੁੰਦੀ ਹੈ।

### ਹੱਡੀਆਂ ਕਮਜ਼ੋਰ ਹੋਣੀਆਂ

ਚਾਹ ਤੁਹਾਡੀਆਂ ਹੱਡੀਆਂ ਤੇ ਦੰਦਾਂ ਨੂੰ ਕਮਜ਼ੋਰ ਕਰ ਸਕਦੀ ਹੈ ਇਸ ਕਰ ਕੇ ਆਪਣੀ ਸਿਹਤ ਨੂੰ ਸਹੀ ਸਲਾਮਤ ਰੱਖਣ ਲਈ ਚਾਹ ਦਾ ਜ਼ਿਆਦਾ ਸੇਵਨ ਨਾ ਕਰੋ। •

# ਸਿਹਤ ਦੇ ਲਈ ਫ਼ਾਇਦੇਮੰਦ ਹੈ ਹਰੀ ਮਿਰਚ

ਜ਼ਿਆਦਾ ਤਿੱਖਾ ਜਾਂ ਮਸਾਲੇਦਾਰ ਖਾਣਾ ਖਾਣ ਨਾਲ ਤੁਹਾਡੇ ਪੇਟ ਤੇ ਸੀਨੇ 'ਚ ਜਲਣ ਹੋਣੀ ਸ਼ੁਰੂ ਹੋ ਜਾਂਦੀ ਹੈ। ਜਿਸ ਕਰ ਕੇ ਹੋਰ ਵੀ ਅਨੇਕਾਂ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ ਪਰ ਜੇ ਤੁਸੀ ਹਰੀ ਮਿਰਚ ਦਾ ਸੇਵਨ ਕਰਦੇ ਹੋ ਤਾਂ ਇਹ ਸਿਹਤ ਲਈ ਬਹੁਤ ਹੀ ਲਾਭਕਾਰੀ ਹੈ। ਹਰੀ ਮਿਰਚ 'ਚ ਕਈ ਤਰ੍ਹਾਂ ਦੇ ਤੱਤ ਪਾਏ ਜਾਂਦੇ ਹਨ ਜਿਵੇਂ-ਵਿਟਾਮਿਨ ਈ, ਬੀ-6, ਸੀ, ਆਇਰਨ, ਪ੍ਰੋਟੀਨ ਤੇ ਕਾਰਬਨਹਾਈਡਰੇਟ ਮੌਜੂਦ ਹੁੰਦੇ ਹਨ। ਆਓ ਜਾਣਦੇ ਹਾਂ ਕਿ ਹਰੀ ਮਿਰਚ ਖਾਣ ਨਾਲ ਤੁਹਾਨੂੰ ਕੀ-ਕੀ ਫ਼ਾਇਦੇ ਮਿਲਦੇ ਹਨ।



***ਚਮੜੀ ਲਈ ਲਾਭਕਾਰੀ***

*ਹਰੀ ਮਿਰਚ 'ਚ ਬਹੁਤ ਸਾਰੇ ਵਿਟਾਮਿਨ ਪਾਏ ਜਾਂਦੇ ਹਨ ਜੋ ਚਮੜੀ ਦੇ ਲਈ ਫ਼ਾਇਦੇਮੰਦ ਹੁੰਦੇ ਹਨ ਜੇ ਤੁਸੀਂ ਹਰੀ ਮਿਰਚ ਦਾ ਸੇਵਨ ਕਰਦੇ ਹੋ ਤਾਂ ਇਸ ਨਾਲ ਸੁੰਦਰਤਾ 'ਚ ਵੀ ਨਿਖ਼ਾਰ ਆਉਂਦਾ ਹੈ।*

### ਕੈਂਸਰ ਦਾ ਖ਼ਤਰਾ ਘੱਟ

ਹਰੀ ਮਿਰਚ ਖਾਣ ਨਾਲ ਫੇਫੜਿਆਂ ਦੇ ਕੈਂਸਰ ਦਾ ਖ਼ਤਰਾ ਘੱਟ ਹੁੰਦਾ ਹੈ। ਮਰਦਾਂ ਨੂੰ ਹਰੀ ਮਿਰਚ ਜ਼ਿਆਦਾ ਖਾਣੀ ਚਾਹੀਦੀ ਹੈ ਕਿਉਂਕਿ ਉਨ੍ਹਾਂ ਨੂੰ ਪ੍ਰੋਸਟੇਟ ਕੈਂਸਰ ਦਾ ਖ਼ਤਰਾ ਜ਼ਿਆਦਾ ਹੁੰਦਾ ਹੈ। ਹਰੀ ਮਿਰਚ ਖਾਣ ਨਾਲ ਪ੍ਰੋਸਟੇਟ ਦੀ ਸਮੱਸਿਆ ਤੋਂ ਪੂਰੀ ਤਰ੍ਹਾਂ ਛੁਟਕਾਰਾ ਪਾਇਆ ਜਾ ਸਕਦਾ ਹੈ।

### ਦਰਦ, ਦਮਾ

ਹਰੀ ਤਾਜ਼ੀ ਮਿਰਚ ਦਾ ਇਕ ਚਮਚ ਰਸ ਸ਼ਹਿਦ 'ਚ ਮਿਲਾ ਕੇ ਖ਼ਾਲੀ ਪੇਟ ਖਾਣ ਨਾਲ ਦਮੇ ਦੇ ਰੋਗ ਤੋਂ ਰਾਹਤ ਮਿਲਦੀ ਹੈ। ਇਸ ਦੀ ਵਰਤੋਂ 10 ਦਿਨ ਤਕ ਕਰਨ ਨਾਲ ਲਾਭ ਮਿਲਦਾ ਹੈ। ਹਰੀ ਮਿਰਚ ਖਾਣ ਨਾਲ ਗਰਮੀ ਨਿਕਲਦੀ ਹੈ।

### ਖ਼ੂਨ ਦੇ ਵਹਾਅ ਨੂੰ ਰੋਕਣਾ

ਸੱਟ ਲੱਗਣ 'ਤੇ ਜ਼ਿਆਦਾ ਖ਼ੂਨ ਨਿਕਲਦਾ ਹੈ ਤਾਂ ਹਰੀ ਮਿਰਚ ਖਾਣੀ ਸ਼ੁਰੂ ਕਰ ਦਿਓ। ਇਸ 'ਚ ਵਿਟਾਮਿਨ ਮੌਜੂਦ ਹੁੰਦੇ ਹਨ ਜੋ ਖ਼ੂਨ ਨੂੰ ਜਮਾਉਣ 'ਚ ਮਦਦ ਕਰਦੇ ਹਨ।

### ਆਇਰਨ ਵਧਾਉਣ 'ਚ ਮਦਦਗਾਰ

ਔਰਤਾਂ 'ਚ ਅਕਸਰ ਹੀ ਆਇਰਨ ਦੀ ਘਾਟ ਹੁੰਦੀ ਹੈ ਪਰ ਜੇ ਤੁਸੀ ਹਰ ਰੋਜ਼ ਹਰੀ ਮਿਰਚ ਖਾਓਗੇ ਤਾਂ ਇਹ ਘਾਟ ਦੂਰ ਹੋ ਜਾਵੇਗੀ। ਇਸ 'ਚ ਵਿਟਾਮਿਨ ਸੀ ਵੀ ਹੁੰਦਾ ਹੈ। ਇਸ ਨੂੰ ਠੰਢੀ ਜਗ੍ਹਾ 'ਤੇ ਹੀ ਰੱਖਣਾ ਚਾਹੀਦਾ ਹੈ ਕਿਉਂਕਿ ਗਰਮੀ ਨਾਲ ਹਰੀ ਮਿਰਚ ਦੇ ਤੱਤ ਖ਼ਤਮ ਹੋ ਜਾਂਦੇ ਹਨ। • ਫੀਚਰ ਡੈਸਕ

**ਕਿਸੇ ਦੇ ਜੀਵਨ ਵਿਚ ਅਚਾਨਕ ਹੋਈ ਅਣਹੋਣੀ ਬਰੋਕਨ ਹਾਰਟ ਸਿੰਡਰੋਮ ਦਾ ਮੁੱਖ ਕਾਰਨ ਬਣਦੀ ਹੈ। ਸਟ੍ਰੈੱਸ ਕਹੋ ਜਾਂ ਤਣਾਅ, ਇਹ ਸਿੰਡਰੋਮ ਦਾ ਹੀ ਕਾਰਨ ਹੁੰਦਾ ਹੈ ...**

# ਬਰੋਕਨ ਹਾਰਟ ਸਿੰਡਰੋਮ



ਡਾ. ਰਿਪੁਦਮਨ ਸਿੰਘ
*ਮੋਬਾਈਲ 98152-00134*

ਡਾਕਟਰੀ ਭਾਸ਼ਾ ਵਿਚ ਸਿੰਡਰੋਮ 'ਚ ਅਸਲ ਬਿਮਾਰੀ ਵਰਗੇ ਲੱਛਣ ਵਿਖਾਈ ਦਿੰਦੇ ਹਨ। ਇਹ ਲੱਛਣ ਹਕੀਕੀ ਬਿਮਾਰੀ ਨਾਲ ਅਜਿਹੇ ਮਿਲਦੇ ਹੁੰਦੇ ਹਨ ਕਿ ਬੰਦਾ ਤਾਂ ਕੀ, ਡਾਕਟਰ ਵੀ ਚੱਕਰ ਵਿਚ ਫਸ ਜਾਂਦੇ ਹਨ ਅਤੇ ਦਵਾਈਆਂ ਦੇ-ਦੇ ਕੇ ਬਿਮਾਰੀ ਖੜ੍ਹੀ ਕਰ ਦਿੰਦੇ ਹਨ। 'ਜਬ ਦਿਲ ਹੀ ਟੂਟ ਗਿਆ ਤੋ ਜੀ ਕਰ ਕਯਾ ਕਰੇਗੇ' ਦੇ ਬੋਲ ਸੱਚ ਹੋਣ ਲੱਗਦੇ ਹਨ। ਕਿਸੇ ਦੇ ਜੀਵਨ ਵਿਚ ਅਚਾਨਕ ਹੋਈ ਅਣਹੋਣੀ ਬਰੋਕਨ ਹਾਰਟ ਸਿੰਡਰੋਮ ਦਾ ਮੁੱਖ ਕਾਰਨ ਬਣਦੀ ਹੈ। ਸਟ੍ਰੈੱਸ ਕਹੋ ਜਾਂ ਤਣਾਅ, ਇਹ ਸਿੰਡਰੋਮ ਦਾ ਕਾਰਨ ਹੁੰਦਾ ਹੈ ਅਤੇ ਮਾੜੀ ਖ਼ਬਰ ਦੇ ਚੱਲਦਿਆਂ ਬੰਦੇ ਅੰਦਰ ਸਟ੍ਰੈੱਸ ਦੀ ਲਹਿਰ ਪੈਦਾ ਹੁੰਦੀ ਹੈ ਅਤੇ ਦਿਲ ਚੰਗੀ ਤਰ੍ਹਾਂ ਪੰਪ ਨਹੀਂ ਕਰਦਾ ਪਰ ਬਾਕੀ ਸਾਰੇ ਕੰਮ ਪਹਿਲਾਂ ਨਾਲੋ ਵਧੇਰੇ ਤਾਕਤ ਨਾਲ ਹੁੰਦੇ ਹਨ। ਇਹ ਸਥਿਤੀ ਆਰਜ਼ੀ ਹੁੰਦੀ ਹੈ ਤੇ ਸਮੇਂ ਨਾਲ ਠੀਕ ਵੀ ਹੋ ਜਾਂਦੀ ਹੈ। ਇਸ ਨੂੰ ਪਹਿਲਾਂ ਟੈਕਟੋਸੁਬੋ ਕਾਰਡੀਓ-ਮਾਇਓਪੈਥੀ ਆਖਦੇ ਸਨ ਪਰ ਅੱਜਕੱਲ੍ਹ ਇਸ ਨੂੰ 'ਸਟ੍ਰੈੱਸ ਕਾਰਡੀਓ-ਮਾਇਓਪੈਥੀ' ਜਾਂ 'ਏਪੀਕਲ ਬਲੂਨਿੰਗ ਸਿੰਡਰੋਮ' ਆਖਿਆ ਜਾਣ ਲੱਗਾ ਹੈ। ਬਹੁਤ ਚੰਗੀ ਗੱਲ ਇਸ ਸਿੰਡਰੋਮ ਦੀ ਇਹ ਹੈ ਕਿ ਇਹ ਲਾਇਲਾਜ ਨਹੀਂ ਹੈ।



### ਲੱਛਣ

ਬੰਦੇ ਅੰਦਰ ਹੂ-ਬ-ਹੂ ਦਿਲ ਦੀ ਬਿਮਾਰੀ ਵਰਗੇ ਲੱਛਣ ਨਜ਼ਰ ਆਉਣ ਲੱਗ ਪੈਂਦੇ ਹਨ ਅਤੇ ਜਾਪਦਾ ਹੈ ਕਿ ਕੁੱਝ ਹੋ ਰਿਹਾ ਹੈ-ਦਿਲ ਵਾਲੇ ਪਾਸੇ ਤੇਜ਼ ਦਰਦ, ਦਿਲ ਦੀ ਧੜਕਣ ਦਾ ਤੇਜ਼ ਹੋ ਜਾਣਾ ਜਾਂ ਇਕ ਦਮ ਘੱਟ ਜਾਣਾ, ਮੂੰਹ ਤੇ ਬੁੱਲ੍ਹ ਸੁਕਣ ਲੱਗਣੇ, ਪਿਸ਼ਾਬ ਨਿਕਲ ਜਾਣਾ ਅਤੇ ਇਥੋ ਤਕ ਕੇ ਖਾਣੇ ਦਾ ਠੀਕ ਤਰ੍ਹਾਂ ਨਾ ਪਚਣਾ, ਚੱਕਰ ਜਿਹੇ ਆਉਣੇ, ਬਾਹਰ ਨੂੰ ਭੱਜਣਾ, ਸਾਹ ਦਾ ਔਖਾ ਹੋਣਾ ਤੇ ਸਰੀਰਕ ਕਮਜ਼ੋਰੀ ਹੋਣੀ ਅਤੇ ਇਸ ਦੇ ਨਾਲ ਹੀ ਇਹ ਵੀ ਲੱਗਦਾ ਕਿ ਪ੍ਰਾਣ ਨਿਕਲਣ ਵਾਲੀ ਸਥਿਤੀ ਪੈਦਾ ਹੋ ਗਈ ਹੋਵੇ। ਲੱਖ ਕੋਸ਼ਿਸ਼ ਕਰਨ ਤੇ ਰੋਟੀ-ਪਾਣੀ ਅੰਦਰ ਨਹੀਂ ਲੰਘਦੇ। ਈਸੀਜੀ ਵਿਚ ਵੀ ਤਬਦੀਲੀਆਂ ਨਜ਼ਰੀਂ ਪੈਂਦੀਆਂ ਹਨ, ਭਾਵ ਐੱਮਆਈ ਜਿਹਾ ਲੱਗਣ ਲੱਗਦਾ ਹੈ। ਇਹ ਧਿਆਨ ਯੋਗ ਗੱਲ ਹੈ ਕਿ ਕੋਈ ਵੀ ਲੰਬੇ ਸਮੇਂ ਤਕ ਰਹਿਣ ਵਾਲਾ ਛਾਤੀ ਦਾ ਦਰਦ, ਦਿਲ ਦੀ ਤਕਲੀਫ਼ ਹੋ ਸਕਦੀ ਹੈ ਅਤੇ ਜੇ ਕਿਸੇ ਨਾਲ ਇੰਜ ਹੋ ਰਿਹਾ ਹੈ ਤਾਂ ਤੁਰੰਤ ਡਾਕਟਰੀ ਸਹਾਇਤਾ ਦੀ ਲੋੜ ਹੈ।

### ਕਿੰਨਾ ਘਾਤਕ ਹੈ ਸਿੰਡਰੋਮ?

ਵੇਖਣ ਵਿਚ ਆਇਆ ਹੈ ਕਿ ਇਹ ਸਿੰਡਰੋਮ ਔਰਤਾਂ ਵਿਚ ਵਧੇਰੇ ਪਾਇਆ ਜਾਂਦਾ ਹੈ। ਅਜਿਹਾ ਕਿਉਂ ਹੈ, ਇਸ ਬਾਰੇ ਖੋਜ ਚੱਲ ਰਹੀ ਹੈ ਪਰ ਮਨੋਵਿਗਿਆਨਿਕ ਤੌਰ 'ਤੇ ਮਰਦਾਂ ਦੇ ਮੁਕਾਬਲੇ ਔਰਤਾਂ ਦੇ ਵਧੇਰੇ ਸੰਵੇਦਨਸ਼ੀਲ ਹੋਣ ਨੂੰ ਵੀ ਇਸ ਦਾ ਇਕ ਕਾਰਨ ਮੰਨਿਆ ਜਾਂਦਾ। ਪੰਦਰਾਂ ਸਾਲ ਦੀ ਉਮਰ ਤੋ ਲਗਪਗ 55 ਸਾਲ ਦੀ ਉਮਰ ਤਕ ਔਰਤਾਂ ਦੀ ਮਾਨਸਿਕ ਹਾਲਤ ਉੱਪਰ ਬਹੁਤ ਅਸਰ ਪੈਂਦਾ ਹੈ। ਬਹੁਤ ਘੱਟ ਅੰਕੜੇ ਹਨ ਕਿ ਇਸ ਨਾਲ ਕਿਸੇ ਦੀ ਮੌਤ ਹੋਈ ਹੋਵੇ, ਇਸ ਲਈ ਬਹੁਤੀ ਫ਼ਿਕਰ ਵਾਲੀ ਗੱਲ ਨਹੀਂ ਹੈ ਪਰ ਇਸ ਨੂੰ ਅਣਗੌਲਿਆਂ ਕਰਨਾ ਘਾਤਕ ਹੋ ਸਕਦਾ ਹੈ। ਇਸ ਨਾਲ ਦਿਲ ਦੀ ਧੜਕਣ ਅਨਿਯਮਿਤ ਹੋ ਸਕਦੀ ਹੈ, ਧੜਕਮ ਮਿਸ ਹੋ ਸਕਦੀ ਹੈ, ਜਿਸ ਨੂੰ ਆਮ ਭਾਸ਼ਾ ਵਿਚ ਹੌਲ ਜਾਂ ਗੋਤਾ ਪੈਣਾ ਵੀ ਆਖਦੇ ਹਨ। ਧੜਕਣ ਵੱਧ ਵੀ ਰਹਿਣ ਲੱਗ ਸਕਦੀ ਹੈ। ਮਾੜੀ ਗੱਲ ਇਹ ਹੈ ਕਿ ਫ਼ੇਫੜਿਆਂ ਵਿਚ ਤਰਲ ਜਮ੍ਹਾਂ ਹੋਣ ਲੱਗ ਸਕਦਾ ਹੈ ਜਿਸ ਨੂੰ 'ਪਲਮੋਨਰੀ ਓਡੀਮਾ' ਆਖਦੇ ਹਨ। ਇਸ ਨਾਲ ਸਾਹ ਛੋਟਾ ਹੋ ਸਕਦਾ ਹੈ, ਗਲ਼ਾ ਵੀ ਸੁੱਕਾ ਹੋ ਸਕਦਾ ਹੈ।

ਇਹ ਸਿੰਡਰੋਮ ਦੀ ਨਿਸ਼ਾਨੀ ਹੈ। ਜੇ ਕੋਈ ਇਸ ਦੌਰ ਵਿਚੋ ਲੰਘ ਰਿਹਾ ਹੋਵੇ ਤਾਂ ਉਹ ਜਾਂ ਉਸ ਦੇ ਘਰ-ਪਰਿਵਾਰ ਤੇ ਦੋਸਤਾਂ ਦਾ ਫਰਜ਼ ਹੈ ਕਿ ਡਾਕਟਰ ਨੂੰ ਪੂਰੀ ਜਾਣਕਾਰੀ ਦਿੱਤੀ ਜਾਵੇ। ਜਿਵੇਂ ਕਿ, ਬੰਦੇ ਦੀ ਮਨੋਸਥਿਤੀ ਕਿਹੋ ਜਿਹੀ ਹੈ? ਕੀ ਕਦੇ ਪਹਿਲਾਂ ਵੀ ਅਜਿਹਾ ਵਾਪਰਿਆ ਹੈ? ਛਾਤੀ ਦੀ ਕੋਈ ਤਕਲੀਫ਼ ਹੋਈ ਹੋਵੇ ਆਦਿ। ਆਪਣੇ ਆਪ ਨੂੰ ਸਮਾਂ ਦੇਣਾ ਚਾਹੀਦਾ ਹੈ। ਰੱਬ ਵੱਲ ਧਿਆਨ ਕਰਨਾ ਵੀ ਲਾਹੇਵੰਦ ਰਹਿੰਦਾ ਹੈ। ਫ਼ਿਕਰ ਦੀ ਲੋੜ ਨਹੀਂ, ਡਾਕਟਰੀ ਇਲਾਜ ਤੇ ਪਰਹੇਜ਼ ਕਰਨਾ ਚਾਹੀਦਾ ਹੈ। •

### ਕੀ ਹਨ ਕਾਰਨ?

*ਭਾਵੇਂ ਸੰਸਾਰ ਭਰ ਦੇ ਸਿਹਤ ਵਿਗਿਆਨੀਆਂ ਨੂੰ ਬਰੋਕਨ ਹਾਰਟ ਸਿੰਡਰੋਮ ਦਾ ਅਸਲ ਕਾਰਨ ਅੱਜ ਤਕ ਪਤਾ ਨਹੀਂ ਲੱਗ ਸਕਿਆ ਪਰ ਫਿਰ ਵੀ ਮੰਨਿਆ ਜਾਂਦਾ ਹੈ ਕਿ ਇਹ ਇਕਦਮ ਪੈਦਾ ਹੋਈ ਤਣਾਅ ਦੀ ਲਹਿਰ ਨਾਲ ਪੈਦਾ ਹੋਏ ਐਡਰਨਾਲੀਨ ਹਾਰਮੋਨ ਕਾਰਨ ਦਿਲ ਨੂੰ ਹੋਣ ਵਾਲੇ ਨੁਕਸਾਨ ਦਾ ਇਕ ਆਧਾਰ ਜਿਹਾ ਲਗਦਾ ਹੈ। ਇਸ ਤਕਲੀਫ਼ ਲਈ ਕੋਈ ਅਸਹਿਣਯੋਗ ਘਰੇਲੂ ਹਾਲਾਤ, ਨਾ ਵਿਚਾਰਨਯੋਗ ਘਟਨਾ, ਇਕਦਮ ਕਿਸੇ ਬੇਸ਼ਕੀਮਤੀ ਵਸਤੂ ਦਾ ਗੁੰਮ ਹੋ ਜਾਣਾ, ਸਰੀਰਕ ਤਕਲੀਫ਼ ਜਿਵੇਂ ਦਮਾ, ਇਨਫੈਕਸ਼ਨ, ਐਕਸੀਡੈਂਟ ਆਦਿ ਜ਼ਿੰਮੇਵਾਰ ਹੋ ਸਕਦੇ ਹਨ।*

## ਅਮਰ ਸ਼ਹੀਦ ਲਾਲਾ ਜਗਤ ਨਰਾਇਣ ਦੀ ਬਰਸੀ ਮੌਕੇ 'ਦੇਵਭੂਮੀ' ਫਾਊਂਡੇਸ਼ਨ ਊਨਾ ਨੇ ਲਗਾਇਆ ਖ਼ੂਨਦਾਨ ਕੈਂਪ

ਊਨਾ 13 ਸਤੰਬਰ। ਮਹਾਨ ਸੁਤੰਤਰਤਾ ਸੈਨਾਨੀ ਅਤੇ 'ਪੰਜਾਬ ਕੇਸਰੀ' ਮੀਡੀਆ ਗਰੁੱਪ ਦੇ ਸੰਸਥਾਪਕ ਸਹੀਦ ਲਾਲਾ ਜਗਤ ਨਰਾਇਣ ਦੀ 43ਵੀਂ ਬਰਸੀ ਮੌਕੇ ਸੋਮਵਾਰ ਨੂੰ ਖੇਤਰੀ ਹਸਪਤਾਲ ਊਨਾ ਵਿਖੇ ਵਿਸੇਸ ਖ਼ੂਨਦਾਨ ਕੈਂਪ ਲਗਾਇਆ ਗਿਆ। ਇਸ ਮੌਕੇ ਡਿਪਟੀ ਕਮਿਸਨਰ ਜਤਿਨ ਲਾਲ ਨੇ ਖ਼ੂਨ ਦਾਨ ਕਰਨ ਵਾਲਿਆਂ ਨੂੰ ਸਨਮਾਨਿਤ ਕੀਤਾ ਅਤੇ ਖ਼ੂਨਦਾਨ ਦੇ ਮਹੱਤਵ ਦੀ ਜਾਣਕਾਰੀ ਦਿੱਤੀ। 'ਪੰਜਾਬ ਕੇਸਰੀ' ਗਰੁੱਪ ਅਤੇ 'ਦੇਵਭੂਮੀ' ਫਾਊਂਡੇਸਨ ਊਨਾ ਵੱਲੋਂ ਸਾਂਝੇ ਤੌਰ 'ਤੇ



ਲਗਾਏ ਗਏ ਇਸ ਖ਼ੂਨਦਾਨ ਕੈਂਪ ਵਿੱਚ ਡਿਪਟੀ ਕਮਿਸਨਰ ਨੇ ਖ਼ੂਨਦਾਨ ਨੂੰ ਮਹਾਨ ਦਾਨ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਖ਼ੂਨਦਾਨ ਨਾ ਸਿਰਫ ਕੀਮਤੀ ਜਾਨਾਂ ਬਚਾਉਂਦਾ ਹੈ ਸਗੋਂ ਸਮਾਜ ਵਿੱਚ ਮਨੁੱਖਤਾ ਅਤੇ ਮਿਲਵਰਤਣ ਦੀ ਭਾਵਨਾ ਨੂੰ ਵੀ ਉਤਸਾਹਿਤ ਕਰਦਾ ਹੈ। ਕੈਂਪ 'ਚ ਖ਼ੂਨ ਦਾਨ ਕਰਨ ਵਾਲਿਆਂ ਦੀ ਸਲਾਘਾ ਕਰਦਿਆਂ ਡਿਪਟੀ ਕਮਿਸਨਰ ਨੇ ਉਨ੍ਹਾਂ ਦੀ ਨਿਸਵਾਰਥ ਸੇਵਾ ਨੂੰ ਸਮਾਜ ਲਈ ਪ੍ਰੇਰਨਾ ਸਰੋਤ ਦੱਸਿਆ। ਇਸ ਮੌਕੇ ਉਨ੍ਹਾਂ ਅਮਰ ਸਹੀਦ ਲਾਲਾ ਜਗਤ ਨਰਾਇਣ ਦੀ ਦੇਸ ਭਗਤੀ ਅਤੇ ਸੇਵਾ ਭਾਵਨਾ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਸਰਧਾਂਜਲੀ ਭੇਟ ਕੀਤੀ। ਇਸ ਦੌਰਾਨ ਸੀ.ਐੱਮ.ਓ. ਊਨਾ ਡਾ: ਸੰਜੀਵ ਵਰਮਾ ਅਤੇ 'ਪੰਜਾਬ ਕੇਸਰੀ' ਗਰੁੱਪ ਅਤੇ 'ਦੇਵਭੂਮੀ' ਫਾਊਂਡੇਸਨ ਊਨਾ ਦੇ ਨੁਮਾਇੰਦੇ ਅਤੇ ਹੋਰ ਲੋਕ ਹਾਜਰ ਸਨ।

## ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਾਬਕਾ ਮੰਤਰੀ ਆਦੇਸ਼ ਪ੍ਰਤਾਪ ਸਿੰਘ ਕੈਰੋਂ ਨੇ ਦਿੱਤਾ ਸਪੱਸ਼ਟੀਕਰਨ

ਅੰਮ੍ਰਿਤਸਰ 13 ਸਤੰਬਰ। ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨਾਂ ਦੇ ਆਦੇਸ ਮੁਤਾਬਕ ਤਤਕਾਲੀ ਅਕਾਲੀ ਸਰਕਾਰ ਸਮੇਂ ਪੰਜਾਬ ਵਿਚ ਕੈਬਨਿਟ ਮੰਤਰੀ ਰਹੇ ਆਦੇਸ ਪ੍ਰਤਾਪ ਸਿੰਘ ਕੈਰੋਂ



ਅੱਜ ਆਪਣਾ ਸਪੱਸਟੀਕਰਨ ਪੱਤਰ ਦੇਣ ਪੁੱਜੇ। ਜ਼ਿਕਰਯੋਗ ਹੈ ਕਿ ਆਦੇਸ ਪ੍ਰਤਾਪ ਸਿੰਘ ਕੈਰੋਂ ਤਤਕਾਲੀ ਕੈਬਨਿਟ ਮੰਤਰੀ ਹੋਣ ਦੇ ਨਾਲ-ਨਾਲ ਸੁਖਬੀਰ ਸਿੰਘ ਬਾਦਲ ਦੇ ਨਜਦੀਕੀ ਰਿਸਤੇਦਾਰ ਵੀ ਹਨ। ਇਸ ਤੋਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸਾਬਕਾ ਮੰਤਰੀ ਰਹੇ ਬੀਬੀ ਜਗੀਰ, ਡਾ. ਦਲਜੀਤ ਸਿੰਘ ਚੀਮਾ ਸਮੇਤ ਹੋਰ ਕਈ ਸਾਬਕਾ ਮੰਤਰੀ ਆਪਣਾ ਸਪੱਸ਼ਟੀਕਰਨ ਦੇ ਚੁੱਕੇ ਹਨ। ਜ਼ਿਕਰਯੋਗ ਹੈ ਕਿ ਜ਼ਿਕਰਯੋਗ ਹੈ ਕਿ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਹੋਈ 30 ਅਗਸਤ ਨੂੰ ਪੰਜ ਸਿੰਘ ਸਾਹਿਬਾਨਾਂ ਦੀ ਇਕੱਤਰਤਾ ਵਿੱਚ ਸੁਖਬੀਰ ਸਿੰਘ ਬਾਦਲ ਨੂੰ ਜਿੱਥੇ ਤਨਖਾਹੀਆ ਕਰਾਰ ਦਿੱਤਾ ਗਿਆ ਸੀ, ਉੱਥੇ ਹੀ 17 ਸਾਬਕਾ ਮੰਤਰੀਆਂ ਨੂੰ 15 ਦਿਨਾਂ ਦੇ ਅੰਦਰ ਪੇਸ ਹੋ ਕੇ ਸਪੱਸਟੀਕਰਨ ਦੇਣ ਲਈ ਵੀ ਕਿਹਾ ਗਿਆ ਸੀ . ਇਸੇ ਆਦੇਸ ਨੂੰ ਮੰਨਦਿਆ ਜਿੱਥੇ ਅਕਾਲੀਆਂ ਦੀ ਸਰਕਾਰ ਵੇਲੇ ਰਹੇ ਮੰਤਰੀ ਆਪਣਾ ਸਪੱਸਟੀਕਰਨ ਦੇਣ ਪਹੁੰਚ ਰਹੇ ਹਨ। ਆਦੇਸ ਪ੍ਰਤਾਪ ਸਿੰਘ ਕੈਰੋਂ ਨੂੰ ਪਾਰਟੀ ਵਿਰੋਧੀ ਗਤੀਵਿਧੀਆਂ ਵਿੱਚ ਸਾਮਲ ਹੋਣ ਕਾਰਨ 24 ਮਈ 2024 ਨੂੰ ਸ੍ਰੋਮਣੀ ਅਕਾਲੀ ਦਲ ਨੇ ਪਾਰਟੀ ਵਿੱਚੋਂ ਕੱਢ ਦਿੱਤਾ ਸੀ।

# ਮੰਤਰੀ ਧਾਲੀਵਾਲ ਨੇ ਰੇਲਵੇ ਰਾਜ ਮੰਤਰੀ ਰਵਨੀਤ ਬਿੱਟੂ ਨਾਲ ਕੀਤੀ ਮੁਲਾਕਾਤ

**ਸਰਦੂਲ ਸਿੰਘ**

ਚੰਡੀਗੜ੍ਹ/ਨਵੀਂ ਦਿੱਲੀ 13 ਸਤੰਬਰ। ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਵਿਭਾਗ ਦੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅਜਨਾਲਾ-ਬੱਲੜ੍ਹਵਾਲ ਸਰਹੱਦੀ ਖੇਤਰ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਰੇਲ ਮਾਰਗ ਰਾਹੀਂ ਪੂਰੇ ਭਾਰਤ ਨਾਲ ਜੋੜਨ ਦਾ ਮੁੱਦਾ ਉਠਾਉਂਦਿਆਂ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਵਡੇਰੇ ਜਨਤਕ ਹਿੱਤਾਂ ਨੂੰ ਮੁੱਖ ਰੱਖਦਿਆਂ ਇਸ ਖੇਤਰ ਨੂੰ ਸਮੁੱਚੇ ਭਾਰਤ ਦੇ ਰੇਲ ਨੈੱਟਵਰਕ ਨਾਲ ਜੋੜਨ ਦੀ ਅਪੀਲ ਕੀਤੀ ਹੈ। ਧਾਲੀਵਾਲ ਨੇ ਰਮਦਾਸ/ਆਰ.ਡੀ.ਐੱਸ. ਰੇਲਵੇ ਸਟੇਸ਼ਨ ਦਾ ਨਾਮ ਸ੍ਰੀ ਹਰਿਮੰਦਰ ਸਾਹਿਬ, ਅੰਮ੍ਰਿਤਸਰ ਦੇ ਪਹਿਲੇ ਮੁੱਖ ਗ੍ਰੰਥੀ ਬਾਬਾ ਬੁੱਢਾ ਸਾਹਿਬ ਜੀ ਦੇ ਨਾਮ 'ਤੇ ਰੱਖਣ ਦੀ ਮੰਗ ਵੀ ਉਠਾਈ ਹੈ, ਜੋ ਕਿ ਲੋਕਾਂ ਵਿੱਚ ਬਹੁਤ ਸਤਿਕਾਰੇ ਜਾਂਦੇ ਹਨ। ਉਨ੍ਹਾਂ ਨੇ ਕੇਂਦਰੀ ਮੰਤਰੀ ਨੂੰ ਰਾਮਦਾਸ ਸਟੇਸ਼ਨ ਨੂੰ ਮੁੜ ਉਸਾਰਨ ਦੀ ਅਪੀਲ ਕਰਦਿਆਂ ਕਿਹਾ ਹੈ ਕਿ ਅੰਮ੍ਰਿਤਸਰ ਜ਼ਿਲ੍ਹੇ ਦੇ ਰਮਦਾਸ/ਆਰ.ਡੀ.ਐੱਸ. ਰੇਲਵੇ ਸਟੇਸ਼ਨ ਵਿਖੇ ਉੱਚ ਪੱਧਰੀ ਪੱਕਾ ਪਲੇਟਫਾਰਮ ਬਣਾਉਣ, ਰੇਲਗੱਡੀਆਂ ਦੀ ਉਡੀਕ ਕਰ ਰਹੇ ਯਾਤਰੀਆਂ ਲਈ ਆਸਰਾ/ਸ਼ੈਡ, ਰੋਸ਼ਨੀ ਅਤੇ ਪੱਖੇ ਵਰਗੀਆਂ ਜਨਤਕ ਸਹੂਲਤਾਂ ਦੇ ਨਾਲ ਪੀਣ ਵਾਲੇ ਪਾਣੀ ਦੀ ਸਹੂਲਤ ਆਦਿ ਪ੍ਰਬੰਧ ਵੀ ਕੀਤੇ ਜਾਣੇ ਬਹੁਤ ਜਰੂਰੀ ਹਨ। ਧਾਲੀਵਾਲ ਨੇ ਇਸ ਸਟੇਸ਼ਨ 'ਤੇ ਰੇਲ ਗੱਡੀਆਂ ਦੀ ਆਵਾਜਾਈ 04 ਜੋੜਿਆਂ ਤੋਂ ਵਧਾ ਕੇ ਘੱਟੋ-ਘੱਟ 06 ਜੋੜੇ ਕਰਨ ਦੀ ਮੰਗ ਕੀਤੀ ਹੈ ਤਾਂ ਜੋ ਅੰਮ੍ਰਿਤਸਰ ਜ਼ਿਲ੍ਹੇ ਦੇ ਜ਼ਿਆਦਾਤਰ ਲੋਕਾਂ ਦੀ ਅਣਮੁੱਲੀ ਮੰਗ ਨੂੰ ਪੂਰਾ ਕੀਤਾ ਜਾ ਸਕੇ। ਇਸ ਤੋਂ ਇਲਾਵਾ ਵੇਰਕਾ ਤੋਂ ਅੰਮ੍ਰਿਤਸਰ ਜਾਂ ਇਸ ਤੋਂ ਅੱਗੇ ਚੱਲਣ ਵਾਲੀਆਂ ਟਰੇਨਾਂ ਨੂੰ ਵਧਾਉਣ ਦੀ ਮੰਗ ਵੀ ਕੇਂਦਰੀ ਮੰਤਰੀ ਤੋਂ ਕੀਤੀ ਗਈ ਹੈ। ਕੇਂਦਰੀ ਮੰਤਰੀ ਨੂੰ ਲਿਖੇ ਆਪਣੇ ਪੱਤਰ ਵਿੱਚ ਧਾਲੀਵਾਲ ਨੇ ਜ਼ੋਰ ਦੇ ਕੇ ਕਿਹਾ ਹੈ ਕਿ ਪੰਜਾਬ ਸੂਬੇ ਦੇ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਸਥਿਤ ਰਾਮਦਾਸ/ਆਰ.ਡੀ.ਐੱਸ. ਰੇਲਵੇ ਸਟੇਸ਼ਨ ਭਾਰਤ ਅਤੇ ਪਾਕਿਸਤਾਨ ਦੀ ਵੰਡ ਤੋਂ ਪਹਿਲਾਂ ਬਣਾਇਆ ਗਿਆ ਸੀ। ਹਾਲਾਂਕਿ, ਉਪਰੋਕਤ ਰੇਲਵੇ ਸਟੇਸ਼ਨ 'ਤੇ ਕੋਈ ਪਲੇਟਫਾਰਮ ਨਹੀਂ ਹੈ। ਇਸ ਕਸਬੇ ਦੇ ਨਾਲ-ਨਾਲ ਕਰਤਾਰਪੁਰ ਸਾਹਿਬ ਕੋਰੀਡੋਰ ਭਾਵ ਅੰਮ੍ਰਿਤਸਰ ਤੋਂ ਡੇਰਾ ਬਾਬਾ ਨਾਨਕ ਅਤੇ ਰਮਦਾਸ ਰੇਲਵੇ ਸਟੇਸ਼ਨ ਤੱਕ ਸਿਰਫ ਇੱਕੋ ਹੀ ਰੇਲ ਸੰਪਰਕ ਹੈ। ਅਜਨਾਲਾ-ਬੱਲੜ੍ਹਵਾਲ ਕਨੈਕਟੀਵਿਟੀ ਬਾਰੇ ਸ. ਧਾਲੀਵਾਲ ਨੇ ਕਿਹਾ ਹੈ ਕਿ ਇਹ ਇਲਾਕਾ ਇੱਕ ਸਰਹੱਦੀ ਇਲਾਕਾ ਹੈ ਅਤੇ ਇਹ ਅਲੱਗ-ਥਲੱਗ ਹੋਣ ਕਾਰਨ ਬਹੁਤ ਪਛੜਿਆ ਹੋਇਆ ਹੈ ਅਤੇ ਇਸ ਖੇਤਰ ਵਿੱਚ ਸੜਕੀ ਸੰਪਰਕ ਮਾੜਾ ਹੈ ਅਤੇ ਮੌਜੂਦਾ ਸਮੇਂ ਵਿੱਚ ਕੋਈ ਰੇਲ ਸੰਪਰਕ ਨਹੀਂ ਹੈ। ਧਾਲੀਵਾਲ ਨੇ ਕਿਹਾ ਕਿ ਇਲਾਕੇ ਦੇ ਲੋਕ ਆਪਣੀਆਂ ਰੋਜ਼ਾਨਾ ਦੀਆਂ ਲੋੜਾਂ ਅਤੇ ਹੋਰ ਦਫਤਰੀ ਕੰਮਾਂ ਲਈ ਅੰਮ੍ਰਿਤਸਰ ਸ਼ਹਿਰ 'ਤੇ ਨਿਰਭਰ ਹਨ ਅਤੇ ਉਨ੍ਹਾਂ ਨੂੰ ਉਪਰੋਕਤ ਲੋੜਾਂ ਲਈ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪ੍ਰਵਾਸੀ ਭਾਰਤੀ



ਮਾਮਲਿਆਂ ਬਾਰੇ ਬੋਲਦਿਆਂ ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਤੋਂ ਡੇਰਾ ਬਾਬਾ ਨਾਨਕ ਵਿਚਕਾਰ ਰੇਲ ਸੇਵਾ ਉਪਲੱਬਧ ਹੈ। ਉਨ੍ਹਾਂ ਕਿਹਾ ਕਿ ਅਜਨਾਲਾ ਖੇਤਰ ਦੇ ਲੋਕਾਂ ਦੀ ਸਹੂਲਤ ਲਈ, ਪਿੰਡ ਬੱਲੜ੍ਹਵਾਲ (ਜੋ ਕਿ ਭਾਰਤ-ਪਾਕਿ ਵੰਡ ਤੋਂ ਇੱਕ ਵੱਡਾ ਵਪਾਰਕ ਕੇਂਦਰ ਸੀ) ਰਾਹੀਂ ਰੇਲ ਸੰਪਰਕ ਦੀ ਲੋੜ ਹੈ। ਲੋਕਾਂ ਦੀਆਂ ਮੈਡੀਕਲ, ਰੋਜ਼ਗਾਰ ਅਤੇ ਵਿੱਦਿਅਕ ਆਦਿ ਲੋੜਾਂ ਪੂਰੀਆਂ ਕਰਨ ਵਾਲੇ ਪ੍ਰਮੁੱਖ ਸ਼ਹਿਰ ਵਜੋਂ ਅੰਮ੍ਰਿਤਸਰ ਦੀ ਮਹੱਤਤਾ ਨੂੰ ਦਰਸਾਉਂਦੇ ਹੋਏ, ਪ੍ਰਵਾਸੀ ਭਾਰਤੀ ਮਾਮਲਿਆਂ ਵਿਭਾਗ ਦੇ ਮੰਤਰੀ ਨੇ ਕਿਹਾ ਹੈ ਕਿ ਰੇਲ ਨੈੱਟਵਰਕ ਨਾਲ ਜੁੜਨ ਨਾਲ ਮੈਡੀਕਲ ਮਰੀਜ਼ਾਂ, ਉਦਯੋਗਿਕ ਮਜ਼ਦੂਰਾਂ ਅਤੇ ਮਜ਼ਦੂਰ ਵਰਗ ਅਤੇ ਵਿਦਿਆਰਥੀ ਆਦਿ ਸਮੇਤ ਵੱਡੀ ਪੱਧਰ 'ਤੇ ਲੋਕਾਂ ਦੀ ਸੇਵਾ ਹੋਵੇਗੀ। ਉਨ੍ਹਾਂ ਅੱਗੇ ਕਿਹਾ ਕਿ "ਪ੍ਰਸਤਾਵਿਤ ਕੁਨੈਕਟੀਵਿਟੀ ਨਾ ਸਿਰਫ ਸਥਾਨਕ ਲੋਕਾਂ ਨੂੰ ਸਹੂਲਤ ਦੇਵੇਗੀ ਬਲਕਿ ਧਾਰਮਿਕ ਸੈਰ-ਸਪਾਟੇ ਨੂੰ ਹੁਲਾਰਾ ਦੇਣ ਵਿੱਚ ਵੀ ਮਦਦਗਾਰ ਹੋਵੇਗੀ। ਬਾਬਾ ਬੁੱਢਾ ਸਾਹਿਬ ਜੀ ਦੇ ਜੋਤੀ ਜੋਤ ਅਸਥਾਨ ਕਾਰਨ ਇਸ ਖੇਤਰ ਦੀ ਉੱਚ ਧਾਰਮਿਕ ਮਹੱਤਤਾ ਹੈ, ਇੱਕ ਇਤਿਹਾਸਕ ਗੁਰਦੁਆਰਾ ਬਾਬਾ ਗਮਚੱਕ ਜੀ ਵੀ ਬੱਲੜ੍ਹਵਾਲ ਵਿਖੇ ਸਥਿਤ ਹੈ।" ਉਨ੍ਹਾਂ ਕਿਹਾ ਕਿ, "ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਲੋਕ ਲਗਾਤਾਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਣ ਦੇ ਨਾਲ-ਨਾਲ ਇਸ ਖੇਤਰ ਵਿੱਚ ਆਉਂਦੇ ਹਨ"। ਇਸ ਦੌਰਾਨ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਧਾਲੀਵਾਲ ਨੂੰ ਭਰੋਸਾ ਦਿੰਦਿਆਂ ਕਿਹਾ ਕਿ ਰਮਦਾਸ ਰੇਲਵੇ ਸਟੇਸਨ ਨੂੰ 6 ਮਹੀਨੇ 'ਚ ਨਵੀਂ ਦਿੱਖ ਦਿੱਤੀ ਜਾਵੇਗੀ ਅਤੇ ਇਸ ਸਟੇਸਨ ਦਾ ਨਾਂ ਬਾਬਾ ਬੁੱਢਾ ਸਾਹਿਬ ਜੀ ਦੇ ਨਾਮ 'ਤੇ ਰੱਖਿਆ ਜਾਵੇਗਾ। ਕੇਂਦਰੀ ਮੰਤਰੀ ਨੇ ਅਜਨਾਲਾ-ਬੱਲੜ੍ਹਵਾਲ ਸਰਹੱਦੀ ਖੇਤਰ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਰੇਲ ਮਾਰਗ ਰਾਹੀਂ ਪੂਰੇ ਭਾਰਤ ਨਾਲ ਜੋੜਨ ਦੀ ਮੰਗ ਨੂੰ ਵੀ ਸਿਧਾਂਤਕ ਪ੍ਰਵਾਨਗੀ ਦਿੰਦਿਆਂ ਕਿਹਾ ਕਿ ਇਸ ਮਾਮਲੇ ਨੂੰ ਛੇਤੀ ਹੀ ਵਿਚਾਰਿਆ ਜਾਵੇਗਾ।

# ਬਾਜਵਾ ਤੋਂ ਵੱਖਰੇ ਹੋਏ ਵੜਿੰਗ ਦੇ ਸੁਰ !

**ਕਿਸ਼ਨ ਪਾਲ**

ਜਲੰਧਰ 13 ਸਤੰਬਰ। 2027 ਦੀਆਂ ਚੋਣਾਂ ਲੜਣ ਨੂੰ ਲੈ ਕੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ



ਸਿੰਘ ਬਾਜਵਾ ਦੇ ਸੁਰ ਵੱਖੋ-ਵੱਖਰੇ ਹੋ ਗਏ ਹਨ। ਪ੍ਰਤਾਪ ਸਿੰਘ ਬਾਜਵਾ ਨੇ 'ਜਗ ਬਾਣੀ' ਦੇ ਨਾਲ ਇੰਟਰਵਿਊ ਦੌਰਾਨ ਕਿਹਾ ਸੀ ਕਿ 2024 ਦੀਆਂ ਲੋਕ ਸਭਾ ਚੋਣਾਂ ਜਿੱਤਣ ਵਾਲਾ ਕੋਈ ਵੀ ਆਗੂ 2027 ਦੀ ਵਿਧਾਨ ਸਭਾ ਚੋਣ ਨਹੀਂ ਲੜੇਗਾ। ਉਨ੍ਹਾਂ ਕਿਹਾ ਸੀ ਕਿ ਜਿਹੜਾ ਵੀ ਲੋਕ ਸਭਾ ਵਿਚ ਗਿਆ ਹੈ ਆਪਣੀ ਮਰਜੀ ਨਾਲ ਗਿਆ ਹੈ ਤੇ 2029 ਤੋਂ ਪਹਿਲਾਂ ਵਾਪਸ ਨਹੀਂ ਆਵੇਗਾ। ਹੁਣ ਰਾਜਾ ਵੜਿੰਗ ਨੇ ਇਸ ਗੱਲ ਦਾ ਖੰਡਨ ਕਰਦਿਆਂ ਕਿਹਾ ਹੈ ਕਿ ਉਨ੍ਹਾਂ ਨੂੰ ਲੋਕ ਸਭਾ ਚੋਣ ਲੜਣ ਤੋਂ ਪਹਿਲਾਂ ਹੀ ਸਾਫ ਕੀਤਾ ਗਿਆ ਸੀ ਕਿ ਉਹ 2027 ਦੀ ਚੋਣ ਲੜਣਗੇ। ਇੰਟਰਵਿਊ ਦੌਰਾਨ ਪ੍ਰਤਾਪ ਸਿੰਘ ਬਾਜਵਾ ਦੇ ਬਿਆਨ ਬਾਰੇ ਪੁੱਛੇ ਜਾਣ 'ਤੇ ਰਾਜਾ ਵੜਿੰਗ ਨੇ ਕਿਹਾ ਕਿ ਉਨ੍ਹਾਂ ਨੂੰ ਨਹੀਂ ਪਤਾ ਕਿ ਬਾਜਵਾ ਸਾਹਿਬ ਨੇ ਇਹ ਗੱਲ ਕਿਸ ਸੰਦਰਭ ਵਿਚ ਕਹੀ ਸੀ। ਵੜਿੰਗ ਨੇ ਕਿਹਾ ਕਿ ਲੋਕ ਸਭਾ ਚੋਣਾਂ ਤੋਂ ਪਹਿਲਾਂ ਹੋਈ ਮੀਟਿੰਗ ਵਿਚ ਕੇ.ਸੀ. ਵੇਣੂਗੋਪਾਲ ਤੇ ਦੇਵੇਂਦਰ ਯਾਦਵ ਨੇ ਪ੍ਰਤਾਪ ਸਿੰਘ ਬਾਜਵਾ ਅਤੇ ਮੈਨੂੰ ਚੋਣ ਲੜਣ ਲਈ ਕਿਹਾ ਸੀ। ਇਸ ਦੇ ਨਾਲ ਹੀ ਉਨ੍ਹਾਂ ਇਹ ਵੀ ਕਿਹਾ ਸੀ ਕਿ ਤੁਸੀਂ 2027 ਦੀਆਂ ਵਿਧਾਨ ਸਭਾ ਚੋਣਾਂ ਵੀ ਲੜਿਓ। ਇਹ ਗੱਲ ਪ੍ਰਤਾਪ ਸਿੰਘ ਬਾਜਵਾ ਦੀ ਮੌਜੂਦਗੀ ਵਿਚ ਹੋਈ ਹੈ। ਰਾਜਾ ਵੜਿੰਗ ਨੇ ਕਿਹਾ ਕਿ ਇਹ ਉਸ ਵੇਲੇ ਦਾ ਸਮਾਂ ਦੱਸੇਗਾ ਕਿ ਕੀ ਕਰਨਾ ਹੈ ਜਾਂ ਕੀ ਨਹੀਂ ਕਰਨਾ। ਜੋ ਪਾਰਟੀ ਫੈਸਲਾ ਕਰੇਗੀ, ਉਹੀ ਹੋਵੇਗਾ। ਪ੍ਰਤਾਪ ਸਿੰਘ ਬਾਜਵਾ ਸੀਨੀਅਰ ਲੀਡਰ ਹਨ, ਪਰ ਉਹ ਅੰਤਿਮ ਫੈਸਲਾ ਨਹੀਂ ਲੈ ਸਕਦੇ। ਪਾਰਟੀ ਵਿਚ ਅੰਤਿਮ ਫੈਸਲਾ ਨਾ ਤਾਂ ਪੰਜਾਬ ਪ੍ਰਧਾਨ ਦਾ ਹੋਵੇਗਾ ਤੇ ਨਾ ਹੀ ਵਿਰੋਧੀ ਧਿਰ ਦੇ ਨੇਤਾ ਦਾ। ਅਸੀਂ ਆਪਣੇ ਸੁਝਾਅ ਪਾਰਟੀ ਨੂੰ ਦਿੰਦੇ ਹਾਂ ਤੇ ਪਾਰਟੀ ਉਸ 'ਤੇ ਫੈਸਲਾ ਕਰਦੀ ਹੈ। ਜੇ ਰਾਹੁਲ ਗਾਂਧੀ ਜਾਂ ਮੱਲੀਕਾਰਜੁਨ ਖੜਗੇ ਨਹੀਂ ਚਾਹੁਣਗੇ ਕਿ ਮੈਂ ਚੋਣ ਲੜਾਂ ਤਾਂ ਮੈਂ ਨਹੀਂ ਲੜਾਂਗਾ।

## ਪੰਜਾਬ ਸਰਕਾਰ ਨੇ ਕਾਇਮ ਕੀਤਾ ਰਿਕਾਰਡ, ਆਮ ਆਦਮੀ ਕਲੀਨਿਕਾਂ 'ਚੋਂ 2 ਕਰੋੜ ਤੋਂ ਵੱਧ ਮਰੀਜਾਂ ਨੇ ਕਰਵਾਇਆ ਇਲਾਜ

ਚੰਡੀਗੜ੍ਹ/ਜਲੰਧਰ 13 ਸਤੰਬਰ। ਆਮ ਆਦਮੀ ਕਲੀਨਿਕਾਂ 'ਚ ਓ. ਪੀ. ਡੀ. ਰਾਹੀਂ ਮਹਿਜ਼ ਦੋ ਸਾਲਾਂ 'ਚ 2 ਕਰੋੜ ਤੋਂ ਵੱਧ ਮਰੀਜ ਇਲਾਜ ਕਰਵਾ ਚੁੱਕੇ ਹਨ। ਇਸ ਸਬੰਧੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਦੱਸਿਆ ਕਿ 15 ਅਗਸਤ, 2022 ਤੋਂ ਹੁਣ ਤੱਕ ਸੂਬੇ 'ਚ 2 ਕਰੋੜ ਤੋਂ ਵੱਧ ਮਰੀਜ਼ਾਂ ਨੇ 842 ਆਮ ਆਦਮੀ ਕਲੀਨਿਕਾਂ ਤੋਂ ਮੁਫ਼ਤ ਇਲਾਜ ਪ੍ਰਾਪਤ ਕੀਤਾ ਹੈ। ਸੂਬੇ 'ਚ ਕੁੱਲ 842 ਆਮ ਆਦਮੀ




ਕਲੀਨਿਕਾਂ 'ਚੋਂ 312 ਸ਼ਹਿਰੀ ਖੇਤਰਾਂ 'ਚ ਅਤੇ 530 ਪੇਂਡੂ ਖੇਤਰਾਂ 'ਚ ਕਾਰਜਸ਼ੀਲ ਹਨ, ਜਿੱਥੇ ਮੁਫਤ ਇਲਾਜ ਤੋਂ ਇਲਾਵਾ 80 ਕਿਸਮਾਂ ਦੀਆਂ ਮੁਫਤ ਦਵਾਈਆਂ ਦੀ ਉਪਲੱਬਧਤਾ ਅਤੇ 38 ਕਿਸਮਾਂ ਦੀ ਮੁਫਤ ਜਾਂਚ ਦੀ ਸਹੂਲਤ ਦਿੱਤੀ ਜਾਂਦੀ ਹੈ। ਇਹ ਕਲੀਨਿਕ ਰੋਜ਼ਾਨਾ ਲਗਭਗ 58,900 ਮਰੀਜ਼ਾਂ ਨੂੰ ਸੇਵਾਵਾਂ ਪ੍ਰਦਾਨ ਕਰਦੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਕਲੀਨਿਕਾਂ 'ਚ ਆਉਣ ਵਾਲੇ 2 ਕਰੋੜ ਲੋਕਾਂ 'ਚੋਂ 90 ਲੱਖ ਦੀ ਆਮਦ ਨਵੀਂ ਤੇ ਪਲੇਠੀ ਹੈ, ਜਦਕਿ 1.10 ਕਰੋੜ ਲੋਕ ਉਹ ਹਨ, ਜੋ ਦੁਬਾਰਾ ਆਏ। ਓ. ਪੀ. ਡੀ. 'ਚ ਆਉਣ ਵਾਲਿਆਂ 'ਚੋਂ 55 ਫੀਸਦੀ ਔਰਤਾਂ , 11.20 ਫੀਸਦੀ ਬੱਚੇ ਅਤੇ ਨਾਬਾਲਗ (12 ਸਾਲ ਤੱਕ ਦੇ) ਹਨ ਜਦਕਿ 68.86 ਫੀਸਦੀ ਬਾਲਗ (13-60) ਉਮਰ ਵਰਗੇ ਦੇ ਹਨ। ਇਸ ਤੋਂ ਇਲਾਵਾ 19.94 ਫੀਸਦੀ ਮਰੀਜ 60 ਸਾਲ ਤੋਂ ਵੱਧ ਉਮਰ ਦੇ ਹਨ।

## ਕਚਹਿਰੀਆਂ 'ਚ ਸੇਵਾਦਾਰ ਭਰਤੀ ਕਰਵਾਉਣ ਨੂੰ ਲੈ ਮਾਰੀ 2 ਲੱਖ ਦੀ ਠੱਗੀ

ਤਰਨਤਾਰਨ 13 ਸਤੰਬਰ। ਜ਼ਿਲਾ ਕਚਹਿਰੀਆਂ ਵਿਖੇ ਬਤੌਰ ਸੇਵਾਦਾਰ ਦੀ ਨੌਕਰੀ ਦਵਾਉਣ ਦਾ ਝਾਂਸਾ ਦੇ ਕੇ 2 ਲੱਖ ਰੁਪਏ ਦੀ ਠੱਗੀ ਮਾਰਨ ਸਬੰਧੀ ਥਾਣਾ ਸਿਟੀ ਤਰਨਤਾਰਨ ਦੀ ਪੁਲਸ ਨੇ ਤਿੰਨ ਮੁਲਜ਼ਮਾਂ ਖਿਲਾਫ ਪਰਚਾ ਦਰਜ ਕਰ ਗ੍ਰਿਫਤਾਰੀ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਦਿੰਦੇ ਹੋਏ ਡੀ.ਐੱਸ.ਪੀ ਸਿਟੀ ਕਮਲਮੀਤ ਸਿੰਘ ਨੇ ਦੱਸਿਆ ਕਿ ਜਸਪਾਲ ਸਿੰਘ ਪੁੱਤਰ ਕੁਲਵੰਤ ਸਿੰਘ ਵਾਸੀ ਭੰਦੇਰ ਕਲਾਂ ਨੇ ਡੀ.ਆਈ.ਜੀ ਫਿਰੋਜ਼ਪੁਰ ਨੂੰ ਦਿੱਤੀ ਸ਼ਿਕਾਇਤ ਵਿਚ ਦੱਸਿਆ ਹੈ ਕਿ ਉਸਦੇ ਬੇਟੇ ਚਮਕੌਰ ਸਿੰਘ ਨੂੰ ਇਮੈਨੁਅਲ ਮਸੀਹ ਉਰਫ ਮੋਨੂੰ ,ਪਰਵੀਨ ਮਸੀਹ ਪੁਤਰਾਨ ਗੁਲਫਾਮ ਮਸੀਹ ਅਤੇ ਗੁਲਫਾਮ ਮਸੀਹ ਪੁੱਤਰ ਪੱਪੂ ਮਸੀਹ ਵਾਸੀਆਨ ਮਿਸ਼ਨ ਕੰਪਾਉਂਡ ਤਰਨਤਾਰਨ ਨੇ ਸੋਚੀ ਸਮਝੀ ਸਾਜਿਸ਼ ਦੇ ਤਹਿਤ ਜ਼ਿਲ੍ਹਾ ਕਚਹਿਰੀਆਂ ਤਰਨਤਾਰਨ ਵਿਖੇ ਬਤੌਰ ਸੇਵਾਦਾਰ ਦੀ ਨੌਕਰੀ ਦਿਵਾਉਣ ਦਾ ਝਾਂਸਾ ਦੇ ਕੇ ਉਸ ਨਾਲ 2 ਲੱਖ ਰੁਪਏ ਦੀ ਠੱਗੀ ਮਾਰੀ ਹੈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਸਬੰਧੀ ਐੱਸ. ਪੀ. ਸਾਈਬਰ ਕ੍ਰਾਈਮ ਤਰਨਤਾਰਨ ਵੱਲੋਂ ਕੀਤੀ ਗਈ ਜਾਂਚ ਤੋਂ ਬਾਅਦ ਭੁਗਤ ਤਿੰਨਾਂ ਮੁਲਜ਼ਮਾਂ ਖਿਲਾਫ਼ ਪਰਚਾ ਦਰਜ ਕਰ ਗ੍ਰਿਫਤਾਰੀ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ

# ਪੰਜਾਬ ਪੁਲਸ ਨੇ ਬੰਦ ਕਰਵਾਏ 203 ਸੋਸ਼ਲ ਮੀਡੀਆ ਅਕਾਊਂਟ

**ਏਜੰਸੀਆਂ**

ਚੰਡੀਗੜ੍ਹ 13 ਸਤੰਬਰ। ਪੰਜਾਬ ਪੁਲਸ ਦੇ ਐਂਟੀ ਗੈਂਗਸਟਰ ਟਾਸਕ ਫੋਰਸ () ਨੇ




ਗੈਂਗਸਟਰਾਂ ਖ਼ਿਲਾਫ ਸਖਤ ਕਾਰਵਾਈ ਕੀਤੀ ਹੈ। ਦੇ ਸੰਦੀਪ ਗੋਇਲ ਨੇ ਦੱਸਿਆ ਕਿ ਸੋਸ਼ਲ ਮੀਡੀਆ 'ਤੇ ਗੈਂਗਸਟਰਾਂ ਤੇ ਉਨ੍ਹਾਂ ਦੇ ਗਿਰੋਹ ਦੇ ਮੈਂਬਰਾਂ ਦੇ ਤਕਰੀਬਨ 203 ਅਕਾਊਂਟ ਬੰਦ ਕਰਵਾ ਦਿੱਤੇ ਗਏ ਹਨ। ਇਨ੍ਹਾਂ ਸੋਸ਼ਲ ਮੀਡੀਆ ਅਕਾਊਂਟਸ ਰਾਹੀਂ ਗੈਂਗਸਟਰ ਪੰਜਾਬ ਵਿਚ ਨਾਜਾਇਜ ਹਥਿਆਰਾਂ ਦੀ ਤਸਕਰੀ, ਗਲਤ ਬਿਆਨਬਾਜੀ ਤੇ ਨਸ਼ਾ ਤਸਕਰੀ ਨੂੰ ਹੁਲਾਰਾ ਦੇਣ ਦੀ ਕੋਸ਼ਿਸ਼ ਕਰ ਰਹੇ ਸਨ। ਇੱਥੋਂ ਤਕ ਕਿ ਇਨ੍ਹਾਂ ਖਾਤਿਆਂ ਰਾਹੀਂ ਹੀ ਗੈਂਗਸਟਰ ਤੇ ਉਨ੍ਹਾਂ ਦੇ ਗੁਰਗੇ ਇਕ-ਦੂਜੇ ਨਾਲ ਤਾਲਮੇਲ ਰੱਖਦੇ ਸਨ। ਉਹ ਕੋਡ ਵਰਡ ਵਿਚ ਆਪਣੇ ਟਾਰਗੇਟ 'ਤੇ ਨਿਗਾਹ ਰੱਖਦੇ ਸਨ। ਏ.ਆਈ.ਜੀ. ਨੇ ਦੱਸਿਆ ਕਿ ਨੇ ਕੁੱਲ 133 ਫੇਸਬੁੱਕ ਅਕਾਊਂਟ ਤੇ 70 ਇੰਸਟਾਗ੍ਰਾਮ ਅਕਾਊਂਟਸ 'ਤੇ ਕਾਰਵਾਈ ਕੀਤੀ ਹੈ। ਇਸ ਤੋਂ ਇਲਾਵਾ ਹੋਰ ਖਾਤਿਆਂ ਦੀ ਪਛਾਣ ਕੀਤੀ ਜਾ ਰਹੀ ਹੈ। ਛੇਤੀ ਹੀ ਉਨ੍ਹਾਂ ਦੇ ਖ਼ਿਲਾਫ ਵੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਚ ਗੈਂਗਸਟਰ ਲਾਰੈਂਸ ਬਿਸ਼ਨੋਈ, ਗੋਲਡੀ ਬਰਾੜ, ਦਵਿੰਦਰ ਬੰਬੀਹਾ, ਲਖਬੀਰ ਲੰਡਾ, ਜੱਗੂ ਭਗਵਾਨਪੁਰੀਆ, ਕਾਲਾ ਜਠੇੜੀ ਤੇ ਹੋਰ ਕਈ ਅੱਤਵਾਦੀ ਸੰਗਠਨਾਂ ਦੇ ਅਕਾਊਂਟਸ ਵੀ ਸ਼ਾਮਲ ਸਨ। ਨੇ ਕਿਹਾ ਕਿ ਗੈਂਗਸਟਰ ਸੋਸ਼ਲ ਮੀਡੀਆ ਰਾਹੀਂ ਨਾ ਸਿਰਫ ਵਿਦੇਸ਼ ਵਿਚ ਬੈਠ ਕੇ ਆਪਣਾ ਗਿਰੋਹ ਚਲਾਉਂਦੇ ਹਨ, ਸਗੋਂ ਨੌਜਵਾਨਾਂ ਨੂੰ ਆਪਣੇ ਗਿਰੋਹ ਵਿਚ ਸ਼ਾਮਲ ਕਰਨ ਲਈ ਉਨ੍ਹਾਂ ਨਾਲ ਸੰਪਰਕ ਕਰਦੇ ਹਨ। ਨੌਜਵਾਨਾਂ ਰਾਹੀਂ ਟਾਰਗੇਟ ਕਿਲਿੰਗ ਅਤੇ ਹੋਰ ਵਾਰਦਾਤਾਂ ਨੂੰ ਅੰਜਾਮ ਦੇਣ ਲਈ ਤਾਲਮੇਲ ਕੀਤਾ ਜਾਂਦਾ ਹੈ। ਸਰਹਾਲੀ ਥਾਣੇ 'ਤੇ ਹੋਏ ਹਮਲੇ ਵਿਚ ਵੀ ਅਜਿਹਾ ਹੀ ਸੀ।

### ਰੇਲਵੇ ਪੁਲਸ ਨੂੰ ਮੋਰਿੰਡਾ ਨੇੜਿਓਂ ਮਿਲੀ ਵਿਅਕਤੀ ਦੀ ਲਾਸ਼

ਮੋਰਿੰਡਾ 13 ਸਤੰਬਰ। ਰੇਲਵੇ ਪੁਲਸ ਨੂੰ ਮੋਰਿੰਡਾ-ਨਿਊ ਮੋਰਿੰਡਾ ਰੇਲਵੇ ਸਟੇਸਨ ਦੇ ਵਿਚਕਾਰ ਇਕ ਅਣਪਛਾਤੇ ਵਿਅਕਤੀ ਦੀ ਲਾਸ ਮਿਲੀ ਹੈ, ਜਿਸ ਨੂੰ ਰੇਲਵੇ ਪੁਲਸ ਵੱਲੋਂ ਕਬਜੇ ਵਿੱਚ ਲੈ ਕੇ ਪੋਸਟਮਾਰਟਮ ਲਈ ਰੋਪੜ ਭੇਜ ਦਿੱਤਾ ਗਿਆ, ਜਿੱਥੇ ਇਹ ਲਾਸ 72 ਘੰਟੇ ਲਈ ਸਨਾਖਤ ਲਈ ਰੱਖੀ ਜਾਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਾਮਲੇ ਦੇ ਆਈ. ਓ. ਇੰਸਪੈਕਟਰ ਸੁਗਰੀਵ ਚੰਦ ਨੇ ਦੱਸਿਆ ਕਿ ਇਸ ਸਬੰਧੀ ਜਾਣਕਾਰੀ 8. 45 ਵਜੇ ਵਾਲੀ ਪੈਸੰਜਰ ਟ੍ਰੇਨ ਨੰਬਰ 04523 ਅੱਪ ਦੇ ਡਰਾਈਵਰ ਵੱਲੋਂ ਜਾਣਕਾਰੀ ਦਿੱਤੀ ਗਈ ਸੀ। ਉਨ੍ਹਾਂ ਦੱਸਿਆ ਕਿ ਇਹ ਹਾਦਸਾ ਰੇਲਵੇ ਕਿਲੋਮੀਟਰ 22 ਦੇ ਪੁਆਇੰਟ 3-4 ਵਿਖੇ ਕਿਸੇ ਹੋਰ ਅਗਿਆਤ ਟ੍ਰੇਨ ਨਾਲ ਵਾਪਰਿਆ ਹੈ।

# ਸੁੱਖੀ ਚਾਹਲ ਦਾ ਰਾਹੁਲ ਨੂੰ ਡਿਬੇਟ ਦਾ ਚੈਲੇਂਜ, ਕਿਹਾ-ਸਿੱਖ ਕਤਲੇਆਮ ਵੇਲੇ ਭਾਰਤ 'ਚ ਕਿਸ ਦੀ ਸਰਕਾਰ ਸੀ?

**ਏਜੰਸੀਆਂ**

ਨਵੀਂ ਦਿੱਲੀ 13 ਸਤੰਬਰ। ਕਾਂਗਰਸੀ ਨੇਤਾ ਰਾਹੁਲ ਗਾਂਧੀ ਇੰਨੀ ਦਿਨੀਂ ਅਮਰੀਕਾ ਦੇ ਦੌਰੇ 'ਤੇ ਹਨ। ਇਸ ਦੌਰਾਨ ਰਾਹੁਲ ਗਾਂਧੀ ਨੇ ਆਪਣੇ ਇਕ ਬਿਆਨ ਨਾਲ ਨਵਾਂ ਵਿਵਾਦ ਸਹੇੜ ਲਿਆ ਹੈ। ਸੋਮਵਾਰ ਨੂੰ ਰਾਹੁਲ ਗਾਂਧੀ ਨੇ ਵਾਸ਼ਿੰਗਟਨ ਦੇ ਵਰਜੀਨੀਆ ਵਿਚ ਸੈਂਕੜੇ ਭਾਰਤੀ ਅਮਰੀਕੀ ਲੋਕਾਂ ਨੂੰ ਸੰਬੋਧਨ ਕੀਤਾ। ਇਸ ਦੌਰਾਨ ਉਨ੍ਹਾਂ ਨੇ ਇਕ ਸਿੱਖ ਵਿਅਕਤੀ ਨਾਲ ਵੀ ਗੱਲਬਾਤ ਕੀਤੀ, ਜਿਸ ਕਾਰਨ ਉਨ੍ਹਾਂ ਨੂੰ ਖਾਲਸਾ ਟੁਡੇ ਦੇ ਸੁਖੀ ਚਾਹਲ ਨੇ ਕਈ ਸਵਾਲ ਪੁੱਛੇ ਹਨ ਤੇ ਉਨ੍ਹਾਂ ਨੂੰ ਦਿੱਲੀ ਵਿਚ ਡਿਬੇਟ ਦਾ ਚੈਲੇਂਜ ਵੀ ਦਿੱਤਾ ਹੈ। ਦਰਅਸਲ ਰਾਹੁਲ ਗਾਂਧੀ ਨੇ ਵਾਸ਼ਿੰਗਟਨ ਦੇ ਵਰਜੀਨੀਆ ਵਿਚ ਪਹਿਲੀ ਕਤਾਰ ਵਿਚ ਹਾਜਰੀਨ ਵਿਚ ਬੈਠੇ ਇੱਕ ਸਿੱਖ ਨੂੰ ਪੁੱਛਿਆ ਕਿ ਮੇਰੇ ਪੱਗ ਵਾਲੇ ਭਰਾ, ਤੁਹਾਡਾ ਨਾਮ ਕੀ ਹੈ? ਕਾਂਗਰਸੀ ਆਗੂ ਨੇ ਕਿਹਾ ਕਿ ਲੜਾਈ ਇਸ ਗੱਲ ਦੀ ਹੈ ਕਿ ਕੀ ਇਕ ਸਿੱਖ ਨੂੰ ਭਾਰਤ ਵਿੱਚ ਦਸਤਾਰ ਜਾਂ ਕੜਾ ਪਾਉਣ ਦਾ ਅਧਿਕਾਰ ਹੈ ਜਾਂ ਨਹੀਂ। ਜਾਂ ਇਕ ਸਿੱਖ ਹੋਣ ਦੇ ਨਾਤੇ ਉਹ ਗੁਰਦੁਆਰੇ ਜਾ ਸਕਦਾ ਹੈ ਜਾਂ ਨਹੀਂ। ਲੜਾਈ ਇਸੇ ਗੱਲ ਲਈ ਹੈ ਅਤੇ ਇਹ ਸਿਰਫ ਉਨ੍ਹਾਂ ਲਈ ਨਹੀਂ ਸਗੋਂ ਸਾਰੇ ਧਰਮਾਂ ਲਈ ਹੈ। ਇਸ ਦੇ ਜਵਾਬ ਵਿਚ ਸੁੱਖੀ ਚਾਹਲ ਨੇ ਇਕ ਟਵੀਟ ਕੀਤਾ 'ਤੇ ਕਿਹਾ ਕਿ ਮੈਂ ਕਾਂਗਰਸ ਪਾਰਟੀ ਦੇ ਸ੍ਰੀ ਰਾਹੁਲ ਗਾਂਧੀ ਨੂੰ ਦਿੱਲੀ ਵਿਚ ਸਿੱਖ ਮੁੱਦਿਆਂ 'ਤੇ ਜਨਤਕ ਬਹਿਸ ਲਈ ਸੱਦਾ ਦਿੰਦਾ




ਹਾਂ। ਮੈਂ ਉਨ੍ਹਾਂ ਨੂੰ ਕਾਂਗਰਸ ਹੈੱਡਕੁਆਰਟਰ 'ਤੇ ਵੀ ਸਮਾਂ ਅਤੇ ਸਥਾਨ ਚੁਣਨ ਲਈ ਸੱਦਾ ਦਿੰਦਾ ਹਾਂ। ਰਾਹੁਲ, ਆਓ ਸੱਚਾਈ ਵੱਲ ਧਿਆਨ ਦੇਈਏ। 1984 ਦੇ ਸਿੱਖ ਕਤਲੇਆਮ ਸਮੇਂ ਕਿਸ ਦੀ ਸਰਕਾਰ ਸੀ? ਇਹ ਕਿਸ ਦੀ ਦੇਖ-ਰੇਖ ਹੇਠ ਹੋਇਆ ਅਤੇ ਦਿੱਲੀ ਦੇ ਨਿਰਦੋਸ ਸਿੱਖਾਂ ਸਮੇਤ ਦਰਬਾਰ ਸਾਹਿਬ 'ਤੇ ਹਮਲੇ ਕਿਸ ਨੇ ਕੀਤੇ। ਇਸ ਦੇ ਨਾਲ ਹੀ ਇਕ ਬਿਆਨ ਜਾਰੀ ਕਰਦਿਆਂ ਸੁੱਖੀ ਚਾਹਲ ਨੇ ਕਿਹਾ ਕਿ ਮੈਂ ਰਾਹੁਲ ਗਾਂਧੀ ਨੂੰ ਦਿੱਲੀ ਵਿੱਚ ਸਿੱਖ ਮੁੱਦਿਆਂ 'ਤੇ ਜਨਤਕ ਬਹਿਸ ਕਰਨ ਲਈ ਚੁਣੌਤੀ ਦਿੰਦਾ ਹਾਂ, ਜੋ ਉਨ੍ਹਾਂ ਦੁਆਰਾ ਫੈਲਾਈ ਗਈ ਗਲਤ ਜਾਣਕਾਰੀ ਬਾਰੇ ਹੈ। ਰਾਹੁਲ ਵੱਲੋਂ ਇਸ ਬਹਿਸ ਲਈ ਕਾਂਗਰਸ ਹੈੱਡਕੁਆਰਟਰ ਸਮੇਤ ਸਮਾਂ ਅਤੇ ਸਥਾਨ ਦੀ ਚੋਣ ਕਰਨ ਦਾ ਸਵਾਗਤ ਹੈ। ਰਾਹੁਲ ਗਾਂਧੀ ਨੇ ਦਾਅਵਾ ਕੀਤਾ ਕਿ ਭਾਰਤ ਵਿੱਚ ਮੌਜੂਦਾ ਸੰਘਰਸ ਖਤਮ ਹੋ ਗਿਆ ਹੈ ਕਿ ਸਿੱਖਾਂ ਨੂੰ ਦਸਤਾਰ ਸਜਾਉਣ ਦੀ ਇਜਾਜਤ ਦਿੱਤੀ ਜਾਵੇਗੀ ਜਾਂ ਗੁਰਦੁਆਰਿਆਂ ਵਿੱਚ ਦਾਖਲ ਹੋਣ ਦਿੱਤਾ ਜਾਵੇਗਾ। ਫਿਰ ਵੀ, ਇਹ ਕਾਂਗਰਸੀ ਵਰਕਰ ਸਨ ਜਿਨ੍ਹਾਂ ਨੇ ਹਜਾਰਾਂ ਸਿੱਖਾਂ ਨੂੰ ਮਾਰਿਆ ਅਤੇ 1984 ਵਿਚ ਕਾਂਗਰਸ ਦੇ ਰਾਜ ਵਿਚ, ਭਾਰਤੀ ਫੌਜ ਹਰਿਮੰਦਰ ਸਾਹਿਬ ਵਿਚ ਦਾਖਲ ਹੋਈ। ਉਦੋਂ ਕਿਸ ਦੀ ਸਰਕਾਰ ਸੀ? ਇਸ ਦੇ ਨਾਲ ਹੀ ਸੁੱਖੀ ਚਾਹਲ ਨੇ ਆਪਣੇ ਟਵੀਟ ਦੇ ਨਾਲ ਇਕ ਵੀਡੀਓ ਵੀ ਸ਼ੇਅਰ ਕੀਤਾ ਹੈ ਜਿਥੇ ਉਹ ਦਿੱਲੀ ਦੇ ਗੁਰਦੁਆਰਾ ਸ੍ਰੀ ਰਕਾਬਗੰਜ ਸਾਹਿਬ ਦੇ ਬਾਹਰ ਖੜੇ ਹੋਏ ਹਨ ਤੇ ਅਮਰੀਕਾ ਦੌਰੇ ਦੌਰਾਨ ਰਾਹੁਲ ਦੇ ਬਿਆਨ ਬਾਰੇ ਗੱਲ ਕਰ ਰਹੇ ਹਨ ਤੇ ਉਨ੍ਹਾਂ ਸਿੱਖ ਕਤਲੇਆਮ ਬਾਰੇ ਕਰੜੇ ਸਵਾਲ ਪੁੱਛ ਰਹੇ ਹਨ।

# ਪੁਲਸ ਨੂੰ ਮਿਲੀ ਵੱਡੀ ਸਫਲਤਾ, ਬਿਸ਼ਨੋਈ ਤੇ ਰਾਜਾ ਗੈਂਗ ਦੇ 3 ਸਾਥੀ ਹਥਿਆਰਾਂ ਸਣੇ ਕੀਤੇ ਕਾਬੂ

**ਏਜੰਸੀਆਂ**

ਪਟਿਆਲਾ 13 ਸਤੰਬਰ। ਸੀ.ਆਈ.ਏ. ਸਟਾਫ ਪਟਿਆਲਾ ਦੀ ਪੁਲਸ ਨੇ ਇੰਚਾਰਜ ਇੰਸਪੈਕਟਰ ਸ਼ਮਿੰਦਰ ਸਿੰਘ ਦੀ ਅਗਵਾਈ ਹੇਠ ਲਾਰੈਂਸ ਬਿਸ਼ਨੋਈ ਅਤੇ ਰਾਜੀਵ ਰਾਜਾ ਗੈਂਗ ਦੇ 3 ਨੇੜਲੇ ਸਾਥੀਆਂ ਨੂੰ 4 ਪਿਸਟਲਾਂ ਸਮੇਤ ਗ੍ਰਿਫਤਾਰ ਕੀਤਾ ਹੈ। ਇਨ੍ਹਾਂ ਤੋਂ 26 ਰੌਂਦ ਵੀ ਬਰਾਮਦ ਹੋਏ ਹਨ। ਐੱਸ.ਪੀ. ਇਨਵੈਸਟੀਗੇਸ਼ਨ ਯੋਗੇਸ਼ ਸ਼ਰਮਾ ਨੇ ਦੱਸਿਆ ਕਿ ਐੱਸ.ਐੱਸ.ਪੀ. ਨਾਨਕ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਡੀ.ਐੱਸ.ਪੀ. ਗੁਰਦੇਵ ਸਿੰਘ ਧਾਲੀਵਾਲ ਅਤੇ ਇੰਸਪੈਕਟਰ ਸ਼ਮਿੰਦਰ ਸਿੰਘ ਦੀ ਟੀਮ ਵੱਲੋਂ ਇਸ ਮਾਮਲੇ 'ਚ ਪਿਛਲੇ ਦਿਨੀਂ ਕਤਲ ਹੋਏ ਤੇਜਪਾਲ ਦੇ ਕਰੀਬੀ ਸਾਥੀ ਰੋਹਿਤ ਕੁਮਾਰ ਉਰਫ ਚੀਕੂ ਪੁੱਤਰ ਮੇਵਾ ਰਾਮ ਵਾਸੀ ਨਿਊ ਮਾਲਵਾ ਕਾਲੋਨੀ ਸਨੌਰੀ ਅੱਡਾ ਥਾਣਾ ਕੋਤਵਾਲੀ ਪਟਿਆਲਾ, ਸੁਖਪਾਲ ਸਿੰਘ ਪੁੱਤਰ ਲੇਟ ਹਰਭਜਨ ਸਿੰਘ ਵਾਸੀ ਪਿੰਡ ਹਰਿਆਓ ਥਾਣਾ ਲਹਿਰਾਗਾਗਾ ਜ਼ਿਲ੍ਹਾ ਸੰਗਰੂਰ ਨੂੰ ਰਿਸ਼ੀ ਕਾਲੋਨੀ ਮੌੜ, ਸਨੌਰ ਤੋਂ ਗ੍ਰਿਫਤਾਰ ਕੀਤਾ ਗਿਆ ਹੈ। ਇਨ੍ਹਾਂ ਪਾਸੋਂ 2 ਪਿਸਟਲ .32 ਬੋਰ ਸਮੇਤ 12 ਰੌਂਦ ਬਰਾਮਦ ਹੋਏ ਹਨ। ਇਕ ਹੋਰ ਕੇਸ 'ਚ ਯਸਰਾਜ ਉਰਫ ਕਾਕਾ ਪੁੱਤਰ ਰਛਪਾਲ ਛੰਮਾ ਵਾਸੀ ਮੁਹੱਲਾ ਸਮਸ਼ੇਰ ਸਿੰਘ ਨੇੜੇ ਕਿਤਾਬਾਂ ਵਾਲਾ ਬਾਜਾਰ ਥਾਣਾ ਕੋਤਵਾਲੀ ਪਟਿਆਲਾ ਨੂੰ ਡਕਾਲਾ ਰੋਡ ਨੇੜੇ ਡੀਅਰ ਪਾਰਕ ਤੋਂ ਗ੍ਰਿਫਤਾਰ ਕੀਤਾ ਗਿਆ ਹੈ। ਯਸਰਾਜ ਉਰਫ ਕਾਕਾ ਜੋ ਕਿ ਪਿਛਲੇ ਦਿਨੀਂ ਕਤਲ ਹੋਏ ਅਵਤਾਰ ਤਾਰੀ ਦੇ ਕੇਸ 'ਚ ਲੋੜੀਂਦਾ ਸੀ। ਗ੍ਰਿਫਤਾਰੀ ਦੌਰਾਨ ਯਸਰਾਜ ਉਰਫ ਕਾਲਾ



ਪਾਸੋਂ 2 ਪਿਸਟਲ .32 ਬੋਰ ਸਮੇਤ 14 ਰੋਦ ਬਰਾਮਦ ਹੋਏ ਹਨ। ਦੋਵੇਂ ਕੇਸਾਂ 'ਚ ਤਿੰਨਾਂ ਤੋਂ ਕੁੱਲ 4 ਪਿਸਟਲ .32 ਬੋਰ 26 ਰੌਂਦ ਬਰਾਮਦ ਕਰਨ ਦੀ ਸਫਲਤਾ ਹਾਸਲ ਕੀਤੀ ਗਈ ਹੈ। ਐੱਸ.ਪੀ. ਯੋਗੇਸ਼ ਸ਼ਰਮਾ ਨੇ ਦੱਸਿਆ ਕਿ ਰੋਹਿਤ ਉਰਫ ਚੀਕੂ ਅਤੇ ਸੁਖਪਾਲ ਸਿੰਘ ਖਿਲਾਫ ਥਾਣਾ ਸਨੌਰ ਵਿਖੇ ਆਰਮਜ਼ ਐਕਟ ਤਹਿਤ ਕੇਸ ਦਰਜ ਕੀਤਾ ਹੈ, ਜਦੋਂ ਕਿ ਯਸਰਾਜ ਖਿਲਾਫ ਥਾਣਾ ਕੋਤਵਾਲੀ ਵਿਖੇ ਆਰਮਜ਼ ਐਕਟ ਤਹਿਤ ਕੇਸ ਦਰਜ ਕੀਤਾ ਗਿਆ ਹੈ। ਗ੍ਰਿਫਤਾਰ ਵਿਅਕਤੀ ਕ੍ਰਿਮੀਨਲ ਪਿਛੋਕੜ ਦੇ ਹਨ। ਇਨ੍ਹਾਂ 'ਚ ਰੋਹਿਤ ਉਰਫ ਚੀਕੂ ਖਿਲਾਫ 7 ਕੇਸ ਦਰਜ ਹਨ, ਜਦੋਂ ਕਿ ਸੁਖਪਾਲ ਸਿੰਘ ਖਿਲਾਫ 3 ਤਿੰਨ ਕੇਸ ਕਤਲ, ਇਰਾਦਾ ਕਤਲ ਆਦਿ ਦੇ ਪਹਿਲਾਂ ਹੀ ਦਰਜ ਹਨ। ਐੱਸ.ਪੀ. ਯੋਗੇਸ਼ ਸ਼ਰਮਾ ਮੁਤਾਬਕ ਮੁੱਢਲੇ ਤੌਰ 'ਤੇ ਇਹ ਗੱਲ ਸਾਹਮਣੇ ਆਈ ਹੈ ਕਿ ਰੋਹਿਤ ਕੁਮਾਰ ਚੀਕੂ, ਸੁਖਪਾਲ ਸਿੰਘ ਅਤੇ ਯਸਰਾਜ ਉਰਫ ਕਾਕਾ ਬਰਾਮਦ ਅਸਲਾ ਮੱਧ ਪ੍ਰਦੇਸ਼ ਤੋਂ ਲੈ ਕੇ ਆਏ। ਉਨ੍ਹਾਂ ਦੱਸਿਆ ਕਿ ਪੁਨੀਤ ਸਿੰਘ ਗੋਲਾ ਨੂੰ 1 ਅਗਸਤ 2024 ਨੂੰ ਪੁਲਸ ਇਨਕਾਊਂਟਰ ਦੌਰਾਨ ਕਾਬੂ ਕੀਤਾ ਗਿਆ ਸੀ। ਉਸ ਨੂੰ ਦੋਬਾਰਾ ਮਿਤੀ 30.8.2024 ਤੋਂ 5.9.2024 ਤੱਕ ਪੁਲਸ ਰਿਮਾਂਡ ਲਿਆ ਕੇ ਪੁੱਛਗਿੱਛ ਕੀਤੀ ਗਈ ਹੈ। ਰੋਹਿਤ ਕੁਮਾਰ ਉਰਫ ਚੀਕੂ, ਸੁਖਪਾਲ ਸਿੰਘ ਅਤੇ ਯਸਰਾਜ ਉਰਫ ਕਾਲਾ ਉਕਤ ਦਾ ਪੁਲਸ ਰਿਮਾਂਡ ਹਾਸਲ ਕਰ ਕੇ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ। ਇਸ ਮੌਕੇ ਡੀ.ਐੱਸ.ਪੀ.ਡੀ. ਗੁਰਦੇਵ ਸਿੰਘ ਧਾਲੀਵਾਲ ਅਤੇ ਸੀ.ਆਈ.ਏ. ਸਟਾਫ ਦੇ ਇੰਚਾਰਜ ਇੰਸਪੈਕਟਰ ਸ਼ਮਿੰਦਰ ਸਿੰਘ ਵੀ ਹਾਜ਼ਰ ਸਨ।

## ਨਸ਼ੇ ਦੇ ਦੈਂਤ ਨੇ ਦੋ ਘਰਾਂ 'ਚ ਵਿਛਾਏ ਸੱਥਰ, ਓਵਰਡੋਜ ਕਾਰਨ 2 ਨੌਜਵਾਨਾਂ ਦੀ ਮੌਤ

ਤਰਨਤਾਰਨ 13 ਸਤੰਬਰ। ਨਸ਼ੇ ਦੀ ਵਰਤੋਂ ਕਰਨ ਨਾਲ ਦੋ ਨੌਜਵਾਨਾਂ ਦੀ ਮੌਤ ਹੋਣ ਦਾ ਮਾਮਲਾ ਸਾਹਮਣੇ ਆਇਆ ਹਨ। ਇਸ ਸਬੰਧੀ ਥਾਣਾ ਸਿਟੀ ਤਰਨਤਾਰਨ ਦੀ ਪੁਲਸ ਨੇ ਕੁੱਲ 4 ਵਿਅਕਤੀਆਂ ਖਿਲਾਫ ਵੱਖ-ਵੱਖ ਮਾਮਲੇ ਦਰਜ ਕਰਦੇ ਹੋਏ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪਰਮਜੀਤ ਸਿੰਘ ਵਾਸੀ ਪਿੰਡ ਜਮਸਤਪੁਰਾ ਨੇ ਪੁਲਸ ਨੂੰ ਦੱਸਿਆ ਕਿ ਉਸ ਦਾ ਮੁੰਡਾ ਹਰਕ੍ਰਿਸ਼ਨ ਸਿੰਘ ਜਿਸ ਦੀ ਉਮਰ 31 ਸਾਲ ਹੈ ਜੋ ਤਰਨਤਾਰਨ ਵਿਖੇ ਪਾਰਸਲ ਡਿਲੀਵਰ ਕਰਨ ਦੀ ਨੌਕਰੀ ਕਰਦਾ ਹੈ। ਬੀਤੇ ਕੱਲ ਉਸ ਨੂੰ ਫੋਨ ਰਾਹੀਂ ਸੂਚਨਾ ਪ੍ਰਾਪਤ ਹੋਈ ਕਿ ਉਸਦੇ ਮੁੰਡੇ ਹਰਕ੍ਰਿਸ਼ਨ ਸਿੰਘ ਦੀ ਸਿਵਲ ਹਸਪਤਾਲ ਤਰਨਤਾਰਨ ਦੇ ਪਿਛਲੇ ਪਾਸੇ ਮੌਜੂਦ ਗਲੀ ਚਰਚ ਵਾਲੀ ਮੁਹੱਲਾ ਨਾਨਕਸਰ ਵਿਖੇ ਮੌਤ ਹੋ ਗਈ ਹੈ। ਮੌਕੇ 'ਤੇ ਜਾ ਕੇ ਵੇਖਿਆ ਤਾਂ ਉਸਦੇ ਬੇਟੇ ਦੀ ਮੌਤ ਹੋ ਚੁੱਕੀ ਸੀ। ਪਰਮਜੀਤ ਸਿੰਘ ਨੇ ਪੁਲਸ ਨੂੰ ਦੱਸਿਆ ਕਿ ਉਸ ਦੇ ਮੁੰਡੇ ਹਰਕ੍ਰਿਸ਼ਨ ਸਿੰਘ ਨੂੰ ਬਿੱਟਾ ਉਰਫ ਚੋਜੀ ਪੁੱਤਰ ਬਖਸ਼ੀਸ਼ ਸਿੰਘ ਅਤੇ ਦੋ ਅਣਪਛਾਤੇ ਵਿਅਕਤੀ ਆਪਣੇ ਨਾਲ ਲੈ ਆਏ ਸਨ, ਜਿਨ੍ਹਾਂ ਵੱਲੋਂ ਉਸ ਦੇ ਬੇਟੇ ਨੂੰ ਨਸ਼ੇ ਵਾਲੀ ਚੀਜ਼ ਜ਼ਿਆਦਾ ਮਾਤਰਾ ਵਿਚ ਦੇ ਦਿੱਤੀ, ਜਿਸ ਨਾਲ ਉਸਦੀ ਹਾਲਤ ਵਿਗੜਨ ਕਰਕੇ ਉਸਦੀ ਮੌਤ ਹੋ ਗਈ। ਇਸ ਤੋਂ ਇਲਾਵਾ ਸਬ ਇੰਸਪੈਕਟਰ ਨਰੇਸ਼ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਨੂੰ ਗੁਪਤ ਸੂਚਨਾ ਪ੍ਰਾਪਤ ਹੋਈ ਸੀ ਕਿ 30-31 ਅਗਸਤ ਦੀ ਦਰਮਿਆਨੀ ਰਾਤ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਰਟੌਲ ਵਿਖੇ ਜੋਬਨਜੀਤ ਸਿੰਘ ਪੁੱਤਰ ਅਮਰਜੀਤ ਸਿੰਘ ਵਾਸੀ ਰਟੌਲ ਦੀ ਨਸ਼ੀਲਾ ਟੀਕਾ ਲੱਗਣ ਕਰਕੇ ਮੌਤ ਹੋਈ ਹੈ। ਉਸ ਦਿਨ ਅਤੇ ਰਾਤ ਜੋਬਨਜੀਤ ਸਿੰਘ ਨਾਲ ਤਿੰਨ ਹੋਰ ਵਿਅਕਤੀ ਮੌਜੂਦ ਸਨ, ਜਿਨ੍ਹਾਂ ਵੱਲੋਂ ਇਕੱਠੇ ਸਕੂਲ ਵਿਚ ਨਸ਼ਾ ਕੀਤਾ ਗਿਆ ਸੀ ਅਤੇ ਇਨ੍ਹਾਂ ਨੇ ਜੋਬਨਜੀਤ ਸਿੰਘ ਦੇ ਟੀਕਾ ਲਗਾਇਆ, ਜਿਸ ਨਾਲ ਉਸਦੀ ਸਿਹਤ ਖਰਾਬ ਹੋ ਗਈ ਅਤੇ ਇਹ ਤਿੰਨੇ ਉਸਨੂੰ ਛੱਡ ਸਰਿੰਜ ਕੱਢ ਕੇ ਮੌਕੇ ਤੋਂ ਫਰਾਰ ਹੋ ਗਏ, ਜਿਸ ਤੋਂ ਬਾਅਦ ਜੋਬਨਜੀਤ ਸਿੰਘ ਦੀ ਮੌਤ ਹੋ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੀ.ਐੱਸ.ਪੀ ਸਿਟੀ ਕਮਲਮੀਤ ਸਿੰਘ ਨੇ ਦੱਸਿਆ ਕਿ ਦੋਵਾਂ ਮਾਮਲਿਆਂ ਵਿਚ ਬਿੱਟਾ ਉਰਫ ਚੋਜੀ ਪੁੱਤਰ ਬਖਸ਼ੀਸ਼ ਸਿੰਘ ਅਤੇ 2 ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਗਿਆ ਹੈ